ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245331/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 5 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੨੩ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

# ਨਹੀਂਓਂ ਭੁੱਲਣਾ ਜੂਨ 84

## 5 ਜੂਨ ਦਾ ਅਭਾਗਾ ਘਟਨਾਕ੍ਰਮ







5 ਜੂਨ 1984 ਦਾ ਦਿਨ ਆਇਆ, ਸਿੱਖ ਇਤਹਾਸ ਦਾ ਇਹ ਨਾਭਾਗਾ ਦਿਨ ਸੀ ਅੱਜ ਫਿਰ ਅਹਮਦ ਸਾਹ ਅਬਦਾਲੀ ਦੀ ਭੈਣ ਇੰਦਰਾ ਗਾਂਧੀ ਨੇ ਦਰਬਾਰ ਸਾਹਿਬ ਓਪਰ ਹਮਲਾ ਕਰਨ ਵਾਸਤੇ ਹਜਾਰਾਂ ਦੀ ਗਿਣਤੀ ਵਿੱਚ ਭਾਰਤੀ ਫੌਜ ਨੂੰ ਭੇਜਿਆ ਹੋਇਆ ਹੈ, ਦਿਨ ਦੇ ਚੜਨ ਸਾਰ ਹੀ ਭਾਰਤੀ ਫੌਜ ਨੇ ਦਰਬਾਰ ਸਾਹਿਬ ਕਾਂਪਲੈਕਸ ਓਤੇ ਗੋਲਾ ਬਾਰੀ ਹੋਰ ਤੇਜ ਕਰ ਦਿੱਤੀ ਜੀਹਦੇ ਨਾਲ ਸੈਂਕੜਿਆਂ ਦੀ ਗਿਣਤੀ ਵਿੱਚ ਸਿੱਖ ਸੰਗਤ ਸਹੀਦੀਆਂ ਪ੍ਰਪਤ ਕਰ ਗਈ, ਜਿੱਥੇ ਭਾਰਤੀ ਫੌਜ ਵਲੋਂ ਗੋਲਾ ਬਾਰੀ ਕੀਤੀ ਜਾ ਰਹੀ ਸੀ ਓਤੇ ਕਲਗੀਧਰ ਦਸਮੇਸ ਪਿਤਾ ਦੇ ਮਰਜੀਵੜੇ ਸਿੰਘ ਭਾਰਤੀ ਫੌਜ ਵਲੋਂ ਕੀਤੀ ਜਾ ਰਹੀ ਫਾਈਰਿੰਗ ਦਾ ਮੂੰਹ ਤੋੜ ਜਵਾਬ ਦੇ ਰਹੇ ਸਨ, ਸਿੰਘਾਂ ਵਲੋਂ ਕੀਤੀ ਫਾਈਰਿੰਗ ਨਾਲ ਭਾਰਤੀ ਫੌਜ ਦੇ ਸੈਂਕੜਿਆਂ ਦੀ ਤਾਦਾਤ ਵਿੱਚ ਫੌਜੀ ਮਾਰੇ ਗਏ ਜੀਹਨਾਂ ਦੀਆਂ ਲਾਸਾਂ ਥਾਂ ਥਾਂ ਪਈਆਂ ਰੁਲ ਰਹੀਆਂ ਨੇ, ਸਰੋਵਰ ਦੇ ਜਲ ਦਾ ਰੰਗ ਵੀ ਲਾਲ ਹੋ ਗਿਆ, ਕਈ ਲਾਸਾਂ ਸਰੋਵਰ ਵਿੱਚ ਤੈਰ ਰਹੀਆਂ ਸਨ, ਓਹ ਫੌਜੀ ਜੀਹਨਾਂ ਦਾ ਨਿਸਾਂਨਾ ਸ੍ਰੀ ਅਕਾਲ ਤਖਤ ਸਾਹਿਬ ਵੱਲ ਗੋਲੇ ਸੁਟਣਾਂ ਹੈ ਜਦੋਂ ਨੇੜੇ ਹੋਣ ਦੀ ਕੋਸਸਿ ਕਰਦੇ ਨੇ ਸਿੰਘਾਂ ਦੀਆਂ ਗੋਲੀਆਂ ਦਾ ਸਕਿਾਰ ਹੋ ਜਾਂਦੇ ਨੇ, ਫਿਰ ਕੋਸਸਿ ਹੂੰਦੀ ਹੈ ਕਿ ਕਿਸੇ ਤਰਾਂ ਰਿੜਕੇ ਓਕਾਲ ਤਖਤ ਸਾਹਿਬ ਦੇ ਨੇੜੇ ਪਹੁੰਚਿਆ ਜਾਵੇ ਪਰ ਫਰਸ ਓਪਰ ਫਿੱਟ ਮਸੀਨ ਗੰਨ ਨਾਲ ਓਹ ਭੁੰਨ ਕੇ ਓਡਾ ਦਿੱਤੇ ਜਾਂਦੇ ਨੇ !

ਇੱਧਰ ਕੇ ਐਸ ਬਰਾੜ ਇਹ ਸੋਚਦਾ ਕਿ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਆਪਿਨਆਂ ਸਾਥੀਆਂ ਸਮੇਤ ਸਰੋਵਰ ਵਿੱਚ ਕਿਧਰੇ ਲੁਕੇ ਹੋਏ ਹੋ ਸਕਦੇ ਨੇ, ਇੱਹਨੇ ਆਪਣੇ 20 ਤੋਂ 25 ਗੋਤਾਖੋਰ ਫੌਜੀਆਂ ਨੂੰ ਸਰੋਵਰ ਵਿੱਚ ਓਤਾਰ ਦਿੱਤਾ, ਪਰ ਗੁਰੂ ਕੇ ਖਾਲਸੇ ਦੀ ਬਾਜ ਅੱਖ ਤੋਂ ਇੱਹ ਬਚ ਨਾ ਸਕੇ ਗੁਰੂ ਕੇ ਸਿੰਘਾਂ ਨੇ ਸਾਰਿਆਂ ਨੂੰ ਗੋਲੀਆਂ ਨਾਲ ਭੁੰਨ ਕੇ ਖਤਮ ਕਰ ਦਿੱਤਾ, ਹੁਣ ਕੇ ਐਸ ਬਰਾੜ ਗੱਸੇ ਨਾਲ ਸੜ ਬੱਲ ਗਿਆ ਗੁੱਸੇ ਵਿੱਚ ਆਏ ਇੱਸ ਸੈਤਾਨ ਨੇ ਸਰੋਵਰ ਵਿੱਚ ਗਹਿਰ ਮਿਲਾ ਦਿੱਤਾ, ਇੱਕ ਸਿੱਖ ਬੀਬਿ ਜਿਸਦੇ ਬੱਚਾ ਹੋਣ ਵਾਲਾ ਹੈ ਪਿਆਸ ਵਿੱਚ ਪਈ ਤੜਫਦੀ ਹੈ ਇੱਕ ਸਿੱਖ ਨੌਜਵਾਨ ਵਰਦੀਆਂ ਗੋਲੀਆਂ ਵਿੱਚ ਪਾਣੀ ਦੀ ਬਾਲਟੀ ਸਰੋਵਰ ਵਿੱਚੋਂ ਭਰਕੇ ਲੈਕੇ ਗਿਆ, ਪਾਣੀ ਦਾ ਘੁੱਟ ਓਸ ਸਿੱਖ ਬੀਬੀ ਦੇ ਮੂੰਹ ਵਿੱਚ ਪਇਆ ਪਾਣੀ ਦਾ ਘੁੱਟ ਮੂੰਹ ਵਿੱਚ ਪੈਂਦੇ ਸਾਰ ਓਹ ਸਿੱਖ ਬੀਬੀ ਆਪਣੇ ਹੋਣ ਵਾਲੇ ਬੱਚੇ ਸਮੇਤ ਦਮ ਤੋੜ ਗਈ, ਇੱਕ ਸਿੱਖ ਨੌਜਵਾਨ ਨੇ ਓਹੀ ਪਾਣੀ ਜਦੋਂ ਆਪਣੇ ਮੂੰਹ ਵਿੱਚ ਪਇਆ ਤਾਂ ਓਸ ਦੇ ਵੀ ਪ੍ਰਾਂਣ ਪਖੇਰੂ ਓਡ ਗਏ !ਜਦੋਂ ਸਾਰਿਆਂ ਨੇ ਸਰੋਵਰ ਵੱਲ ਧਿਆਨ ਮਾਰਿਆ ਸਰੋਵਰ ਵਿੱਚ ਪਾਣੀ ਓਪਰ ਮਰੀਆਂ ਹੋਈਆਂ ਮੱਛੀਆਂ ਤੇਰਦੀਆ ਪਈਆਂ ਨੇ ਪਤਾ ਲੱਗ ਗਿਆ ਸਭਨੂੰ ਕਿ ਸਰੋਵਰ ਵਿੱਚ ਵੀ ਜਹਿਰ ਮਿਲਾ ਦਿੱਤਾ ਗਿਆ ਹੈ, ਸਿੱਖ ਸੰਗਤਾਂ ਦੇ ਪੀਣ ਵਾਸਤੇ ਕਿਤੇ ਪਾਣੀ ਨਹੀ ਹੈ, ਸਿੱਖ ਸੰਗਤ ਪਿਆਸ ਵਿੱਚ ਤੜਫਦੀ ਹੈ, ਗੰਦਾ ਮੰਦਾ ਟੋਇਆਂ ਨਾਲੀਆਂ ਵਿੱਚ ਭਰਿਆ ਪਾਣੀ ਪੀ ਕੇ ਸਿਖ ਸੰਗਤਾਂ ਗੁਜਾਰਾ ਕਰ ਰਹੀਆਂ ਨੇ, ਬੱਚਿਆਂ ਅਤੇ ਬੁਜੁਰਗਾਂ ਦੀ ਹਾਲਤ ਤਾਂ ਬਹੁਤ ਹੀ ਤਰਸਯੋਗ ਹੋ ਗਈ, ਕਈ ਬੁਜੁਰਗਾਂ ਨੇ ਪਿਆਸ ਅਤੇ ਗਰਮੀ ਦੇ ਕਾਰਣ ਦਮ ਤੋੜ ਦਿੱਤਾ, ਕਈ ਬੱਚਿਆਂ ਨੇ ਭੁੱਖ ਪਿਆਸ, ਗੋਲਿਆਂ ਦੀ ਧਮਕ, ਲੋਹੜੇ ਦੀ ਗਰਮੀ ਅਤੇ ਜਗਾਹ ਜਗਾਹ ਪਈਆਂ ਲਾਸਾਂ ਚੋਂ ਆ ਰਹੀ ਸੜਿਆਂਦ ਕਾਰਣ ਮਾਵਾਂ ਦੇ ਹੱਥਾਂ ਵਿੱਚ ਹੀ ਦਮ ਤੋੜ ਦਿੱਤਾ ! ਇਸੇ ਰਾਤ ਸਰਾਂ ਦੇ 61 ਨੰਬਰ ਕਮਰੇ ਵਿੱਚ 60 ਸਿੱਖਾਂ ਨੂੰ ਭਾਰਤੀ ਫੌਜ ਵਲੋਂ ਬੰਦ ਕਰ ਦਿੱਤਾ ਗਿਆ, ਚਾਰੇ ਪਾਸੇ ਅੱਗ ਦਿ ਤਰਾਂ ਗੋਲਿਆਂ ਦੀ ਬਰਸਾਤ ਹੋ ਰਹੀ ਹੈ ਇਹ ਕਮਰਾ ਜੋ ਭੱਠ ਵਾਂਗ ਤਪਦਾ ਪਿਆ ਹੈ ਭੁਖੇ ਪਿਆਸੇ 60 ਗੁਰੂ ਕੇ ਸਿੱਖ ਜਿਨਾਂ ਵਿੱਚੋਂ ਕਿਸੇ ਨੇ ਜੇ ਕਿਸੇ ਫੌਜੀ ਕੋਲੋਂ ਪਾਣੀ ਦੀ ਮੰਗ ਕੀਤੀ ਤਾਂ ਅੱਗੋ ਓਸ ਫੌਜੀ ਦਾ ਜਵਾਬ ਸੀ ਬਾਹਰ ਕੇਵਲ ਮਸੀਨ ਗੰਨ ਦੀਆਂ ਗੀਆਂ ਨੇ ਪਾਣੀ ਤਾਂ ਤੁਹਾਡੇ ਭਿੰਡਰਾਂਵਾਲੇ ਨੂੰ ਪਿਆਇਆ ਜਾ ਰਿਹਾ ਹੈ ! ਸਾਰੀ ਰਾਤ ਇਹ ਗੁਰੂ ਕੇ ਲਾਲ ਇੱਸ ਕਮਰੇ ਵਿੱਚ ਕੈਦ ਰੱਖੇ ਗਏ ਜਦੋਂ ਸਵੇਰੇ ਕਮਰਾ ਖੋਲਿਆ ਗਿਆ 60 ਵਿਚੋਂ 55 ਖਤਮ ਹੋ ਚੁਕੇ ਨੇ ਤੇ ਬਾਕੀ 5 ਬੇਹੋਸ ਪਏ ਨੇ ! ਸਾਮ ਦਾ ਵਕਤ ਘਮਾਸਾਂਨ ਜੰਗ ਹੋ ਰਹੀ ਹੈ, ਇਧਰ ਕੇ ਐਸ ਬਰਾੜ ਨੇ 60 ਕਮਾਂਡੋ ਸ੍ਰੀ ਅਕਾਲ ਤਖਤ ਸਾਹਿਬ ਵਲਨੂੰ ਭੇਜੇ ਪਹਿਲੇ ਹੱਲੇ ਹੀ ਗੁਰੂ ਕੇ ਸਿੰਘਾਂ ਨੇ 59 ਨੂੰ ਓੜਾ ਦਿੱਤਾ ! ਜਨਰਲ ਕੇ ਐਸ ਬਰਾੜ ਕੰਬ ਗਿਆ, ਓਹ ਬਰਾੜ ਜਿਹੜਾ 30 ਮਈ ਨੂੰ ਚੰਡੀਗੜ ਵਿਖੇ ਹੋਈ ਮੀਟਿੰਗ ਵਿੱਚ ਛਾਤੀ ਠੋਕ ਕੇ ਕਹਿੰਦਾ ਸੀ ਕਿ ਮੈ ਦੋਆਂ ਘੰਟਿਆਂ ਵਿੱਚ ਭਿੰਡਰਾਂਵਾਲੇ ਦੇ ਗੋਡੇ ਟਿਕਾ ਦੇਵਾਂਗਾ, ਤੇ ਜਦੋਂ ਕਿਸੇ ਨੇ ਕਿਹਾ ਕਿ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਐਨੀ ਛੇਤੀ ਹਾਰ ਮੰਨਣ ਵਲਿਆਂ ਵਿੱਚੋਂ ਨਹੀ ਤਾਂ ਬਰਾੜ ਦੇ ਬੋਲ ਸਨ ਕਿ ਜਦੋਂ ਤੋਪਾਂ ਦੇ ਗੋਲੇ ਚਲਦੇ ਨੇ ਓਦੋਂ ਵੱਡੇ ਵੱਡੇ ਜਰਨੈਲਾਂ ਦੇ ਗੋਡੇ ਟਿਕ ਜਾਂਦੇ ਨੇ ਇਹ ਭਿੰਡਰਾਂਵਾਲਾ ਕੀ ਚੀਜ ਹੈ, ਅੱਜ ਛੇਵੇਂ ਦਿਨ ਵੀ ਸੰਤ ਬਾਬਾ ਜਰਨੈਲ ਸਿੰਘ ਹੋਰਾਂ ਨੂੰ ਭੋਰਾ ਵੀ ਡੁਲਾ ਨਾ ਸਕਿਆ! ਹੁਣ ਬਰਾੜ ਸੋਚਦਾ ਕਿ ਮੈ ਅੱਜ ਤਕ ਸਿਰਫ ਤੇ ਅਪਣੀ ਹੀ ਫੌਜ ਮਰਵਾਈ ਹੈ, ਮੈ ਸਰਕਾਰ ਨੂੰ ਕਹਿ ਕਿ ਆਇਆਂ ਸਾਂ ਕਿ ਦੋ ਘੰਟਿਆਂ ਵਿੱਚ ਭਿੰਡਰਾਂ ਵਾਲੇ ਨੂੰ ਫੜ ਲਵਾਂਗਾ ਅੱਜ ਪੰਜਵਾਂ ਦਿਨ ਹੈ ਅਜੇ ਤਕ ਭਿੰਡਰਾਂ ਵਾਲਾ ਫੜਿਆ ਨਹੀ ਗਿਆ ਤੇ ਸਵੇਰੇ ਮੇਰੀ ਅਸਫਲਤਾ ਜੱਗ ਜਾਹਿਰ ਹੋ ਜਾਵੇਗੀ ਮੈ ਸਰਕਾਰ ਨੂੰ ਕੀ ਮੂੰਹ ਦਿਖਾਵਾਂਗਾ ਸੋ ਇਸ ਪਾਪੀ ਨੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਤੋਪਾਂ ਨਾਲ ਓਡਾਂਓਣ ਦਾ ਫੈਸਲਾ ਕਰ ਲਿਆ ! 5 ਜੂਨ ਦੀ ਰਾਤ 11ਵਜਕੇ 55 ਮਿੰਨਟ ਤੇ ਦਰਬਾਰ ਸਾਹਿਬ ਕੰਪਲੈਕਸ ਦੇ ਅੰਦਰ ਇੱਕ ਤੇਜ ਰੋਸਨੀ ਹੋਈ ਜਿਸਦਾ ਪ੍ਰਕਾਸ ਇਤਨਾ ਤੇਜ ਸੀ ਕਿ ਇੱਕ ਦਮ ਅੱਖਾਂ ਧੁੰਦਲਾ ਗਈਆਂ, ਇਸ ਤੇਜ ਰੋਸਨੀ ਵਿੱਚ ਇਸ ਤਰਾਂ ਲਗਿਆ ਜਿਵੇਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਅੰਦਰ ਆ ਰਹੀਆਂ ਹੋਣ ਜੋ ਦਰਬਾਰ ਸਾਹਿਬ ਕੰਪਲੈਕਸ ਵਿੱਚ ਲੱਗੀ ਹੋਈ ਅੱਗ ਨੂੰ ਬੁਝੌਣ ਲਈ ਬੁਲਾਈਆਂ ਗਈਆਂ ਹੋਣ ਪਰ ਵਾਸਤਵ ਵਿੱਚ ਐਸਾ ਕੁਜ ਵੀ ਨਹੀ ਸੀ ਇਹ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨਹੀਂ ਇਹ ਤਾਂ ਭਾਰਤੀ ਫੌਜ ਦੇ ਟੈਂਕ ਸਨ ਜੋ ਦਿੱਲੀ ਦੀ ਜਾਲਮ ਹਕੂਮਤ ਨੇ ਸਿੱਖਾਂ ਦੀ ਸਰਵ ਓਚ ਅਦਾਲਤ ਸ੍ਰੀ ਅਕਾਲ ਤਖਤ ਸਾਹਿਬ ਨੂੰ ਓਡਾਓਣ ਵਾਸਤੇ ਭੇਜੇ ਸਨ !

(ਬਾਕੀ ਕੱਲ੍ਹ)



## ਘੱਲੂਘਾਰਾ ਜੂਨ 1984 ਦੇ ਸ਼ਹੀਦਾਂ ਦੀ ਯਾਦ ’ਚ

## ‘ਆਵਾਜ਼ਿ ਕੌਮ’ ਵੱਲੋਂ

## ਵਿਸ਼ੇਸ਼ ਅੰਕ 6 ਜੂਨ ਨੂੰ

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਭਾਈ ਅਮਰੀਕ ਸਿੰਘ, ਜਨਰਲ ਸ਼ਬੇਗ ਸਿੰਘ, ਬਾਬਾ ਠਾਰਾ ਸਿੰਘ ਅਤੇ ਹੋਰ ਸ਼ਹੀਦ ਸਿੰਘਾਂ ਦੀ ਯਾਦ ’ਚ ‘ਅਦਾਰਾ ਆਵਾਜ਼ਿ ਕੌਮ’ ਵੱਲੋਂ 6 ਜੂਨ ਨੂੰ ਵਿਸ਼ੇਸ਼ ਅੰਕ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਸਮੂਹ ਪੰਥਕ ਜਥੇਬੰਦੀਆਂ, ਧਾਰਮਿਕ ਸੰਸਥਾਵਾਂ ਅਤੇ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਸਮੂਹ ਸ਼ਹੀਦ ਸਿੰਘਾਂ ਨੂੰ ਸ਼ਰਧਾਂਜਲੀ ਪ੍ਰਗਟ ਕਰਨ ਇਸ਼ਤਿਹਾਰ ਅਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਹੇਠ ਲਿਖੇ ਮੋਬਾਈਲ ਨੰਬਰ ’ਤੇ ਸੰਪਰਕ ਕੀਤਾ ਜਾ ਸਕਦਾ ਹੈ।

ਮੋ. : **+44 7976 210161**

(ਭਾਈ ਰਘਵੀਰ ਸਿੰਘ ਵਾਲਸਾਲ)

**ਮੁੱਖ ਸੰਪਾਦਕ, ਆਵਾਜ਼ਿ ਕੌਮ (ਯੂ. ਕੇ.) ਇੰਗਲੈਂਡ**





# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।


*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net


ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ / ਕਿਰਤ ਕਰੋ / ਵੰਡ ਛੱਕੋ — Naam Japo / Kirat Karo / Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

**Important Note:** The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ


## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ ॥

# ਅੰਮ੍ਰਿਤ ਸੰਚਾਰ

☛ ਦਿਨ ਸ਼ਨਿੱਚਰਵਾਰ 14 ਜੂਨ 2025 ☛ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ।



ਕੱਕਾਰ ਗੁਰਦੁਆਰਾ ਸਾਹਿਬ ਵੱਲੋਂ ਭੇਟਾ ਰਹਿਤ ਮਿਲਣਗੇ

ਸਮਾਂ ਦੁਪਹਿਰ 12 :00 ਵਜੇ ਅੰਮ੍ਰਿਤ ਅਭਿਲਾਖੀ ਨੇ ਗੁਰਦੁਵਾਰਾ ਸਾਹਿਬ ਪਹੁੰਚਣ ਦੀ ਕੋਸ਼ਿਸ਼ ਕਰਨੀ

☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# GURDWARA BABA SANG JI SMETHWICK, BIRMINGHAM

# 6TH - 8TH JUNE




**Naujawan Sewak Sabha Birmingham UK**

## COMMEMORATING THE SHAHEEDI DIVAS OF DHAN DHAN SRI GURU ARJAN DEV MAHARAJ JI AND ALL SHAHEEDS OF JUNE 1984

Arambh Sri Akhand Path Sahib : **Friday 6th June 2025 (11AM)**

Bhog Sri Akhand Path Sahib : **Sunday 8th June 2025 (10AM)**

# ਮਹਾਨ ਅੰਮ੍ਰਿਤ ਸੰਚਾਰ



## MAHAAN AMRIT SANCHAR



**Sunday 8th June 2025 (12PM)**

ਆਵਾਜ਼ਿ ਕੌਮ AWAZE QAUM International Newspaper & WEB TV

**Kakaars will be provided by**

**GURDWARA BABA SANG JI SMETHWICK, BIRMINGHAM**

7-9 St Paul's Rd, Smethwick B66 1EE

**For more information contact:** Devinder Singh: **07452 765165** Manjinder Singh: **07848460728**


Design & Printed by Star Signs & Displays - 0121 572 0909

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਜੂਨ 1984 ਦੇ ਘੱਲੂਘਾਰੇ ਨੂੰ ਸਮਰਪਿਤ ਸਮਾਗਮ



ਦਮਦਮੀ ਟਕਸਾਲ ਦੇ 14ਵੇਂ ਮੁਖੀ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਭਾਈ ਅਮਰੀਕ ਸਿੰਘ ਜੀ ਖਾਲਸਾ, ਜਰਨਲ ਸਰਦਾਰ ਸੁਬੇਗ ਸਿੰਘ ਜੀ ਅਤੇ ਬਾਬਾ ਠਾਹਰਾ ਸਿੰਘ ਜੀ ਦੀਆਂ ਸ਼ਹੀਦੀਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਅਤੇ ਇਹ ਸਮਾਗਮ 75 ਵੀਂ ਸਲਾਨਾ ਬਰਸੀ ਸ਼੍ਰੀਮਾਨ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਨੂੰ ਵੀ ਸਮਰਪਿਤ ਹੋਣਗੇ।

☛ ਤਿੰਨੋਂ ਦਿਨ ਸ੍ਰੀ ਅਖੰਡ ਪਾਠ ਸਾਹਿਬ ਜੀ ਸਿੱਖ ਚੈਨਲ ਯੂ ਕੇ ਤੇ ਲਾਈਵ ਟੈਲੀਕਾਸਟ ਹੋਵੇਗਾ। ☛ ਸ਼ੁੱਕਰਵਾਰ 6 ਜੂਨ 2025 ਨੂੰ 9:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ 5 ਤੋ 8 ਸ਼ਾਮ ਨੂੰ ਦੀਵਾਨ ਵੀ ਸਜਣਗੇ

☛ 8 ਜੂਨ ਐਤਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ ☛ ਸ਼ਨਿੱਚਰਵਾਰ 7 ਜੂਨ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ। ☛ ਐਤਵਾਰ 8 ਜੂਨ 6:00 ਵਜੇ ਸਵੇਰੇ ਚੁਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਅਤੇ ਸਮੇਤ ਸੁਖਮਨੀ ਸਾਹਿਬ ਦੇ 9: 00 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਅਤੇ ਰਾਗੀ ਸਿੰਘ ਕੀਰਤਨ ਰਾਹੀਂ, ਗੁਰਬਾਣੀ ਕਥਾ, ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260


☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



੪੧ਵਾਂ
ਸ਼ਹੀਦੀ ਸਮਾਗਮ
6 ਜੂਨ ਨੂੰ
LIVE ON
ਮਹਿਤੇ ਪੁੱਜੋ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ
ਪ੍ਰਧਾਨ ਗੁਰਮਤਿ ਸਿਧਾਂਤ ਪ੍ਰਚਾਰਕ ਸੰਤ ਸਮਾਜ
ਵੱਲੋਂ: ਫੀਲਡ ਪੱਤਰਕਾਰ ਐਸੋਸੀਏਸ਼ਨ, ਬਾਬਾ ਬਕਾਲਾ ਸਾਹਿਬ, ਸਰਕਲ ਮਹਿਤਾ।




41 ਵਾਂ
ਸ਼ਹੀਦੀ ਸਮਾਗਮ
6 ਜੂਨ ਨੂੰ ਮਹਿਤੇ ਪੁੱਜੋ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ
ਪ੍ਰਧਾਨ ਗੁਰਮਤਿ ਸਿਧਾਂਤ ਪ੍ਰਚਾਰਕ ਸੰਤ ਸਮਾਜ
ਵੱਲੋਂ: ਬਾਬਾ ਸੁਖਵੰਤ ਸਿੰਘ ਚੰਨਣਕੇ ਅਤੇ ਸ੍ਰ. ਮੇਜਰ ਸਿੰਘ ਸਹੋਤਾ (ਸਾ.ਸਰਪੰਚ)



# 1 ਜੂਨ ਤੋਂ 6 ਜੂਨ 1984 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਵਾਪਰੇ ਘੱਲੂਘਾਰੇ 'ਚ ਸ਼ਹੀਦ ਹੋਏ ਸਿੰਘ-ਸਿੰਘਣੀਆਂ ਦੀ ਸ਼ਹਾਦਤ ਨੂੰ

# ਕੋਟਿ-ਕੋਟਿ ਪ੍ਰਣਾਮ



ਗਿਆਨੀ ਸੋਹਣ ਸਿੰਘ ਜੀ
ਸਾਬਕਾ ਹੈਡ ਗ੍ਰੰਥੀ ਦਮਦਮੀ ਟਕਸਾਲ



ਗਿਆਨੀ ਗੁਰਦੀਪ ਸਿੰਘ ਜੀ
'ਸੰਤ' ਸਾਬਕਾ ਹੈਡ ਗ੍ਰੰਥੀ ਦਮਦਮੀ ਟਕਸਾਲ



ਰਾਗੀ ਗੁਰਸ਼ਰਨ ਸਿੰਘ ਜੀ



ਭਾਈ ਜਸਬੀਰ ਸਿੰਘ ਜੀ 'ਅਰਿਫ਼ਕੇ'



ਭਾਈ ਦਵਿੰਦਰ ਸਿੰਘ ਜੀ
'ਲਾਡੀ' (ਡਰਾਈਵਰ)



ਭਾਈ ਗੁਰਰਾਜ ਸਿੰਘ ਜੀ

---✶ ਵੱਲੋਂ ✶---

# ਵਿਦਿਆਰਥੀ ਦਮਦਮੀ ਟਕਸਾਲ

## (ਜੱਥਾ ਭਿੰਡਰਾਂ), ਮਹਿਤਾ

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 5 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੨੩ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸ੍ਰੀ ਅਕਾਲ ਤਖ਼ਤ ਦੇ ਸਾਹਮਣੇ ਲੱਗਿਆ ਇਮਲੀ ਦਾ ਨਵਾਂ ਬੂਟਾ, ਇੱਥੇ ਹੀ ਲੱਗੀ ਸੀ ਮਹਾਰਾਜਾ ਰਣਜੀਤ ਸਿੰਘ ਨੂੰ ਤਨਖ਼ਾਹ

**ਅੰਮ੍ਰਿਤਸਰ, 4 ਜੂਨ (ਆਵਾਜ਼ਿ ਕੌਮ ਬਿਊਰੋ)**-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਹਮਣੇ ਮੁੜ ਇਮਲੀ ਦਾ ਨਵਾਂ ਬੂਟਾ ਲਾਇਆ ਗਿਆ ਹੈ। ਇਸ ਜਗ੍ਹਾ 'ਤੇ ਇਮਲੀ ਦਾ ਇਤਿਹਾਸਕ ਦਰੱਖਤ ਸੀ, ਜਿੱਥੇ ਮਹਾਰਾਜਾ ਰਣਜੀਤ ਸਿੰਘ ਨੂੰ ਬੰਨ੍ਹ ਕੇ ਅਕਾਲ ਤਖ਼ਤ ਤੋਂ ਤਨਖਾਹ ਲਾਈ ਗਈ ਸੀ। ਜੂਨ 1984 ਵਿਚ 'ਆਪ੍ਰੇਸ਼ਨ ਬਲੂਸਟਾਰ' ਵੇਲੇ ਇਹ ਦਰੱਖਤ ਵੀ ਨੁਕਸਾਨਿਆ ਗਿਆ ਸੀ। ਦੱਸ ਦਈਏ ਕਿ 2005 ਵਿਚ ਵੀ ਇਸ ਜਗ੍ਹਾ 'ਤੇ ਇਮਲੀ ਦਾ ਬੂਟਾ ਲਗਾਇਆ ਗਿਆ ਸੀ, ਜੋ ਬੂਟਾ ਪਲ਼ ਵੀ ਗਿਆ ਸੀ ਪਰ ਅਚਾਨਕ ਹੀ ਉਹ ਖ਼ਰਾਬ ਹੋ ਗਿਆ ਤੇ ਸੜ ਗਿਆ। ਹੁਣ ਪੰਜਾਬ ਖੇਤੀ ਯੂਨੀਵਰਸਿਟੀ ਦੇ ਮਾਹਿਰਾਂ ਦੀ ਮਦਦ ਨਾਲ ਇੱਥੋਂ ਦੇ ਵਾਤਾਵਰਨ ਦੇ ਅਨੁਕੂਲ ਰਹਿਣ ਵਾਲਾ ਨਵਾਂ ਬੂਟਾ ਲਾਇਆ ਗਿਆ ਹੈ। ਇਸ ਨੂੰ ਲਾਉਣ ਤੋਂ ਪਹਿਲਾਂ ਮਿੱਟੀ ਦਾ ਟਰੀਟਮੈਂਟ ਕੀਤਾ ਗਿਆ ਹੈ ਅਤੇ ਮਿੱਟੀ ਬਦਲੀ ਵੀ ਗਈ ਹੈ। ਖੇਤੀ ਮਾਹਿਰਾਂ ਮੁਤਾਬਕ ਜੋ ਪਹਿਲਾਂ ਇੱਥੇ ਇਮਲੀ ਦਾ ਬੂਟਾ ਲਾਇਆ ਗਿਆ ਸੀ, ਉਹ ਵਾਤਾਵਰਨ ਦੇ ਅਨੁਕੂਲ ਨਹੀਂ ਸੀ, ਜਿਸ ਕਾਰਨ ਉਹ ਮਰ ਗਿਆ। ਜ਼ਿਕਰਯੋਗ ਹੈ ਕਿ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿਚ ਲੱਗੀਆਂ ਪੁਰਾਤਨ ਬੇਰੀਆਂ ਦੀ ਸਾਂਭ ਸੰਭਾਲ ਵੀ ਪੰਜਾਬ ਖੇਤੀ ਯੂਨੀਵਰਸਿਟੀ ਤੇ ਮਾਹਿਰ ਵਿਗਿਆਨੀਆਂ ਵੱਲੋਂ ਕੀਤੀ ਜਾ ਰਹੀ ਹੈ। ਇਕ ਵਿਸ਼ੇਸ਼ ਟੀਮ ਸਾਲ ਵਿਚ ਦੋ ਵਾਰ ਇੱਥੇ ਪੁਰਾਤਨ ਬੇਰੀਆਂ ਦੀ ਸਾਂਭ ਸੰਭਾਲ ਲਈ ਦੌਰਾ ਕਰਦੀ ਹੈ ਤੇ ਲੋੜ ਮੁਤਾਬਕ ਸਾਂਭ-ਸੰਭਾਲ ਲਈ ਜੋ ਵੀ ਟਰੀਟਮੈਂਟ ਦੀ ਲੋੜ ਹੁੰਦੀ ਹੈ, ਉਹ ਕੀਤਾ

## ਜਯੋਤੀ ਮਲਹੋਤਰਾ ਤੋਂ ਬਾਅਦ

# ਪੰਜਾਬ 'ਚ ਇੱਕ ਹੋਰ ਯੂਟਿਊਬਰ ਜਾਸੂਸੀ ਦੇ ਆਰੋਪ ਵਿੱਚ ਗ੍ਰਿਫ਼ਤਾਰ

**ਮੋਹਾਲੀ, 4 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਨੇ ਪਿਛਲੇ 24 ਘੰਟਿਆਂ ਵਿੱਚ ਦੂਜੀ ਵੱਡੀ ਕਾਰਵਾਈ ਵਿੱਚ ਇੱਕ ਹੋਰ ਪਾਕਿਸਤਾਨੀ ਜਾਸੂਸ ਨੂੰ ਗ੍ਰਿਫ਼ਤਾਰ ਕੀਤਾ ਹੈ। ਆਰੋਪੀ ਇੱਕ ਯੂਟਿਊਬਰ ਹੈ। ਗ੍ਰਿਫ਼ਤਾਰੀ ਬਾਰੇ ਜਾਣਕਾਰੀ ਦਿੰਦੇ ਹੋਏ ਪੰਜਾਬ ਦੇ ਡੀਜੀਪੀ ਨੇ ਕਿਹਾ ਕਿ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਨੇ ਰੂਪਨਗਰ ਦੇ ਪਿੰਡ ਮਹਾਲ ਦੇ ਵਸਨੀਕ ਜਸਬੀਰ ਸਿੰਘ ਨੂੰ ਮੋਹਾਲੀ ਤੋਂ ਗ੍ਰਿਫ਼ਤਾਰ ਕੀਤਾ ਹੈ। ਜਸਬੀਰ ਸਿੰਘ ਯੂਟਿਊਬ 'ਤੇ ਜਾਨ ਮਹਿਲ ਨਾਮ ਦਾ ਇੱਕ ਚੈਨਲ ਚਲਾਉਂਦਾ ਹੈ। ਉਸਦਾ ਸਬੰਧ ਪੀਆਈਓ ਸ਼ਾਕਿਰ ਉਰਫ਼ ਜੱਟ ਰੰਧਾਵਾ ਨਾਲ ਸਾਹਮਣੇ ਆਇਆ ਹੈ। ਆਰੋਪੀ ਇੱਕ ਅੱਤਵਾਦੀ-ਸਮਰਥਿਤ ਜਾਸੂਸੀ ਨੈੱਟਵਰਕ ਦਾ ਹਿੱਸਾ ਹੈ। ਉਸਨੇ ਯੂਟਿਊਬਰ ਜਯੋਤੀ ਮਲਹੋਤਰਾ (ਜਾਸੂਸੀ ਲਈ ਗ੍ਰਿਫ਼ਤਾਰ) ਅਤੇ ਹਰਿਆਣਾ ਵਿੱਚ ਮੌਜੂਦ ਪਾਕਿਸਤਾਨੀ ਨਾਗਰਿਕ ਅਤੇ ਪਾਕਿ ਹਾਈ ਕਮਿਸ਼ਨ ਦੇ ਅਧਿਕਾਰੀ ਅਹਿਸਾਨ-



ਉਰ-ਰਹੀਮ ਉਰਫ਼ ਦਾਨਿਸ਼ ਨਾਲ ਵੀ ਸੰਪਰਕ ਬਣਾਈ ਰੱਖਿਆ ਸੀ। ਪੁਲਿਸ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ, ਹਾਲ ਹੀ ਵਿੱਚ ਹਰਿਆਣਾ ਦੇ ਹਿਸਾਰ ਤੋਂ ਗ੍ਰਿਫ਼ਤਾਰ ਜਯੋਤੀ ਮਲਹੋਤਰਾ ਤੋਂ ਪੁੱਛਗਿੱਛ ਦੌਰਾਨ ਮੁਲਜ਼ਮ ਜਸਵੀਰ ਦਾ ਨਾਮ ਸਾਹਮਣੇ ਆਇਆ ਸੀ। ਇਹ ਆਰੋਪੀ ਜਯੋਤੀ ਮਲਹੋਤਰਾ ਨਾਲ ਜੁੜਿਆ ਹੋਇਆ ਸੀ। ਉਨ੍ਹਾਂ ਨੇ ਕਈ ਵਾਰ ਇੱਕ ਦੂਜੇ ਨਾਲ ਗੱਲ ਵੀ ਕੀਤੀ ਹੈ। ਇਸ ਦੇ ਨਾਲ ਹੀ ਦੱਸਿਆ ਜਾ ਰਿਹਾ ਹੈ ਕਿ ਜੋਤੀ ਮਲਹੋਤਰਾ ਰਾਹੀਂ ਆਰੋਪੀ ਜਸਵੀਰ ਪਾਕਿਸਤਾਨ ਤੋਂ ਕੱਢੇ ਗਏ ਪਾਕਿਸਤਾਨੀ ਹਾਈ ਕਮਿਸ਼ਨ ਦੇ ਅਧਿਕਾਰੀ ਅਹਿਸਾਨ ਉਰ ਰਹੀਮ ਉਰਫ਼ ਦਾਨਿਸ਼ ਦੇ ਸੰਪਰਕ ਵਿੱਚ ਆਇਆ ਸੀ। ਮੁੱਢਲੀ ਜਾਂਚ ਵਿੱਚ ਪੁਲਿਸ ਨੂੰ ਦੋਸ਼ੀ ਦੇ ਮੋਬਾਈਲ ਤੋਂ ਕੁਝ ਇਤਰਾਜ਼ਯੋਗ ਫੋਟੋਆਂ ਅਤੇ ਵੀਡੀਓ ਮਿਲੇ ਹਨ। ਇਸ ਦੇ ਨਾਲ ਹੀ ਉਸਦੇ ਫੋਨ ਵਿੱਚੋਂ ਕੁਝ ਪਾਕਿਸਤਾਨੀ ਖੁਫੀਆ ਏਜੰਸੀ ਦੇ ਲੋਕਾਂ ਦੇ ਨੰਬਰ ਵੀ ਮਿਲੇ ਹਨ। ਉਸਨੇ ਇਹ ਨੰਬਰ ਵੱਖ-ਵੱਖ ਨਾਵਾਂ ਹੇਠ ਸੇਵ ਕੀਤੇ ਸਨ। ਪਾਕਿਸਤਾਨ ਲਈ ਜਾਸੂਸੀ ਕਰਨ ਦੇ ਇਲਜ਼ਾਮਾਂ ਹੇਠ ਰੂਪਨਗਰ ਤੋਂ ਗ੍ਰਿਫ਼ਤਾਰ ਕੀਤੇ ਗਏ ਯੂ-ਟਿਊਬਰ ਜਸਬੀਰ ਸਿੰਘ ਨੂੰ ਅੱਜ ਸਟੇਟ ਸਪੈਸ਼ਲ ਸੈੱਲ ਵਲੋਂ ਮੁਹਾਲੀ ਅਦਾਲਤ ਵਿਖੇ ਪੇਸ਼ ਕੀਤਾ ਗਿਆ। ਇਸ ਮੌਕੇ ਪੁਲਿਸ ਅਧਿਕਾਰੀਆਂ ਵਲੋਂ ਉਸ ਦਾ 7 ਦਿਨਾਂ ਦਾ ਰਿਮਾਂਡ ਮੰਗਿਆ ਗਿਆ, ਜਿਸ 'ਤੇ ਅਦਾਲਤ ਨੇ ਤਿੰਨਾਂ ਦੇ ਪੁਲਿਸ ਰਿਮਾਂਡ 'ਤੇ ਉਸ ਨੂੰ ਭੇਜ ਦਿੱਤਾ ਹੈ।

## ਈਰਾਨ 'ਚ ਅਗਵਾ ਕੀਤੇ ਗਏ ਤਿੰਨ ਭਾਰਤੀ ਨੌਜਵਾਨਾਂ ਨੂੰ ਤਹਿਰਾਨ ਪੁਲਿਸ ਨੇ ਅਗਵਾਕਾਰਾਂ ਦੇ ਚੁੰਗਲ 'ਚੋਂ ਛੁਡਾਇਆ, ਜਲਦ ਪਰਤਣਗੇ ਭਾਰਤ

**ਤਹਿਰਾਨ, 4 ਜੂਨ (ਆਵਾਜ਼ਿ ਕੌਮ ਬਿਊਰੋ)**-ਇਰਾਨ ਵਿੱਚ ਪਿਛਲੇ ਮਹੀਨੇ ਗੁੰਮ ਹੋਏ ਤਿੰਨ ਭਾਰਤੀ ਨਾਗਰਿਕਾਂ ਨੂੰ ਸਹੀ ਸਲਾਮਤ ਬਚਾ ਲਿਆ ਗਿਆ ਹੈ। ਇਹ ਜਾਣਕਾਰੀ ਮੰਗਲਵਾਰ ਨੂੰ ਭਾਰਤ ਵਿੱਚ ਇਰਾਨੀ ਦੂਤਾਵਾਸ ਵੱਲੋਂ ਦਿੱਤੀ ਗਈ। ਦੂਤਾਵਾਸ ਨੇ ਤੇਹਰਾਨ ਅਧਾਰਤ ਮੀਡੀਆ ਰਿਪੋਰਟਾਂ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਅਗਵਾ ਕੀਤੇ ਗਏ ਤਿੰਨ ਭਾਰਤੀ ਨਾਗਰਿਕਾਂ ਨੂੰ ਤਹਿਰਾਨ ਪੁਲਿਸ ਨੇ ਸੁਰੱਖਿਅਤ ਬਚਾ ਲਿਆ ਹੈ। ਭਾਰਤੀ ਮਿਸ਼ਨ ਈਰਾਨੀ ਅਧਿਕਾਰੀਆਂ ਦੇ ਸੰਪਰਕ ਵਿੱਚ ਹੈ ਅਤੇ ਤਿੰਨਾਂ ਦੇ ਜਲਦੀ ਹੀ ਭਾਰਤ ਵਾਪਸ ਆਉਣ ਦੀ ਉਮੀਦ ਹੈ। ਇਰਾਨੀ ਦੂਤਾਵਾਸ ਨੇ ਲਿਖਿਆ: "ਗੁੰਮ ਹੋਏ ਤਿੰਨ ਭਾਰਤੀ ਨਾਗਰਿਕਾਂ ਨੂੰ ਤੇਹਰਾਨ ਪੁਲਿਸ ਨੇ ਬਚਾ ਲਿਆ ਹੈ।" ਇਹ ਵੀ ਕਿਹਾ ਗਿਆ ਕਿ ਇਰਾਨੀ ਮੀਡੀਆ ਮੁਤਾਬਕ ਇਹ ਤਿੰਨ ਭਾਰਤੀ




ਨੌਜਵਾਨ ਇੱਕ ਪੁਲਿਸ ਆਪਰੇਸ਼ਨ ਦੌਰਾਨ ਮਿਲੇ ਹਨ। ਤੇਹਰਾਨ ਅਧਾਰਤ ਨਿਊਜ਼ ਏਜੰਸੀ ਨੇ ਰਿਪੋਰਟ ਕੀਤਾ ਕਿ ਤਿੰਨ ਭਾਰਤੀ ਨੌਜਵਾਨ ਦੱਖਣੀ ਤੇਹਰਾਨ ਦੇ ਵਾਰਾਮਿਨ ਇਲਾਕੇ 'ਚ ਹੋਈ ਪੁਲਿਸ ਕਾਰਵਾਈ ਦੌਰਾਨ ਹੋਸਟੇਜ ਬਣਾਉਣ ਵਾਲਿਆਂ ਦੇ ਕਬਜ਼ੇ ਤੋਂ ਸਹੀ ਸਲਾਮਤ ਬਚਾਏ ਗਏ। ਈਰਾਨ ਵਿੱਚ ਭਾਰਤੀ ਦੂਤਾਵਾਸ ਨੂੰ ਪੰਜਾਬ ਤੋਂ ਤਿੰਨ ਨੌਜਵਾਨਾਂ ਦੇ ਅਗਵਾ ਹੋਣ ਬਾਰੇ ਸੂਚਿਤ ਕੀਤਾ ਗਿਆ ਸੀ। ਇਨ੍ਹਾਂ ਪਰਿਵਾਰਾਂ ਵਿੱਚੋਂ ਇੱਕ ਨੇ ਆਰੋਪ ਸੀ ਕਿ ਉਨ੍ਹਾਂ ਦੇ ਰਿਸ਼ਤੇਦਾਰ ਨੂੰ ਅਗਵਾ ਕੀਤਾ ਗਿਆ ਅਤੇ ਉਨ੍ਹਾਂ ਤੋਂ ਫਿਰੌਤੀ ਮੰਗੀ ਗਈ ਸੀ। ਈਰਾਨ ਵਿੱਚ ਭਾਰਤੀ ਦੂਤਾਵਾਸ ਨੇ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਅਤੇ ਈਰਾਨੀ ਅਧਿਕਾਰੀਆਂ ਨੂੰ ਬੇਨਤੀ ਕੀਤੀ ਸੀ ਕਿ ਉਹ ਤਿੰਨਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਉਨ੍ਹਾਂ ਨੂੰ ਜਲਦੀ ਤੋਂ ਜਲਦੀ ਲੱਭ ਲੈਣ।

## ਅਫਗਾਨਿਸਤਾਨ ਸਰਹੱਦ ਨੇੜੇ ਪਾਕਿਸਤਾਨੀ ਫੌਜ ਅਤੇ ਅੱਤਵਾਦੀਆਂ ਵਿਚਕਾਰ ਮੁਕਾਬਲਾ, 14 ਹਲਾਕ



**ਪੇਸ਼ਾਵਰ, 4 ਜੂਨ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨੀ ਸੁਰੱਖਿਆ ਬਲਾਂ ਨੇ ਉੱਤਰ-ਪੱਛਮੀ ਪਾਕਿਸਤਾਨ ਵਿੱਚ ਅਫਗਾਨਿਸਤਾਨ ਦੀ ਸਰਹੱਦ ਨਾਲ ਲੱਗਦੇ ਇੱਕ ਕਬਾਇਲੀ ਜ਼ਿਲ੍ਹੇ ਵਿੱਚ ਇੱਕ ਖੁਫੀਆ-ਅਧਾਰਤ ਕਾਰਵਾਈ ਵਿੱਚ 14 ਅੱਤਵਾਦੀਆਂ ਨੂੰ ਮਾਰ ਦਿੱਤਾ ਹੈ, ਫੌਜ ਦੇ ਮੀਡੀਆ ਵਿੰਗ ਨੇ ਬੁੱਧਵਾਰ ਨੂੰ ਕਿਹਾ। ਇੰਟਰ-ਸਰਵਿਸਿਜ਼ ਪਬਲਿਕ ਰਿਲੇਸ਼ਨਜ਼ ਦੁਆਰਾ ਜਾਰੀ ਇੱਕ ਬਿਆਨ ਦੇ ਅਨੁਸਾਰ, "2-3 ਜੂਨ, 2025 ਨੂੰ, ਅੱਤਵਾਦੀਆਂ ਦੀ ਮੌਜੂਦਗੀ ਬਾਰੇ ਜਾਣਕਾਰੀ ਦੇ ਅਧਾਰ 'ਤੇ, ਸੁਰੱਖਿਆ ਬਲਾਂ ਨੇ ਉੱਤਰੀ ਵਜ਼ੀਰਿਸਤਾਨ ਜ਼ਿਲ੍ਹੇ ਦੇ ਦੱਤਾ ਖੇਲ ਵਿੱਚ ਇੱਕ ਖੁਫੀਆ-ਅਧਾਰਤ ਕਾਰਵਾਈ ਸ਼ੁਰੂ ਕੀਤੀ।"

ਆਈਐਸਪੀਆਰ ਦੇ ਬਿਆਨ ਵਿੱਚ ਕਿਹਾ ਗਿਆ ਹੈ ਕਿ ਫੌਜਾਂ ਨੇ ਇਲਾਕੇ ਵਿੱਚ ਇੱਕ ਅੱਤਵਾਦੀ ਟਿਕਾਣੇ 'ਤੇ ਛਾਪਾ ਮਾਰਿਆ। ਭਿਆਨਕ ਗੋਲੀਬਾਰੀ ਤੋਂ ਬਾਅਦ, 14 ਅੱਤਵਾਦੀ ਮਾਰੇ ਗਏ। ਇਸ ਵਿੱਚ ਕਿਹਾ ਗਿਆ ਹੈ, "ਖੇਤਰ ਵਿੱਚ ਹੋਰ ਅੱਤਵਾਦੀਆਂ ਨੂੰ ਖਤਮ ਕਰਨ ਲਈ ਵੀ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ। ਪਾਕਿਸਤਾਨ ਦੇ ਸੁਰੱਖਿਆ ਬਲ ਦੇਸ਼ ਵਿੱਚ ਅੱਤਵਾਦ ਦੇ ਖ਼ਤਰੇ ਨੂੰ ਖਤਮ ਕਰਨ ਲਈ ਕੰਮ ਕਰ ਰਹੇ ਹਨ।"

ਤੁਹਾਨੂੰ ਦੱਸ ਦੇਈਏ ਕਿ ਹਾਲ ਹੀ ਵਿੱਚ ਤਹਿਰੀਕ-ਏ-ਤਾਲਿਬਾਨ ਪਾਕਿਸਤਾਨ ਦੇ ਘੱਟੋ-ਘੱਟ 41 ਅੱਤਵਾਦੀ ਅਫਗਾਨਿਸਤਾਨ ਤੋਂ ਪਾਕਿਸਤਾਨ ਵਿੱਚ ਘੁਸਪੈਠ ਕਰਨ ਦੀ ਕੋਸ਼ਿਸ਼ ਕਰਦੇ ਹੋਏ ਇੱਕ ਮੁਕਾਬਲੇ ਵਿੱਚ ਮਾਰੇ ਗਏ ਸਨ। ਇਹ ਮੁਕਾਬਲਾ ਉੱਤਰੀ ਵਜ਼ੀਰਿਸਤਾਨ ਦੇ ਕਬਾਇਲੀ ਜ਼ਿਲ੍ਹੇ ਦੇ ਬਿਬਕ ਘਰ ਖੇਤਰ ਦੇ ਨੇੜੇ ਹੋਇਆ। ਮਾਰੇ ਗਏ ਜ਼ਿਆਦਾਤਰ ਅੱਤਵਾਦੀ ਅਫਗਾਨ ਨਾਗਰਿਕ ਸਨ।

## ਜੂਨ 1984 ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ 'ਚ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ,6 ਜੂਨ ਨੂੰ ਪਾਏ ਜਾਣਗੇ ਭੋਗ



**ਅੰਮ੍ਰਿਤਸਰ, 4 ਜੂਨ (ਆਵਾਜ਼ਿ ਕੌਮ ਬਿਊਰੋ)**-ਜੂਨ 1984 'ਚ ਭਾਰਤ ਦੀ ਕਾਂਗਰਸ ਸਰਕਾਰ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਸ਼ਹੀਦ ਹੋਏ ਸਿੰਘ, ਸਿੰਘਣੀਆਂ ਤੇ ਬੱਚਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਲਈ 6 ਜੂਨ ਨੂੰ ਹੋਣ ਵਾਲੇ ਸਾਲਾਨਾ ਸ਼ਹੀਦੀ ਸਮਾਗਮ ਦੇ ਸਬੰਧ ਵਿਚ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤਾ ਗਿਆ। ਅਰਦਾਸ ਉਪਰੰਤ ਸੰਗਤ ਨੂੰ ਪਾਵਨ ਹੁਕਮਨਾਮਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ ਨੇ ਸਰਵਣ ਕਰਵਾਇਆ। ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਹੋਰ ਪ੍ਰਮੁੱਖ ਸਖਸ਼ੀਅਤਾਂ ਮੌਜੂਦ ਸਨ। ਇਸ ਦੌਰਾਨ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਜੂਨ 1984 'ਚ ਸਮੇਂ ਦੀ ਹਕੂਮਤ ਵੱਲੋਂ ਕੀਤੇ ਗਏ ਕਰੂਰ ਕਾਰੇ ਨੇ ਸਿੱਖ ਕੌਮ ਨੂੰ ਡੂੰਘੇ ਜ਼ਖ਼ਮ ਦਿੱਤੇ ਹਨ, ਜੋ ਕੌਮ ਕਦੇ ਵੀ ਭੁੱਲ ਨਹੀਂ ਸਕਦੀ। ਇਸ ਘੱਲੂਘਾਰੇ ਵਿੱਚ ਜਿਥੇ ਅਨੇਕਾਂ ਸ਼ਹਾਦਤਾਂ ਹੋਈਆਂ, ਉੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਵੀ ਗੋਲੀਆਂ ਲੱਗਣ ਕਾਰਨ ਜ਼ਖਮੀ ਹੋਏ। ਉਨ੍ਹਾਂ ਕਿਹਾ ਕਿ ਘੱਲੂਘਾਰੇ ਦੀ ਯਾਦ 'ਚ ਹਰ ਸਾਲ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ ਕਰਕੇ ਸ਼ਹੀਦਾਂ ਨੂੰ ਸਤਿਕਾਰ ਭੇਟ ਕੀਤਾ ਜਾਂਦਾ ਹੈ। ਐਡਵੋਕੇਟ ਧਾਮੀ ਨੇ ਸੰਗਤ ਨੂੰ ਵੀ ਅਪੀਲ ਕੀਤੀ ਕਿ 6 ਜੂਨ ਨੂੰ ਹੋ ਰਹੇ ਸ਼ਹੀਦੀ ਸਮਾਗਮ ਸਮੇਂ ਮਰਯਾਦਾ ਨੂੰ ਧਿਆਨ ਵਿੱਚ ਰੱਖਦਿਆਂ ਸਮੂਹ ਸ਼ਹੀਦਾਂ ਨੂੰ ਸਤਿਕਾਰ ਭੇਟ ਕਰਨ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਮੈਂਬਰ ਭਾਈ ਮਨਜੀਤ ਸਿੰਘ, ਓਐਸਡੀ ਸਤਬੀਰ ਸਿੰਘ ਧਾਮੀ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਭਗਵੰਤ ਸਿੰਘ ਧੰਗੇੜਾ, ਫੈਡਰੇਸ਼ਨ ਆਗੂ ਐਡਵੋਕੇਟ ਜਸਬੀਰ ਸਿੰਘ ਘੁੰਮਣ, ਅੰਮ੍ਰਿਤਪਾਲ ਸਿੰਘ ਕੁਲਾਰ, ਭਾਈ ਕੰਵਰਚੜ੍ਹਤ ਸਿੰਘ, ਵਧੀਕ ਮੈਨੇਜਰ ਜਸਪਾਲ ਸਿੰਘ ਢੱਡੇ, ਮੀਤ ਮੈਨੇਜਰ ਗੁਰਤਿੰਦਰਪਾਲ ਸਿੰਘ ਕਾਦੀਆਂ ਆਦਿ ਹਾਜ਼ਰ ਸਨ।

## ਕੋਰੋਨਾ ਨੂੰ ਲੈ ਕੇ ਐਡਵਾਈਜ਼ਰੀ ਜਾਰੀ, ਸਿਹਤ ਵਿਭਾਗ ਨੇ ਮਾਸਕ ਪਹਿਨਣਾ ਕੀਤਾ ਲਾਜ਼ਮੀ

**ਨਵੀਂ ਦਿੱਲੀ, 4 ਜੂਨ (ਆਵਾਜ਼ਿ ਕੌਮ ਬਿਊਰੋ)**-ਇੱਕ ਵਾਰ ਫਿਰ ਦੇਸ਼ ਭਰ ਵਿੱਚ ਕੋਵਿਡ-19 ਦੇ ਮਾਮਲਿਆਂ ਵਿੱਚ ਵਾਧਾ ਦੇਖਿਆ ਜਾ ਰਿਹਾ ਹੈ ਅਤੇ ਇਸਦਾ ਪ੍ਰਭਾਵ ਹੁਣ ਹਿਮਾਚਲ ਪ੍ਰਦੇਸ਼ ਵਿੱਚ ਵੀ ਦਿਖਾਈ ਦੇ ਰਿਹਾ ਹੈ। ਰਾਜ ਵਿੱਚ ਕੋਰੋਨਾ ਇਨਫੈਕਸ਼ਨ ਦਾ ਇੱਕ ਨਵਾਂ ਮਾਮਲਾ ਸਾਹਮਣੇ ਆਉਣ ਤੋਂ ਬਾਅਦ ਸਿਹਤ ਵਿਭਾਗ ਨੇ ਤੁਰੰਤ




ਸਾਵਧਾਨੀ ਵਰਤਦੇ ਹੋਏ ਇੱਕ ਐਡਵਾਈਜ਼ਰੀ ਜਾਰੀ ਕੀਤੀ ਹੈ। ਇਸ ਤਹਿਤ ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮਾਸਕ ਪਹਿਨਣਾ ਲਾਜ਼ਮੀ ਕਰ ਦਿੱਤਾ ਗਿਆ ਹੈ। ਸਿਹਤ ਵਿਭਾਗ ਦੇ ਅਨੁਸਾਰ, ਮਰੀਜ਼ਾਂ ਦੇ ਨਾਲ ਹਸਪਤਾਲ ਆਉਣ ਵਾਲੇ ਸਹਾਇਕਾਂ ਨੂੰ ਵੀ ਮਾਸਕ ਪਹਿਨਣੇ ਪੈਣਗੇ। ਖ਼ਾਸ ਕਰਕੇ ਬਜ਼ੁਰਗਾਂ, ਬੱਚਿਆਂ ਅਤੇ ਗੰਭੀਰ ਬੀਮਾਰੀਆਂ ਤੋਂ ਪੀੜਤ ਲੋਕਾਂ ਨੂੰ ਵਾਧੂ ਸਾਵਧਾਨੀ ਵਰਤਣ ਅਤੇ ਲਾਜ਼ਮੀ ਤੌਰ 'ਤੇ ਮਾਸਕ ਪਹਿਨਣ ਦੀ ਸਲਾਹ ਦਿੱਤੀ ਗਈ ਹੈ। ਐਡਵਾਈਜ਼ਰੀ ਵਿੱਚ ਜਨਤਕ ਥਾਵਾਂ 'ਤੇ ਸਮਾਜਿਕ ਦੂਰੀ ਦੀ ਪਾਲਣਾ ਕਰਨ ਦੀ ਵੀ ਸਖ਼ਤੀ ਨਾਲ ਹਦਾਇਤ ਕੀਤੀ ਗਈ ਹੈ, ਤਾਂ ਜੋ ਲਾਗ ਦੀ ਲੜੀ ਨੂੰ ਤੋੜਿਆ ਜਾ ਸਕੇ। ਸੂਬੇ ਦੇ ਸਭ ਤੋਂ ਵੱਡੇ ਸਰਕਾਰੀ ਹਸਪਤਾਲ, ਇੰਦਰਾ ਗਾਂਧੀ ਮੈਡੀਕਲ ਕਾਲਜ ਸ਼ਿਮਲਾ ਵਿੱਚ ਕੋਵਿਡ ਨਾਲ ਨਜਿੱਠਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਹਸਪਤਾਲ ਵਿੱਚ 150 ਆਕਸੀਜਨ ਵਾਲੇ ਬਿਸਤਰਿਆਂ ਵਾਲਾ ਇੱਕ ਅਸਥਾਈ ਕੋਵਿਡ ਵਾਰਡ ਤਿਆਰ ਕੀਤਾ ਗਿਆ ਹੈ। ਆਈਜੀਐੱਮਸੀ ਦੇ ਡਿਪਟੀ ਮੈਡੀਕਲ ਸੁਪਰਡੈਂਟ ਡਾ. ਪ੍ਰਵੀਨ ਐੱਸ. ਭਾਟੀਆ ਨੇ ਕਿਹਾ ਕਿ ਸਿਹਤ ਵਿਭਾਗ ਦੇ ਨਿਰਦੇਸ਼ਾਂ 'ਤੇ ਹਸਪਤਾਲ ਵਿੱਚ ਕੋਵਿਡ ਸਥਿਤੀ ਨਾਲ ਨਜਿੱਠਣ ਲਈ ਸਾਰੀਆਂ ਜ਼ਰੂਰੀ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ। ਮਰੀਜ਼ਾਂ ਨੂੰ ਸਲਾਹ ਦਿੱਤੀ ਜਾ ਰਹੀ ਹੈ ਕਿ ਜੇਕਰ ਉਨ੍ਹਾਂ ਨੂੰ ਖੰਘ, ਬੁਖਾਰ ਅਤੇ ਜ਼ੁਕਾਮ ਵਰਗੇ ਲੱਛਣ ਮਹਿਸੂਸ ਹੁੰਦੇ ਹਨ ਤਾਂ ਉਹ ਤੁਰੰਤ ਹਸਪਤਾਲ ਆਉਣ, ਤਾਂ ਜੋ ਸਮੇਂ ਸਿਰ ਇਲਾਜ ਕੀਤਾ ਜਾ ਸਕੇ ਅਤੇ ਲਾਗ ਨਾ ਫੈਲੇ। ਡਾ. ਪ੍ਰਵੀਨ ਐੱਸ. ਭਾਟੀਆ ਨੇ ਕਿਹਾ ਕਿ ਹਸਪਤਾਲ ਕੋਲ ਲੋੜੀਂਦੀਆਂ ਕੋਵਿਡ ਟੈਸਟਿੰਗ ਕਿੱਟਾਂ, ਜ਼ਰੂਰੀ ਦਵਾਈਆਂ ਅਤੇ ਡਾਕਟਰਾਂ ਦੀ ਇੱਕ ਟੀਮ 24 ਘੰਟੇ ਉਪਲਬਧ ਹੈ। ਸਿਹਤ ਵਿਭਾਗ ਨੇ ਰਾਜ ਦੇ ਸਾਰੇ ਮੁੱਖ ਮੈਡੀਕਲ ਅਫ਼ਸਰਾਂ (ਸੀ.ਐੱਮ.ਓ.), ਮੈਡੀਕਲ ਕਾਲਜਾਂ ਦੇ ਪ੍ਰਿੰਸੀਪਲਾਂ ਅਤੇ ਸਰਕਾਰੀ ਹਸਪਤਾਲਾਂ ਦੇ ਸੁਪਰਡੈਂਟਾਂ ਨੂੰ ਸੁਚੇਤ ਰਹਿਣ ਅਤੇ ਸਥਿਤੀ ਦੀ ਨਿਰੰਤਰ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ ਹਨ।




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਤੀਜੇ ਘੱਲੂਘਾਰੇ ਦੀ 40 ਵੀਂ ਵਰ੍ਹੇਗੰਢ ਤੇ ਬੁੜੈਲ ਜੇਲ੍ਹ ਚੋਂ ਭਾਈ ਤਾਰਾ ਅਤੇ ਭਾਈ ਭਿਓਰਾ ਦਾ ਪੰਥ ਦੇ ਨਾਮ ਸੰਦੇਸ਼

**ਤੀਜੇ ਘੱਲੂਘਾਰੇ** ਸਾਕਾ ਨੀਲਾ ਤਾਰਾ ਦੀ 40 ਵੀਂ ਵਰ੍ਹੇਗੰਢ ਤੇ ਬੁੜੈਲ ਜੇਲ੍ਹ ਚੋਂ ਭਾਈ ਤਾਰਾ ਅਤੇ ਭਾਈ ਭਿਓਰਾ ਨੇ ਪੰਥ ਦੇ ਨਾਮ ਸੰਦੇਸ਼ ਜਾਰੀ ਕਰਦਿਆਂ ਕਿਹਾ ਕਿ ਪੰਥ ਦੀ ਆਤਮਾ ਦੇ ਗਰਭ ਚੋਂ ਉਠੀ ਬਗਾਵਤ ਦੀ ਸੁਰ ਅੱਜ ਦੁਨੀਆ ਦੀ ਰਾਜਨੀਤੀ ਲਈ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਇਹੋ ਜਿਹੀਆਂ ਬਗਾਵਤਾਂ ਦੀ ਅੱਗ ਨੂੰ ਲਾਂਬੂ ਲਾਉਣ ਵਾਲੇ ਆਗੂ ਸਦੀਆਂ ਬਾਅਦ ਵੱਡੇ ਭਾਗਾਂ ਨਾਲ ਮਿਲਦੇ ਹਨ। ਸਿੱਖਾਂ ਦਾ ਇਤਿਹਾਸ ਵਾਰ-ਵਾਰ ਸਿੱਖਾਂ ਤੇ ਸਵਾਲ ਕਰ ਰਿਹਾ ਸੀ ਫਿਰ ਸਿੱਖਾਂ ਨੇ ਇਤਿਹਾਸ ਨੂੰ ਸਵਾਲ ਕੀਤਾ ਤਾਂ ਇਤਿਹਾਸ ਨੇ ਉਤਰ ਵਜੋਂ ਸਾਨੂੰ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ ਦਿੱਤੇ ਜੋ ਦੁਨੀਆਂ ਦੀ ਚੌਥੀ ਸਭ ਤੋਂ ਵੱਡੀ ਫੌਜ ਅਤੇ ਚਾਰ ਦੇਸ਼ਾਂ ਨਾਲ ਇਕੱਲੇ ਟਕਰਾਏ ਅਤੇ ਇਤਿਹਾਸ ਦਾ ਮਾਣ ਰੱਖਦਿਆਂ ਹੋਇਆਂ ਸ਼ਹੀਦ ਹੋਏ।



ਦੁਨੀਆ ਵਿੱਚ ਜੰਗਾਂ ਸਾਮ੍ਹਣੇ ਵਾਲੇ ਨੂੰ ਬਿਗਾਨਾ ਜਾਂ ਗੈਰ ਸਮਝਕੇ ਹੁੰਦੀਆਂ ਹਨ ਅਤੇ ਦੁਸ਼ਮਣ ਇੱਕੇ ਦੂਜੇ ਨੂੰ ਬਿਗਾਨਾ ਕਹਿੰਦੇ ਹਨ ਪਰ ਸਿੱਖਾਂ ਦੇ ਗਲ ਪਈ ਲੜਾਈ ਬੜੀ ਵਿਲੱਖਣ ਹੈ ਕਿਉਂਕਿ ਬਿਪਰ ਸਾਨੂੰ ਬੇਗਾਨੇ ਨਹੀਂ ਆਪਣਾ ਅੰਗ ਦੱਸਦਾ ਹੈ। ਇਹ ਗੱਲ ਬੂਟੇ ਨੂੰ ਪਾਣੀ ਦੀ ਜਗ੍ਹਾ ਸ਼ਰਬਤ ਪਾਉਣ ਵਰਗੀ ਹੈ ਜੋ ਇੱਕ ਸਮੇਂ ਚੰਗਾ ਲੱਗਦਾ ਹੈ ਪਰ ਅੰਤ ਹੌਲੀ-ਹੌਲੀ ਉਸ ਬੂਟੇ ਨੂੰ ਕੀੜੇ ਖਾ ਜਾਂਦੇ ਹਨ। ਸਾਡਾ ਸ਼ਹੀਦ ਵੀਰ ਭਾਈ ਸੰਦੀਪ ਸਿੰਘ ਸਿੱਧੂ ਕਿਹਾ ਕਰਦਾ ਸੀ ਕਿ, "ਇਹ ਸਾਡੀ ਹੋਂਦ ਦੀ ਲੜਾਈ ਹੈ", ਪਰ ਕੀ ਅਸੀਂ ਕਦੇ ਸਮਝਣ ਦਾ ਯਤਨ ਕੀਤਾ ਹੈ ਕਿ ਓਹ ਹੋਂਦ ਕਿਹੜੀ ਹੈ ? ਉਸ ਹੋਂਦ ਬਾਰੇ ਪੰਜਵੇਂ ਪਾਤਸ਼ਾਹ ਫੁਰਮਾਉਂਦੇ ਹਨ ਕਿ "ਨਾ ਹਮ ਹਿੰਦੂ ਨ ਮੁਸਲਮਾਨ॥ ਅਲਹ ਰਾਮ ਕੇ ਪਿੰਡੁ ਪਰਾਨ॥ ਹਜ ਕਾਬੈ ਜਾਉ ਨ ਤੀਰਥ ਪੂਜਾ॥ ਏਕੋ ਸੇਵੀ ਅਵਰੁ ਨ ਦੂਜਾ॥÷

ਆਵਾਜ਼ਿ ਕੌਮ AWAZE QAUM International Newspaper & WEB TV

ਇਹ ਲੜਾਈ ਉਸ ਦਿਨ ਹੀ ਸ਼ੁਰੂ ਹੋ ਗਈ ਸੀ ਜਿਸ ਦਿਨ ਸੰਵਿਧਾਨ ਦੀ ਧਾਰਾ 25 ਬੀ ਵਿੱਚ ਸਿੱਖਾਂ ਨੂੰ ਹਿੰਦੂਆਂ ਦਾ ਅੰਗ ਦੱਸ ਦਿੱਤਾ ਗਿਆ ਸੀ। ਅੱਜ ਤੱਕ ਵਿਦਵਾਨਾਂ 'ਤੇ ਬੁੱਧੀਜੀਵਆਂ ਨੇ ਦਰਬਾਰ ਸਾਹਿਬ ਤੇ ਹਮਲੇ ਦੇ ਬਹੁਤ ਕਾਰਨ ਦਿੱਤੇ ਹਨ ਪਰ ਇੱਕ ਕਾਰਨ ਹਮੇਸ਼ਾਂ ਅੱਖੋਂ ਪਰੋਖੇ ਕੀਤਾ ਜਾਂਦਾ ਰਿਹਾ ਅਤੇ ਉਹ ਕਾਰਨ ਹੈ ਸਿੱਖਾਂ ਦਾ ਇੱਕ ਆਗੂ ਗੁਰੂ ਦੇ ਤੱਖਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਦਿੱਲੀ ਤਖ਼ਤ ਨੂੰ ਚੁਣੌਤੀ ਦੇਕੇ ਕਹਿ ਰਿਹਾ ਸੀ ਕਿ "ਸਿੱਖ ਇੱਕ ਵੱਖਰੀ ਕੌਮ ਹੈ", ਲੜਾਈ ਦੀ ਜੜ ਹੀ ਇੱਥੇ ਪਈ ਹੈ। ਸਾਡੀ ਹੋਂਦ ਨੂੰ ਮਿਟਾਉਣ ਲਈ ਕਦੇ ਝੂਠੇ ਪੁਲਿਸ ਮੁਕਾਬਲੇ, ਕਦੇ ਲੱਚਰਵਾਦ, ਗੈਂਗਸ਼ਟਰਵਾਦ, ਕਦੇ ਨਸ਼ਿਆਂ ਦੇ ਦੌਰ ਚਲਾਏ ਗਏ ਪਰ ਅਸੀਂ ਸਮਝ ਨਹੀਂ ਸਕੇ। ਸਾਡੇ ਵੀਰ ਭਾਈ ਅੰਮ੍ਰਿਤਪਾਲ ਸਿੰਘ ਨੇ ਨਸ਼ਿਆਂ ਨਾਲ ਹੋ ਰਹੀ ਨਸਲਕੁਸ਼ੀ ਨੂੰ ਵੱਡੇ ਪੱਧਰ ਤੇ ਪ੍ਰਚਾਰਿਆ ਅਤੇ ਉਸਨੂੰ ਬੰਨ੍ਹ ਮਾਰਨ ਲਈ ਬੜਾ ਵੱਡਾ ਸੰਘਰਸ਼ ਲੜਿਆ।

"ਜਬ ਲਗ ਖਾਲਸਾ ਰਹੇ ਨਿਆਰਾ।। ਤਬ ਲਗ ਤੇਜ ਦੀਉ ਮੈਂ ਸਾਰਾ।। ਜਬ ਇਹ ਗਹੈ ਬਿਪਰਨ ਕੀ ਰੀਤ।। ਮੈਂ ਨ ਕਰਉਂ ਇਨ ਕੀ ਪ੍ਰਤੀਤ।।" ਇਹ ਚਾਰ ਛੰਦ ਹਨ ਜਿਹਨਾਂ ਵਿੱਚ ਗੁਰੂ ਜੀ ਨੇ ਆਪਣੀ ਹਰ ਕਾਮਯਾਬੀ, ਹਰ ਕਾਬਲੀਅਤ, ਹਰ ਸੋਭਾ ਦਾ ਸੇਹਰਾ ਖਾਲਸੇ ਦੇ ਸਿਰ ਉੱਤੇ ਬੰਨ੍ਹਿਆ ਹੈ। ਗੁਰੂ ਜੀ ਨੇ ਖਾਲਸੇ ਦੀ ਮਹਿਮਾ ਉਸ ਦੇ ਨਿਆਰੇਪਨ ਕਰ ਕੇ ਕਰਦੇ ਸਨ। ਉਹਨਾਂ ਦੀ ਰਹਿਤ ਮਰਿਯਾਦਾ ਦੀ ਪਾਲਣਾ ਮਨ ਨੂੰ ਭਾਉਂਦੀ ਸੀ। ਅਸੀਂ ਆਪਣੇ ਗੁਰੂ ਵੱਲ ਪਿੱਠ ਕਰਕੇ ਬਿਪਰਾਂ ਦੀ ਰੀਤ ਤੇ ਨਹੀਂ ਚੱਲਣਾ ਸਗੋਂ ਗੁਰੂ ਦੀ ਰੀਤ ਨੂੰ ਬਰਕਰਾਰ ਰੱਖਣਾ ਹੈ।

ਅੰਤ ਵਿਚ ਉਨ੍ਹਾਂ ਕਿਹਾ ਕਿ ਸਾਧਸੰਗਤ ਜੀ, ਅੱਜ ਚਾਲੀ ਸਾਲ ਬੀਤ ਗਏ ਹਨ ਅਤੇ ਇਸ ਸਮੇਂ 'ਚ ਬਹੁਤ ਕੁਝ ਬਦਲ ਚੁੱਕਾ ਹੈ ਪਰ ਸਿੱਖਾਂ ਅੰਦਰੋਂ ਬਗਾਵਤ ਦਾ ਕਣ ਨਹੀਂ ਬਦਲਿਆ। ਆਉਣ ਵਾਲੇ ਸਮੇਂ ਅੰਦਰ ਦੁਨੀਆ ਦੀ ਰਾਜਨੀਤੀ ਵਿੱਚ ਸਿੱਖ ਸੰਘਰਸ਼ ਨੂੰ ਬਹੁਤ ਵੱਡੀ ਥਾਂ ਮਿਲਣ ਜਾ ਰਹੀ ਹੈ। ਅੱਜ ਦੁਨੀਆ ਦੀ ਰਾਜਨੀਤੀ ਦੇ ਏਜੰਡੇ ਤੇ ਹੈ ਕਿ ਆਉਣ ਵਾਲੇ ਸਮੇਂ ਦੀ ਰਾਜ ਪ੍ਰਣਾਲੀ ਕੀ ਹੋਵੇਗੀ ਸੋ ਮੇਰੇ ਵੀਰ-ਭੈਣ ਕਮਰਕੱਸੇ ਕਰਕੇ ਤੁਰੋ ਅਤੇ ਸਿੱਖਾਂ ਦੇ ਪ੍ਰਭੂਸੱਤਾ ਸੰਪੰਨ ਰਾਜ ਖ਼ਾਲਿਸਤਾਨ ਦਾ ਖਾਕਾ ਦੁਨੀਆ ਸਾਮ੍ਹਣੇ ਰੱਖੋ........ ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


GLASGOW
ਆਵਾਜ਼ਿ ਕੌਮ
AWAZE QAUM
International Newspaper & WEB TV
ਅੰਮ੍ਰਿਤ ਸੰਚਾਰ
AMRIT SANCHAR
SATURDAY
7TH JUN
AT
12:30PM
CENTRAL GURDWARA SINGH SABHA
176 BERKELEY STREET | GLASGOW | G3 7HY
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN
(BODY & HAIR WASH)
CONTACT 07894 872 742 FOR MORE DETAILS

ਗੌਰਵਮਈ ਜੰਗੀ ਦਾਸਤਾਨ

# 1 ਜੂਨ 84 ਨੂੰ ਸਭ ਤੋਂ ਪਹਿਲੀ ਗੋਲੀ ਖਾ ਕੇ ਜ਼ਖਮੀ ਹੋਏ ਜਿੰਦਾ ਸ਼ਹੀਦ ਭਾਈ ਸਰਬਜੀਤ ਸਿੰਘ ਖਾਲੜਾ

**ਇਸ ਲਿਖਤ** ਵਿੱਚ ਨਜ਼ਰ ਆ ਰਹੀ 23 ਸਾਲ ਉਮਰ ਦੇ ਮੁੱਛ ਫੁੱਟ ਜ਼ਖ਼ਮੀ ਸਿੱਖ ਨੌਜਵਾਨ ਦੀ ਲ਼ਹੂ ਭਿੱਜੀ ਫੋਟੋ ਦੇ 1 ਜੂਨ 19 84 ਤੋਂ ਲੈ ਕੇ ਅੱਜ ਤੱਕ ਤਕਰੀਬਨ ਹਰ ਇਕ ਪੰਥ ਦਰਦੀ ਨੇ ਜ਼ਰੂਰ ਦਰਸ਼ਨ ਕੀਤੇ ਹੋਣਗੇ।ਇਹ ਫੋਟੋ ਦੇਸ਼ ਵਿਦੇਸ਼ ਦੇ ਸੈਂਕੜੇ ਗੁਰਦੁਆਰਾ ਸਾਹਿਬਾਨ ਦੇ ਸਿੱਖ ਅਜਾਇਬ ਘਰਾਂ ਅਤੇ ਪੰਥ ਦਰਦੀ ਸਿੱਖਾਂ ਦੇ ਘਰਾਂ ਵਿੱਚ ਸੁਸ਼ੋਭਤ ਕੀਤੀ ਜਾ ਚੁੱਕੀ ਹੈ। ਜੂਨ 84 ਤੋਂ ਲੈ ਕੇ ਅੱਜ ਤੱਕ ਦੁਨੀਆ ਭਰ ਦੇ ਸੈਂਕੜੇ ਅਖਬਾਰਾਂ, ਪੰਥਕ ਰਸਾਲਿਆਂ ਅਤੇ ਟੀਵੀ ਚੈਨਲਾਂ ਉੱਪਰ ਪਿਛਲੇ 41 ਸਾਲਾਂ ਤੋਂ ਇਹ ਲਹੂ ਭਿੱਜੀ ਫੋਟੋ ਲਗਾਤਾਰ ਪ੍ਰਕਾਸ਼ਿਤ ਹੁੰਦੀ ਆ ਰਹੀ ਹੈ। ਅਸੀਂ ਨਾਭਾ ਜੇਲ੍ਹ ਦੀਆਂ ਕਾਲ ਕੋਠੜੀਆਂ ਵਿੱਚ ਬੈਠ ਕੇ ਰਸਾਲੇ ਪੜ੍ਹਨ ਸਮੇਂ ਵੀ ਇਹ ਫੋਟੋ ਦੇਖਦੇ ਹੁੰਦੇ ਸੀ।

ਭਾਈ ਸਰਬਜੀਤ ਸਿੰਘ ਖਾਲੜਾ ਹੁਣ ਇਹ ਮਹਿਸੂਸ ਕਰਦੇ ਹਨ ।ਕਿ ਹਰ ਸਾਲ ਅਖਬਾਰਾਂ ਵਿੱਚ ਇਹ ਫੋਟੋ ਲਗਾਉਣ ਨਾਲ ਮੇਰੀ ਆਪਣੀ ਪ੍ਰਸਿੱਧੀ ਕਰਵਾਉਣ ਵਾਲੀ ਹੀ ਗੱਲ ਸਿੱਧ ਹੋਵੇਗੀ।ਉਹ ਆਪਣੀ ਜੰਗੀ ਦਾਸਤਾਨ ਦਾ ਹਰ ਸਾਲ ਪ੍ਰਚਾਰ ਕਰਨਾ ਹੁਣ ਇਸ ਕਰਕੇ ਚੰਗਾ ਨਹੀਂ ਸਮਝਦੇ ਕਿ ਜੂਨ 84 ਦੇ ਘੱਲੂਘਾਰੇ ਨਾਲ ਸੰਬੰਧਿਤ ਹੋਰ ਕੌਮੀ ਯੋਧਿਆਂ ਦੀ ਕੁਰਬਾਨੀ ਦੀ ਵੀ ਗੱਲ ਜਰੂਰ ਹੋਣੀ ਚਾਹੀਦੀ ਹੈ। ਇਹ ਫੋਟੋ 1 ਜੂਨ 1984 ਨੂੰ ਬੀਬੀਸੀ ਲੰਡਨ ਦੇ ਪ੍ਰਸਿੱਧ ਪੱਤਰਕਾਰ ਮਾਰਕ ਟੁਲੀ ਨੇ ਦਰਬਾਰ ਸਾਹਿਬ ਕੰਪਲੈਕਸ ਵਿੱਚ ਬੇ ਸੁਰਤ ਹਾਲਤ ਵਿੱਚ ਪਏ ਇਸ ਜ਼ਖ਼ਮੀ ਸ਼ੇਰ ਦੀ ਲਈ ਸੀ।ਸੰਨ 1990 ਵਿੱਚ ਨਾਭਾ ਜੇਲ੍ਹ ਤੋਂ ਹੋਈ ਆਪਣੀ ਰਿਹਾਈ ਦੇ ਸਮੇਂ ਤੋਂ ਹੀ ਤੀਜੇ ਘੱਲੂ ਘਾਰਾ ਦੇ ਇਸ ਪਹਿਲੇ ਜਿੰਦਾ ਸ਼ਹੀਦ ਸਿੱਖ ਨਾਲ ਮੁਲਾਕਾਤ ਕਰਨ ਦੀ ਕੋਸ਼ਿਸ਼ ਕਰਦਾ ਆ ਰਿਹਾ ਸੀ।ਪਰ ਜਦੋਂ ਮੈਂ ਸੰਘਰਸ਼ ਤੋਂ ਫਰੀ ਹੋ ਕੇ ਕਲ਼ਮ ਚੁੱਕੀ ਤਾਂ ਮੈਨੂੰ ਪਤਾ ਲੱਗਿਆ ਕਿ ਭਾਈ ਸਾਹਿਬ ਕਿਸੇ ਲੇਖਕ ਜਾਂ ਪਤਰਕਾਰ ਨੂੰ ਮਿਲਦੇ ਹੀ ਨਹੀਂ ਹਨ।

ਭਾਈ ਸਾਹਿਬ ਮੇਰੇ ਸੰਘਰਸ਼ਮਈ ਜੀਵਨ ਤੋਂ ਵਾਕਫ ਹੋਣ ਕਰਕੇ ਮੈਨੂੰ ਬੜਾ ਮਾਣ ਸਤਿਕਾਰ ਦਿੰਦੇ ਹਨ।ਪਰ ਭਾਈ ਸਾਹਿਬ ਮੇਰੇ ਨਾਲ ਵੀ ਆਪਣੀ ਜੰਗੀ ਦਾਸਤਾਨ ਸਾਂਝੀ ਕਰਨ ਲਈ ਵੀ ਬੜੀ ਮੁਸ਼ਿਕਲ ਨਾਲ ਸਹਿਮਤ ਹੋਏ ਸਨ।ਉਹ ਕਹਿੰਦੇ ਮੈਂ ਇੰਟਰਵਿਊ ਦੇ ਦੇ ਕੇ ਥੱਕ ਗਿਆ ਹਾਂ।ਪਰ ਭਾਅ ਜੀ ਤੁਹਾਨੂੰ ਤਾਂ ਮੈਂ ਜਵਾਬ ਹੀ ਨਹੀਂ ਦੇ ਸਕਦਾ।ਸੋ ਇਸ ਕਰਕੇ ਹੀ ਪਹਿਲੀ ਜੂਨ 84 ਜਾਕੇ ਨਾਲ ਸੰਬੰਧਿਤ ਦੋ ਸੂਰਮੇ ਭਰਾਵਾਂ ਦੀ ਇਸ ਗੌਰਵਮਈ ਦਾਸਤਾਨ ਨੂੰ ਪੇਸ਼ ਕਰਨ ਲਈ ਮੈਂ ਕਈ ਸਾਲਾਂ ਤੱਕ ਖੁੰਝ ਗਿਆ ਹਾਂ।ਅੱਜ ਤੋਂ 5 ਸਾਲ ਪਹਿਲਾਂ ਮੈਂ ਇਸ ਗੌਰਵਮਈ ਦਾਸਤਾਨ ਨੂੰ ਕਲਮਬੱਧ ਕਰਕੇ ਹੱਕ ਸੱਚ ਦੇ ਪਹਿਰੇਦਾਰ ਅਖਬਾਰ ਦੇ ਮੁੱਖ ਸੰਪਾਦਕ ਮੇਰੇ ਵੱਡੇ ਵੀਰ ਮਰਹੂਮ ਭਾਈ ਜਸਪਾਲ ਸਿੰਘ ਹੇਰਾਂ ਦੇ ਸਹਿਯੋਗ ਨਾਲ ਸਿੱਖ ਕੌਮ ਦੇ ਸਨਮੁੱਖ ਕੀਤਾ ਸੀ।

ਹਿੰਦ ਪਾਕਿ ਬਾਰਡਰ ਨੇੜੇ ਭਾਈ ਸਰਬਜੀਤ ਸਿੰਘ ਦਾ ਛੋਟਾ ਜਿਹਾ ਪਿੰਡ ਮਾਣੇ ਮੱਲੀਆਂ ਹੈ।ਪਰ ਹੁਣ ਉਹਨਾਂ ਨੂੰ ਸਿੱਖ ਜਗਤ ਵਿੱਚ ਭਾਈ ਸਰਬਜੀਤ ਸਿੰਘ ਖਾਲੜਾ ਦੇ ਨਾਉਂ ਨਾਲ ਹੀ ਜਾਣਿਆ ਜਾਂਦਾ ਹੈ।ਉਹਨਾਂ ਦੇ ਜੱਦੀ ਪਿੰਡ ਮਾਣੇ ਮੱਲੀਆਂ ਦੀ ਥਾਂ ਖਾਲੜਾ ਦਾ ਨਾਮ ਕਿਵੇਂ ਜੁੜਿਆ। ਇਹ ਵੀ ਬੜੀ ਦਿਲਚਸਪ ਗੱਲ ਹੈ।ਇਸ ਭੇਦ ਦਾ ਖੁਲਾਸਾ ਆਪਾਂ ਇਸ ਲਿਖਤ ਵਿੱਚ ਅੱਗੇ ਜਾ ਕੇ ਕਰਾਂਗੇ।ਭਾਈ ਸਰਬਜੀਤ ਸਿੰਘ ਖਾਲੜਾ ਦੇ ਚਾਰ ਭਰਾ ਹੋਰ ਵੀ ਹਨ।ਉਹਨਾਂ ਦੀ ਆਪਣੇ ਨਜਦੀਕੀ ਕਸਬਾ ਨੁੰਮਾਂ ਪਿੰਡ ਖਾਲੜਾ ਵਿਖੇ ਬਿਜਲੀ ਦੇ ਸਮਾਨ ਦੀ ਦੁਕਾਨ ਅਤੇ ਖੇਤੀ ਜਿਣਸਾਂ ਦੀ ਆੜ੍ਹਤ ਹੁੰਦੀ ਸੀ।ਫੌਜੀ ਹਮਲੇ ਤੋਂ ਕਈ ਮਹੀਨੇ ਪਹਿਲਾਂ ਭਾਈ ਸਰਬਜੀਤ ਸਿੰਘ ਅਤੇ ਉਹਨਾਂ ਦੇ ਵੱਡੇ ਭਰਾ ਭਾਈ ਜਸਵੰਤ ਸਿੰਘ ਨੇ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਜਾ ਕੇ ਆਪਣੀਆਂ ਸੇਵਾਵਾਂ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਨੂੰ ਸਮਰਪਿਤ ਕਰ ਦਿੱਤੀਆਂ ਸੀ। ਜਦੋਂ 31 ਮਈ ਨੂੰ ਭਾਰਤੀ ਫੌਜ ਅੰਮ੍ਰਿਤਸਰ ਸ਼ਹਿਰ ਵਿੱਚ ਪਹੁੰਚਣੀ ਸ਼ੁਰੂ ਹੋਈ ਤਾਂ ਮੋਰਚੇ ਦੀ ਕਮਾਨ ਕਰ ਰਹੇ ਜਨਰਲ ਸ਼ਬੇਗ ਸਿੰਘ ਜੀ ਨੇ ਉਹਨਾਂ ਦੋਵੇਂ ਭਰਾਵਾਂ ਸਮੇਤ ਭਾਈ ਮਹਿੰਦਰ ਸਿੰਘ ਗੰਡੀਵਿੰਡ ਅਤੇ ਭਾਈ ਗੁਲਜ਼ਾਰ ਸਿੰਘ ਗੰਡੀ ਵਿੰਡ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਪਿੱਛਲੇ ਬਜ਼ਾਰ ਤੋਂ ਪਾਰ ਇੱਕ ਮੋਰਚੇ ਉਪਰ ਤੈਨਾਤ ਕਰ ਦਿੱਤਾ ਸੀ। ਇਹ ਮੋਰਚਾ ਕਿਸੇ ਦੀ ਨਿੱਜੀ ਦੁਕਾਨ ਉੱਪਰ ਮਾਲਕ ਦੀ ਸਹਿਮਤੀ ਤੋਂ ਬਗੈਰ ਬਣਾਇਆ ਗਿਆ ਸੀ। ਇਹ ਮੋਰਚਾ ਸੰਤ ਭਿੰਡਰਾਂ ਵਾਲਿਆਂ ਦੇ ਕਮਰੇ ਦੇ ਬਿਲਕੁਲ ਪਿੱਛੇ ਬਾਜ਼ਾਰ ਦੇ ਪਾਰ ਸੀ। ਭਾਈ ਸਾਹਿਬ ਨੇ ਇਹ ਗੱਲ ਵੀ ਸਪਸ਼ਟ ਕਰ ਦਿੱਤੀ ਹੈ। ਕਿ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੀ ਰਿਹਾਇਸ਼ ਸ੍ਰੀ ਅਕਾਲ ਤਖਤ ਸਾਹਿਬ ਉੱਪਰ ਨਹੀਂ ਸਗੋਂ ਨਾਲ ਲੱਗਦੇ ਇੱਕ ਵੱਖਰੇ ਕਮਰੇ ਵਿੱਚ ਸੀ। ਬਾਜ਼ਾਰ ਤੋਂ ਪਾਰ ਇਸ ਮੋਰਚੇ ਵਿੱਚ ਪਹੁੰਚਣ ਲਈ ਇੰਨ੍ਹਾਂ ਸਿੰਘਾਂ ਨੇ ਬਾਂਸ ਦੀਆਂ ਦੋ ਪੌੜੀਆਂ ਨੂੰ ਆਪਸ ਵਿੱਚ ਰੱਸੀਆਂ ਨਾਲ ਬੰਨ ਕੇ ਬਾਜ਼ਾਰ ਵਾਲੀ ਗਲੀ ਪਾਰ ਕਰਨ ਲਈ ਆਰਜ਼ੀ ਪੁਲ ਬਣਾ ਲਿਆ ਸੀ। ਖਾਲੜਾ ਭਰਾਵਾਂ ਦਾ ਇਹ ਮੋਰਚਾ ਸੰਤ ਭਿੰਡਰਾਂ ਵਾਲਿਆਂ ਦੇ ਕਮਰੇ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੀ ਪਿਛਲੇ ਪਾਸਿਓਂ ਸੁਰੱਖਿਆ ਕਰਦਾ ਸੀ ।ਪਹਿਲੀ ਜੂਨ ਨੂੰ ਜਦੋਂ ਸੀ ਆਰ ਪੀ ਐਫ ਨੇ ਦਰਬਾਰ ਸਾਹਿਬ ਵੱਲ ਫਾਇਰਿੰਗ ਕਰਨੀ ਸ਼ੁਰੂ ਕੀਤੀ। ਤਾਂ ਸ਼ੁਰੂਆਤ ਵਿੱਚ ਹੀ ਭਾਈ ਸਰਬਜੀਤ ਸਿੰਘ ਜੀ ਸੱਜੇ ਮੋਢੇ ਵਿੱਚ ਗੋਲੀ ਲੱਗਣ ਨਾਲ ਸਖਤ ਜਖਮੀ ਹੋ ਗਏ ਸੀ। ਗੋਲੀ ਲੱਗਣ ਪਿੱਛੋਂ ਉਹ ਔਖੇ ਸੌਖੇ ਪੌੜੀ ਦੇ ਪੁਲ ਰਾਹੀਂ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪਹੁੰਚਣ ਵਿੱਚ ਸਫਲ ਹੋ ਗਏ ਸੀ। ਭਾਈ ਸਰਬਜੀਤ ਸਿੰਘ ਵੱਲੋਂ ਪੁਲ ਪਾਰ ਕਰ ਜਾਣ ਪਿੱਛੋਂ ਭਾਈ ਗੁਲਜਾਰ ਸਿੰਘ ਨੇ ਵੀ ਭਾਈ ਸਰਬਜੀਤ ਸਿੰਘ ਦੀ ਦੇਖ ਰੇਖ ਕਰਨ ਵਾਸਤੇ ਪੌੜੀ ਦੇ ਪੁਲ ਨੂੰ ਪਾਰ ਕਰਕੇ ਸ੍ਰੀ ਅਕਾਲ ਤਖਤ ਸਾਹਿਬ ਵਾਲੇ ਪਾਸੇ ਜਾਣ ਦੀ ਕੋਸ਼ਿਸ਼ ਕੀਤੀ ਸੀ।ਪਰ ਉਨ੍ਹਾਂ ਦਾ ਸਰੀਰ ਭਾਰਾ ਹੋਣ ਕਰਕੇ ਪੁਲ ਦੇ ਅੱਧ ਵਿਚਕਾਰ ਜਾਣ ਸਮੇਂ ਉਕਤ ਬਾਂਸ ਦਾ ਟੁੱਟ ਗਿਆ ਸੀ।ਅਤੇ ਭਾਈ ਗੁਲਜਾਰ ਸਿੰਘ ਜੀ ਬਾਜ਼ਾਰ ਵਾਲੀ ਗਲੀ ਵਿੱਚ ਧੜੰਮ ਦੇ ਕੇ ਡਿੱਗ ਗਏ ਸੀ।ਡਿੱਗਣ ਸਮੇਂ ਉਨ੍ਹਾਂ ਦੀਆਂ ਲੱਤਾਂ ਟੁੱਟ ਗਈਆਂ ਸੀ।ਅਤੇ ਉਨ੍ਹਾਂ ਨੂੰ ਗਲੀ ਵਿੱਚ ਤੜਫਦੇ ਹੋਇਆ ਨੂੰ ਗਿਰਫ਼ਤਾਰ ਕਰ ਲਿਆ ਗਿਆ ਸੀ।

ਦਰਬਾਰ ਸਾਹਿਬ ਵਿੱਚ ਭਾਈ ਸਰਬਜੀਤ ਸਿੰਘ ਨੂੰ ਮੁੱਢਲੀ ਡਾਕਟਰੀ ਸਹਾਇਤਾ ਇੱਕ ਸਿੱਖ ਡਾਕਟਰ ਦਲਜੀਤ ਸਿੰਘ ਨੇ ਆ ਕੇ ਦਿੱਤੀ ਸੀ। ਜ਼ਖ਼ਮੀ ਸਿੱਖ ਸ਼ਰਧਾਲੂਆਂ ਦੀ ਦੇਖ ਰੇਖ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਗੁਰੂ ਤੇਗ ਬਹਾਦਰ ਹਸਪਤਾਲ ਤੋਂ ਡਾਕਟਰਾਂ ਦੀ ਇੱਕ ਟੀਮ ਪਹੁੰਚੀ ਹੋਈ ਸੀ।ਉਕਤ ਟੀਮ ਦੇ ਨਾਲ ਹੀ ਡਾਕਟਰ ਦਲਜੀਤ ਸਿੰਘ ਵੀ ਦਰਬਾਰ ਸਾਹਿਬ ਕੰਪਲੈਕਸ ਵਿੱਚ ਪਹੁੰਚੇ ਹੋਏ ਸੀ ।ਭਾਈ ਸਰਬਜੀਤ ਸਿੰਘ ਨੂੰ ਵੀ ਜ਼ਖਮੀ ਸ਼ਰਧਾਲੂਆਂ ਦੇ ਨਾਲ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਗੱਡੀ ਵਿੱਚ ਪਾ ਕੇ ਗੁਰੂ ਤੇਗ ਬਹਾਦਰ ਸਾਹਿਬ ਹਸਪਤਾਲ ਵਿਖੇ ਭੇਜ ਕੇ ਦਾਖਲ ਕਰਾ ਦਿੱਤਾ ਗਿਆ ਸੀ। ਕਿਉਂਕਿ ਭਾਈ ਸਾਹਿਬ ਨੇ ਆਪਣੀ ਅਸਲ ਪਛਾਣ ਲਕੋ ਕੇ ਆਪਣੇ ਆਪ ਨੂੰ ਇੱਕ ਸ਼ਰਧਾਲੂ ਦੱਸਿਆ ਹੋਇਆ ਸੀ।ਉਨ੍ਹਾਂ ਨੇ ਬੜੀ ਹੁਸ਼ਿਆਰੀ ਨਾਲ ਆਪਣਾ ਜੱਦੀ ਪਿੰਡ ਮਾਣੇ ਮੱਲੀਆਂ ਦੀ ਥਾਂ ਖਾਲੜਾ ਦੱਸਿਆ ਸੀ।ਵਾਹਿਗੁਰੂ ਦੀ ਕਿਰਪਾ ਹੋਈ ਕਿ ਇਸ ਫੜੋ ਫੜੀ ਦੇ ਮਹੌਲ ਵਿੱਚ ਫੌਜ ਜਾਂ ਕਿਸੇ ਸਰਕਾਰੀ ਏਜੰਸੀ ਨੇ ਵੀ ਉਨ੍ਹਾਂ ਦੇ ਘਰ ਦੇ ਅਸਲੀ ਪਤੇ ਦੀ ਪੁਸ਼ਟੀ ਕਰਨ ਦੀ ਕੋਸ਼ਿਸ਼ ਹੀ ਨਹੀਂ ਕੀਤੀ ਸੀ। ਨਹੀਂ ਤਾਂ ਪਿੰਡ ਮਾਣੇ ਮੱਲੀਆਂ ਵਿੱਚੋਂ ਪਤਾ ਲੱਗ ਹੀ ਜਾਣਾ ਸੀ। ਕਿ ਇਹ ਦੋ ਭਰਾ ਸੰਤ ਭਿੰਡਰਾਂ ਵਾਲਿਆਂ ਦੀ ਮਰਜੀਵੜਾ ਫੌਜ ਵਿੱਚ ਭਰਤੀ ਹੋ ਗਏ ਸਨ।ਕਿਉਂਕਿ ਖਾਲੜਾ ਇੱਕ ਕਸਬਾ ਨੁੰਮਾ ਪਿੰਡ ਹੈ। ਜਦ ਕਿ ਮਾਣੇ ਮੱਲੀਆਂ ਇੱਕ ਛੋਟਾ ਜਿਹਾ ਘੱਟ ਵਸੋਂ ਵਾਲਾ ਪਿੰਡ ਹੈ।ਉਸ ਸਮੇਂ ਹਸਪਤਾਲ ਚ ਅੰਮ੍ਰਿਤਸਰ ਦਾ ਡਿਪਟੀ ਕਮਿਸ਼ਨਰ ਮਹੇਸ਼ਇੰਦਰ ਸਿੰਘ ਵੀ ਗੇੜਾ ਮਾਰਨ ਲਈ ਆਉਂਦਾ ਹੁੰਦਾ ਸੀ। ਡਿਪਟੀ ਕਮਿਸ਼ਨਰ ਭਾਈ ਸਰਬਜੀਤ ਸਿੰਘ ਖਾਲੜਾ ਦਾ ਵੀ ਉਹ ਹਾਲ ਚਾਲ ਪੁੱਛ ਕੇ ਗਿਆ ਸੀ। ਕਿ ਕਾਕਾ ਜੀ ਕੀ ਤੇਰਾ ਇਲਾਜ ਠੀਕ ਠਾਕ ਵੀ ਚੱਲਦਾ ਹੈ ।ਡੀਸੀ ਮਹੇਸ਼ ਇੰਦਰ ਸਿੰਘ ਸਰਦਾਰ ਪ੍ਰਕਾਸ਼ ਸਿੰਘ ਬਾਦਲ ਦਾ ਰਿਸ਼ਤੇ ਵਿੱਚੋਂ ਸਾਲਾ ਲੱਗਦਾ ਸੀ। ਅੰਮ੍ਰਿਤਸਰ ਜ਼ਿਲ੍ਹੇ ਦੇ ਮੌਜੂਦਾ ਡਿਪਟੀ ਕਮਿਸ਼ਨਰ ਸਰਦਾਰ ਗੁਰਦੇਵ ਸਿੰਘ ਨੇ ਮਿਲਟਰੀ ਨੂੰ ਕਿਸੇ ਵੀ ਕਿਸਮ ਦਾ ਸਹਿਯੋਗ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਜਿਸ ਕਰਕੇ ਡੀਸੀ ਗੁਰਦੇਵ ਸਿੰਘ ਨੂੰ ਫਾਰਗ ਕਰਕੇ ਸਰਦਾਰ ਪ੍ਰਕਾਸ਼ ਸਿੰਘ ਬਾਦਲ ਦੀ ਸਿਫਾਰਸ਼ ਉੱਤੇ ਬਾਦਲ ਦੇ ਨਜ਼ਦੀਕੀ ਰਿਸ਼ਤੇਦਾਰ ਮਹੇਸ਼ ਇੰਦਰ ਸਿੰਘ ਨੂੰ ਇੰਦਰਾ ਗਾਂਧੀ ਸਰਕਾਰ ਨੇ ਉੱਤਰ ਪ੍ਰਦੇਸ਼ ਸੂਬੇ ਤੋਂ ਲਿਆ ਕੇ ਅੰਮ੍ਰਿਤਸਰ ਦਾ ਡਿਪਟੀ ਕਮਿਸ਼ਨਰ ਲਗਾ ਦਿੱਤਾ ਸੀ। ਭਾਈ ਖਾਲੜਾ ਹਸਪਤਾਲ ਵਿੱਚ 15 ਦਿਨ ਖ਼ੂਨ ਅਤੇ ਪਸੀਨੇ ਨਾਲ ਭਿੱਜੇ ਹੋਏ ਬਦਬੂ ਮਾਰਦੇ ਕੱਪੜਿਆਂ ਵਿੱਚ ਹੀ ਪਏ ਰਹੇ ਸੀ। ਫਿਰ 15 ਦਿਨਾਂ ਪਿੱਛੋਂ ਭਾਈ ਸਾਹਿਬ ਦੇ ਘਰ ਪਿੰਡ ਮਾਣੇ ਮੱਲੀਆਂ ਪਤਾ ਲੱਗ ਜਾਣ ਪਿੱਛੋਂ ਮਾਤਾ ਜੀ ਆਪਣੇ ਲਖ ਤੇ ਜਿਗਰ ਨੂੰ ਮਿਲਣ ਲਈ ਹਸਪਤਾਲ ਵਿੱਚ ਆਏ ਸੀ। ਮਾਤਾ ਜੀ ਨੇ ਉਸ ਦਿਨ ਬਦਬੂ ਮਾਰਦੇ ਖ਼ੂਨ ਪਸੀਨੇ ਨਾਲ ਭਿੱਜੇ ਕੱਪੜੇ ਉਤਰਵਾ ਕੇ ਆਪਣੇ ਪੁੱਤਰ ਨੂੰ ਨਵੇਂ ਕੱਪੜੇ ਪਹਿਨਾਏ ਸੀ। ਭਾਈ ਖਾਲੜਾ ਨੂੰ 18 ਦਿਨਾਂ ਵਿੱਚੋਂ ਹਸਪਤਾਲ ਤੋਂ ਛੁੱਟੀ ਕਰਾ ਕੇ ਮਿਲਟਰੀ ਵਾਲੇ ਆਪਣੀ ਗੱਡੀ ਵਿੱਚ ਚੁੱਕ ਕੇ ਆਪਣੇ ਕੈਂਪ ਵਿੱਚ ਲੈ ਗਏ ਸੀ ।ਹਸਪਤਾਲ ਵਿੱਚ ਅਮਰਜੀਤ ਸਿੰਘ ਨਾਮ ਦੇ ਇੱਕ ਡਾਕਟਰ ਨੇ ਮਿਲਟਰੀ ਦੀ ਇਸ ਹਰਕਤ ਦਾ ਡੱਟ ਕੇ ਵਿਰੋਧ ਕੀਤਾ ਸੀ। ਡਾਕਟਰ ਅਮਰਜੀਤ ਸਿੰਘ ਜੀ ਕਹਿੰਦੇ ਜਦੋਂ ਤੱਕ ਮੈਂ ਕਿਸੇ ਮਰੀਜ ਨੂੰ ਸਰੀਕ ਤੌਰ ਉਤੇ ਫਿੱਟ ਲਿਖ ਕੇ ਛੁੱਟੀ ਨਹੀਂ ਦੇ ਦਿੰਦਾ ਉਨੀ ਦੇਰ ਤੁਸੀਂ ਮੇਰੇ ਮਰੀਜ਼ ਨੂੰ ਲੈ ਕੇ ਨਹੀਂ ਜਾ ਸਕਦੇ। ਸਿੱਖ ਡਾਕਟਰ ਸਾਹਿਬ ਅਮਰਜੀਤ ਸਿੰਘ ਫੌਜੀ ਜਵਾਨਾਂ ਨਾਲ ਹੱਥੋਪਾਈ ਹੋਣ ਤੱਕ ਪਹੁੰਚ ਚੁੱਕੇ ਸੀ। ਪਰ ਫੌਜੀਆਂ ਨੇ ਡਾਕਟਰ ਸਾਹਿਬ ਦੀਆਂ ਦਲੀਲਾਂ ਦੀ ਕੋਈ ਪੇਸ਼ ਨਾ ਜਾਣ ਦਿੱਤੀ ।ਅਤੇ ਚਲਦੇ ਇਲਾਜ ਦੌਰਾਨ ਹੀ ਭਾਈ ਸਾਹਿਬ ਨੂੰ ਚੁੱਕ ਕੇ ਲੈ ਗਏ ਸੀ। ਮਿਲਟਰੀ ਕੈਂਪ ਵਿੱਚ ਤਿੰਨ ਮਹੀਨੇ ਤੱਕ ਉਨ੍ਹਾਂ ਉੱਪਰ ਘੋਰ ਸਰੀਰਕ ਅਤੇ ਮਾਨਸਿਕ ਤਸ਼ੱਦਦ ਹੁੰਦਾ ਰਿਹਾ। ਫੌਜੀ ਅਤੇ ਪੁਲਿਸ ਅਫਸਰਾਂ ਸਮੇਤ ਦਰਜ਼ਨਾ ਹੀ ਵੱਖ ਵੱਖ ਭਾਰਤੀ ਏਜੰਸੀਆਂ ਦੇ ਬੰਦੇ ਦਿਨ ਰਾਤ ਉਨ੍ਹਾਂ ਕੋਲੋਂ ਕੁੱਟ ਮਾਰ ਕਰਕੇ 20-20 ਘੰਟੇ ਤੱਕ ਪੁੱਛ ਗਿੱਛ ਕਰਦੇ ਰਹੇ।ਉਸ ਮਿਲਟਰੀ ਕੈਂਪ ਵਿੱਚ ਹੋਰ ਵੀ ਬਹੁਤ ਸਾਰੇ ਜਖਮੀ ਸਿੱਖ ਸ਼ਰਧਾਲੂਆਂ ਤੇ ਜੁਝਾਰੂਆਂ ਕੋਲੋਂ ਵੀ ਪੁੱਛ ਗਿੱਛ ਹੁੰਦੀ ਰਹੀ ਸੀ।ਪੁੱਛ ਗਿੱਛ ਦੌਰਾਨ ਹੀ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਭਾਈ ਬਲਵਿੰਦਰ ਸਿੰਘ ਭਾਈ ਕੁਲਦੀਪ ਸਿੰਘ ਅਤੇ ਭਾਈ ਜਸਵੀਰ ਸਿੰਘ ਸਮੇਤ ਦਰਜ਼ਨਾਂ ਹੀ ਜਖਮੀ ਸਿੰਘ ਉਸ ਫੌਜੀ ਕੈਂਪ ਵਿੱਚ ਇਲਾਜ ਖੁਣੋਂ ਅਤੇ ਤਸ਼ੱਦਰ ਝੱਲਦੇ ਹੋਏ ਸ਼ਹੀਦੀ ਪ੍ਰਾਪਤ ਕਰ ਗਏ ਸੀ। ਮਿਲਟਰੀ ਵੱਲੋਂ ਇਹੋ ਜਿਹੇ ਦਰਜ਼ਨ ਹੀ ਹੋਰ ਤਸੀਹਾ ਕੇਂਦਰ ਆਪਣੇ ਵੱਖ-ਵੱਖ ਕੈਂਪਾਂ ਵਿੱਚ ਖੋਲ ਰੱਖੇ ਹੋਏ ਸੀ। ਲਗਾਤਾਰ ਦੋ ਤਿੰਨ ਮਹੀਨੇ ਤੱਕ ਮਿਲਟਰੀ ਕੈਂਪ ਵਿੱਚ ਰੱਖਣ ਸਮੇਂ ਫੌਜ ਉਨ੍ਹਾਂ ਕੋਲੋਂ ਕੋਈ ਵੀ ਗੱਲ ਦੀ ਜਾਣਕਾਰੀ ਹਾਸਿਲ ਨਹੀਂ ਕਰ ਸਕੀ ਸੀ। ਜਿਸ ਕਰਕੇ ਤਿੰਨ ਮਹੀਨੇ ਦੀ ਪੁੱਛ ਗਿੱਛ ਪਿੱਛੋਂ ਭਾਈ ਸਾਹਿਬ ਉੱਪਰ 107/151 ਦਾ ਮਮੂਲੀ ਜਿਹਾ ਕੇਸ ਪਾ ਕੇ ਕੇਂਦਰੀ ਜ਼ੇਲ੍ਹ ਗੁਮਟਾਲਾ ਅੰਮ੍ਰਿਤਸਰ ਵਿਖੇ ਬੰਦ ਕਰ ਦਿੱਤਾ ਗਿਆ ਸੀ। ਕੇਂਦਰੀ ਜੇਲ ਅੰਮ੍ਰਿਤਸਰ ਵਿੱਚ 20 ਦਿਨ ਬੰਦ ਰਹਿਣ ਮਗਰੋ ਪਰਿਵਾਰ ਨੇ ਉਨ੍ਹਾਂ ਦੀ ਜਮਾਨਤ ਕਰਵਾ ਲਈ ਸੀ। ਭਾਈ ਸਰਬਜੀਤ ਸਿੰਘ ਦੇ ਗੋਲੀ ਲੱਗ ਜਾਣ ਤੇ ਭਾਈ ਗੁਲਜਾਰ ਸਿੰਘ ਦੀ ਲੱਤ ਟੁੱਟ ਜਾਣ ਵਿੱਚੋਂ ਉਹਨਾਂ ਦੇ ਵੱਡੇ ਭਰਾ ਭਾਈ ਜਸਵੰਤ ਸਿੰਘ ਖਾਲੜਾ ਅਤੇ ਭਾਈ ਮਹਿੰਦਰ ਸਿੰਘ ਗੰਡੀਵਿੰਡ ਦੋਵਾਂ ਨੇ ਹੀ ਇਹ ਮੋਰਚਾ ਸਾਂਭਿਆ ਹੋਇਆ ਸੀ ।ਪੌੜੀ ਦਾ ਪਲ ਟੁੱਟ ਜਾਣ ਵਿੱਚੋਂ ਉਨ੍ਹਾਂ ਦੋਵੇਂ ਸਿੰਘਾਂ ਦੀ ਦਰਬਾਰ ਸਾਹਿਬ ਵਾਲੇ ਪਾਸਿਓਂ ਸਪਲਾਈ ਲਾਈਨ ਟੁੱਟ ਗਈ ਸੀ। ਉਹਨਾਂ ਕੋਲ ਪੀਣ ਵਾਲਾ ਪਾਣੀ, ਭੱਜੇ ਹੋਏ ਛੋਲੇ ਅਤੇ ਗੋਲੀ ਸਿੱਕਾ ਖਤਮ ਤੋਂ ਜਾਣ ਪਿੱਛੋਂ ਉਹ ਦੋਵੇਂ ਸਿੰਘ ਨਿਹੱਥੇ ਹੋ ਕੇ ਰਹਿ ਗਏ ਸੀ। ਜਿਸ ਕਰਕੇ ਭਾਈ ਜਸਵੰਤ ਸਿੰਘ ਅਤੇ ਭਾਈ ਮਹਿੰਦਰ ਸਿੰਘ ਨੂੰ ਮੋਰਚੇ ਵਿੱਚੋਂ ਨਿਕਲ ਕੇ ਦਰਬਾਰ ਸਾਹਿਬ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕਰਦਿਆਂ ਨੂੰ ਬਾਜ਼ਾਰ ਵਾਲੀ ਗਲੀ ਵਿੱਚੋਂ ਭਾਰਤੀ ਫੌਜ ਨੇ ਗ੍ਰਿਫਤਾਰ ਕਰ ਲਿਆ ਸੀ।ਉਨ੍ਹਾਂ ਦੋਵਾਂ ਸਿੰਘਾਂ ਉੱਪਰ ਵੀ ਮਿਲਟਰੀ ਵਿੱਚ ਤਿੰਨ ਚਾਰ ਮਹੀਨੇ ਤੱਕ ਘੋਰ ਤਸ਼ੱਦਦ ਹੁੰਦਾ ਰਿਹਾ ਸੀ ।ਭਾਈ ਸਰਬਜੀਤ ਸਿੰਘ ਬਾਰੇ ਉਹਨਾਂ ਸਿੰਘਾਂ ਨੇ ਵੀ ਮਿਲਟਰੀ ਕੋਲ ਕੋਈ ਗੱਲ ਨਹੀਂ ਦੱਸੀ ਸੀ। ਮਿਲਟਰੀ ਕੈਂਪ ਦੀ ਹਿਰਾਸਤ ਵਿੱਚੋਂ ਭਾਈ ਜਸਵੰਤ ਸਿੰਘ ਅਤੇ ਭਾਈ ਮਹਿੰਦਰ ਸਿੰਘ ਨੂੰ ਪਹਿਲਾਂ ਗੁਮਟਾਲਾ ਜੇਲ੍ਹ ਵਿੱਚ ਭੇਜ ਦਿੱਤਾ ਗਿਆ ਸੀ। ਫਿਰ ਰਾਜਸਥਾਨ ਦੀ ਯੋਧ ਪੁਰ ਜੇਲ ਵਿੱਚ ਲੈ ਜਾ ਕੇ ਬੰਦ ਕਰ ਦਿੱਤਾ ਗਿਆ ਸੀ ।ਜੋਧਪੁਰ ਤੋਂ ਉਨ੍ਹਾਂ ਨੂੰ ਨੂੰ ਬਾਕੀ ਸੈਂਕੜੇ ਸਿੰਘਾਂ ਦੇ ਨਾਲ ਪੰਜ ਸਾਲਾਂ ਵਿੱਚੋਂ ਰਿਹਾ ਕੀਤਾ ਗਿਆ ਸੀ ।ਅੰਮ੍ਰਿਤਸਰ ਦੀ ਗੁਮਟਾਲਾ ਜੇਲ ਤੋਂ ਜਮਾਨਤ ਹੋ ਜਾਣ ਪਿੱਛੋਂ ਭਾਈ ਸਰਬਜੀਤ ਸਿੰਘ ਖਾਲੜਾ ਨੂੰ ਪਰਿਵਾਰ ਨੇ ਮਹਾਰਾਸ਼ਟਰ ਦੇ ਸ਼ਹਿਰ ਨਾਗਪੁਰ ਦੀ ਰੇਲ ਚੜਾ ਦਿੱਤਾ ਸੀ। ਨਾਗਪੁਰ ਦੇ ਟਰਾਂਸਪੋਰਟ ਨਗਰ ਵਿੱਚ ਜਾ ਕੇ ਉਨ੍ਹਾਂ ਨੇ ਕਈ ਸਾਲਾਂ ਤੱਕ ਟਰੱਕ ਉਤੇ ਕਲੀਨਰ ਦੀ ਨੌਕਰੀ ਕੀਤੀ ਸੀ।ਅਤੇ ਫਿਰ ਗੱਡੀ ਸਿੱਖ ਕੇ ਡਰਾਈਵਰੀ ਵੀ ਕੀਤੀ ਸੀ। ਪੰਜ ਸੱਤ ਸਾਲਾਂ ਪਿੱਛੋਂ ਜਦੋਂ ਪੰਜਾਬ ਵਿੱਚ ਟਿਕ ਟਕਾ ਹੋ ਗਿਆ ਤਾਂ ਭਾਈ ਖਾਲੜਾ ਆਪਣੇ ਪਿੰਡ ਆ ਗਏ ਸੀ। ਪਿੰਡ ਆ ਕੇ ਭਾਈ ਸਾਹਿਬ ਨੇ ਵਿਆਹ ਕਰਵਾਇਆ ਸੀ। ਉਨ੍ਹਾਂ ਦੇ ਘਰ ਇੱਕ ਬੇਟੇ ਨੇ ਜਨਮ ਲਿਆ ਸੀ। ਉਹਨਾਂ ਦਾ ਇਕਲੌਤਾ ਬੇਟਾ ਅੱਜ ਕੱਲ੍ਹ ਕਨੇਡਾ ਵਿੱਚ ਪੜ੍ਹਾਈ ਕਰ ਰਿਹਾ ਹੈ।ਹੁਣ ਭਾਈ ਸਰਬਜੀਤ ਸਿੰਘ ਅਤੇ ਭਾਈ ਜਸਵੰਤ ਸਿੰਘ ਦੋਵੇਂ ਭਰਾ ਆਪਣੇ ਜੱਦੀ ਪਿੰਡ ਮਾਣੇ ਮੱਲੀਆਂ ਨੂੰ ਛੱਡ ਕੇ ਸਰਹੱਦੀ ਕਸਬਾ ਖਾਲੜਾ ਵਿਖੇ ਚੜ੍ਹਦੀ ਕਲਾ ਨਾਲ ਸੁੱਖੀ ਜੀਵਨ ਬਸਰ ਕਰ ਰਹੇ ਹਨ ।ਹੁਣ ਸਰਬਜੀਤ ਸਿੰਘ ਨੇ ਆਪਣੇ ਭਰਾ ਭਾਈ ਜਸਵੰਤ ਸਿੰਘ ਖਾਲੜਾ ਨਾਲ ਰਲ ਕੇ ਆਪਣਾ ਆੜ੍ਹਤ ਦਾ ਪੁਰਾਣਾ ਕੰਮ ਕਸਬਾ ਖਾਲੜਾ ਦੀ ਦਾਣਾ ਮੰਡੀ ਵਿਖੇ ਸਥਾਪਿਤ ਕਰ ਲਿਆ ਹੈ। ਅਸੀਂ ਮੰਗ ਕਰਦੇ ਹਾਂ ਕਿ ਧਰਮ ਯੁੱਧ ਵਿੱਚੋਂ ਜਿਉਂਦੇ ਬਚ ਆਏ ਕੌਮੀ ਯੋਧਿਆਂ ਭਾਈ ਸਰਬਜੀਤ ਸਿੰਘ ਖਾਲੜਾ ਅਤੇ ਦੋਵੇਂ ਲੱਤਾਂ ਤੁੜਵਾਉਣ ਵਾਲੇ ਭਾਈ ਗੁਲਜ਼ਾਰ ਸਿੰਘ ਗੰਡੀਵਿੰਡ ਨੂੰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਜਿੰਦਾ ਸ਼ਹੀਦ ਦੇ ਖਿਤਾਬ ਨਾਲ ਨਿਵਾਜਿਆ ਜਾਣਾ ਚਾਹੀਦਾ ਹੈ। ਭਾਈ ਖਾਲੜਾ ਸਾਹਿਬ ਨੂੰ ਜੂਨ 84 ਦੇ ਖ਼ੂਨੀ ਸਾਕੇ ਦਾ ਜਿਉਂਦਾ ਜਾਗਦਾ ਇਤਿਹਾਸਕ ਦਸਤਾਵੇਜ ਕਿਹਾ ਜਾ ਸਕਦਾ ਹੈ।ਦੋਵੇਂ ਖਾਲੜਾ ਭਰਾਵਾਂ ਭਾਈ ਸਰਬਜੀਤ ਸਿੰਘ ਜੀ ਅਤੇ ਭਾਈ ਜਸਵੰਤ ਸਿੰਘ ਜੀ ਨੂੰ ਜਨਮ ਦੇਣ ਵਾਲੀ ਕੁੱਖ ਦੀ ਮਾਲਕ ਸ਼ੀਹਣੀ ਮਾਂ ਨੂੰ ਮੈਂ ਲੱਖ ਵਾਰ ਸਲਾਮ ਕਰਦਾ ਹਾਂ। ••



1. ਇੱਕ ਫੋਟੋ ਭਾਈ ਸਾਹਿਬ ਦੀ ਜੂਨ 84 ਦੇ ਸਾਕੇ ਵਿੱਚ ਜ਼ਖ਼ਮੀ ਹੋ ਜਾਣ ਸਮੇਂ ਦੀ ਹੈ। 2. ਦੂਜੀ ਫੋਟੋ ਅੱਜ ਤੋਂ ਪੰਜ ਸਾਲ ਪਹਿਲਾਂ ਅੰਮ੍ਰਿਤਸਰ ਸਾਹਿਬ ਵਿਖੇ ਮੇਰੇ ਨਾਲ ਉਨ੍ਹਾਂ ਦੀ ਮੁਲਾਕਾਤ ਹੋਣ ਸਮੇਂ ਦੀ ਹੈ।

---★ ਗੁਰੂ ਪੰਥ ਦਾ ਦਾਸ ★---

ਅਮਰਜੀਤ ਸਿੰਘ ਬਡਗੁਜਰਾਂ 95012 6100

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


SOUTHALL
ਆਵਾਜ਼ਿ ਕੌਮ
AWAZE QAUM
International Newspaper & WEB TV
ਅੰਮ੍ਰਿਤ ਸੰਚਾਰ
AMRIT SANCHAR
SUNDAY
15TH JUN
AT
12:30PM
GURDWARA SRI GURU SINGH SABHA
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN
(BODY & HAIR WASH)
CONTACT 07940 270 120 FOR MORE DETAILS

### ਗ੍ਰੀਨ ਹਾਈਵੇ ਪ੍ਰੋਜੈਕਟ ਨੂੰ ਅੱਗ ਲੱਗਣ ਨਾਲ 4 ਹਜ਼ਾਰ ਰੁੱਖ ਸੜਕੇ ਨਸ਼ਟ

# ਵਾਤਾਵਰਣ ਪ੍ਰੇਮੀਆ ਨੇ ਜਤਾਇਆ ਭਾਰੀ ਰੋਸ












**ਚੌਕ ਮਹਿਤਾ, 4 ਜੂਨ, ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਅੰਮ੍ਰਿਤਸਰ ਪਠਾਨਕੋਟ ਸੜਕੀ ਮਾਰਗ ਤੇ ਪੈਂਦੇ ਕਸਬਾ ਵੇਰਕਾ ਦੇ ਨਵੇਂ ਬਾਈਪਾਸ ਤੇ ਬਣਾਏ ਜਲੇਬੀਪੁਲ ਕਿਨਾਰੇ ਗ੍ਰੀਨ ਹਾਈਵੇ ਪ੍ਰੋਜੈਕਟ ਤਹਿਤ ਲਗਾਏ ਗਏ ਲਗਭਗ 4 ਹਜ਼ਾਰ ਹਰੇ ਭਰੇ ਬੂਟੇ ਜੋ ਰੁੱਖ ਬਣ ਰਹੇ ਸਨ ਜਿਸਨੂੰ ਕਿਸੇ ਸ਼ਰਾਰਤੀ ਅਨਸਰ ਦੁਆਰਾ ਲਗਾਈ ਅੱਗ ਨਾਲ ਸੜਕੇ ਪੂਰੀ ਤਰ੍ਹਾਂ ਨਾਲ ਨਸ਼ਟ ਹੋ ਗਏ।

ਇਹ ਰੁੱਖ 3 ਸਾਲ ਪਹਿਲਾ ਕਾਰ ਸੇਵਾ ਵਾਲਾ ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆ ਤੋਂ ਇਲਾਵਾ ਵਣ ਵਿਭਾਗ ਦੁਆਰਾ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ 400 ਸਾਲਾ ਜਨਮ ਸ਼ਤਾਬਦੀ ਦੇ ਸਬੰਧ ਦੌਰਾਨ ਲਗਾਏ ਸਨ ਜੋ ਕਾਫੀ ਵੱਡੇ ਹੋਕੇ ਬਾਗ ਦੇ ਰੂਪ ਵਿਚ ਨਜ਼ਰ ਆਉਂਦੇ ਸਨ। ਇਨ੍ਹਾਂ ਰੁੱਖਾਂ ਨੂੰ ਕਿਸੇ ਸ਼ਰਾਰਤੀ ਅਨਸਰ ਦੁਆਰਾ 3 ਜੂਨ ਸਵੇਰ ਵੇਲੇ ਅੱਗ ਲਗਾ ਦਿੱਤੀ ਜਿਸ ਨਾਲ ਇਹ ਅੱਗ ਪੂਰੀ ਤਰ੍ਹਾਂ ਨਾਲ ਫੈਲ ਗਈ ਜਿਸਨੇ ਸਾਰੇ ਰੁੱਖਾਂ ਨੂੰ ਆਪਣੀ ਲਪੇਟ ਵਿਚ ਲੈ ਲਿਆ ਤੇ ਇਹ ਰੁੱਖ ਜਿੰਨ੍ਹਾਂ ਦੀ ਸੰਖਿਆ 4 ਹਜ਼ਾਰ ਦੱਸੀ ਗਈ ਹੈ ਸਾਰੇ ਅੱਗ ਦੀ ਲਪੇਟ ਵਿਚ ਆਉਣ ਨਾਲ ਨਸ਼ਟ ਹੋ ਗਏ। ਅੱਗ ਲੱਗਣ ਨਾਲ ਪੈਦਾ ਹੋਏ ਵੱਡੇ ਪੱਧਰ ਤੇ ਧੂਏ ਨਾਲ ਹਾਈਵੇ ਤੇ ਆਉਣ ਜਾਣ ਵਾਲੇ ਲੋਕਾਂ ਨੂੰ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਵੀ ਕਰਨਾ ਪਿਆ। ਅੱਗ ਲੱਗਣ ਦੌਰਾਨ ਇੱਥੇ ਲੰਘ ਰਹੇ ਵਾਤਾਵਰਣ ਪ੍ਰੇਮੀ ਪ੍ਰੋਫੈਸਰ ਸ਼ਮਸ਼ੇਰ ਸਿੰਘ ਜੇਠੂਵਾਲ, ਸੰਤ ਵਜੀਰ ਸਿੰਘ ਮੂਧਲ, ਹਰਮਨਪ੍ਰੀਤ ਸਿੰਘ ਹੁੰਦਲ, ਕੌਸਲਰ ਨਵਦੀਪ ਸਿੰਘ ਹੁੰਦਲ, ਕਾਮਰੇਡ ਬਲਕਾਰ ਸਿੰਘ ਦੁਧਾਲਾ ਨੇ ਅੱਗ ਦੀ ਲਪੇਟ ਵਿਚ ਆਕੇ ਨੁਕਸਾਨੇ ਗਏ ਰੁੱਖਾਂ ਪ੍ਰਤੀ ਭਾਰੀ ਰੋਸ ਪ੍ਰਗਟ ਕਰਦਿਆ ਸ਼ਰਾਰਤੀ ਅਨਸਰ ਦੀ ਭਾਲ ਕਰਕੇ ਕਨੂੰਨੀ ਕਾਰਵਾਈ ਦੀ ਮੰਗ ਕੀਤੀ। ਇਸ ਮਾਮਲੇ ਵਣ ਵਿਭਾਗ ਦੇ ਗਾਰਡ ਸਤਨਾਮ ਸਿੰਘ ਨਾਲ ਰਾਬਤਾ ਕਰਨ ਤੇ ਉਨ੍ਹਾਂ ਦੱਸਿਆ ਕਿ ਅੱਗ ਲੱਗਣ ਦੀ ਜਾਣਕਾਰੀ ਮਿਲਣ ਉਪਰੰਤ ਅੱਗ ਬੁਝਾਊ ਅਮਲੇ ਨੂੰ ਸੂਚਿਤ ਕੀਤਾ ਗਿਆ ਪਰ ਵਿਭਾਗ ਦੁਆਰਾ ਕੇਵਲ ਇੱਕ ਗੱਡੀ ਹੀ ਭੇਜੀ ਗਈ ਜਿਸਦੇ ਦੇਰੀ ਨਾਲ ਪਹੁੰਚਣ ਕਾਰਣ ਇਹ ਬੂਟੇ ਪੂਰੀ ਤਰ੍ਹਾਂ ਅੱਗ ਦੀ ਲਪੇਟ ਵਿਚ ਆਕੇ ਨਸ਼ਟ ਹੋ ਚੁੱਕੇ ਸਨ। ਗਾਰਡ ਨੇ ਕਿਹਾ ਕਿ ਵੱਡੇ ਰੁੱਖ ਨੂੰ ਪਾਣੀ ਦੀ ਮਦਦ ਨਾਲ ਬਚਾਉਣ ਦੇ ਯਤਨ ਕੀਤੇ ਜਾਣਗੇ ਅਤੇ ਛੋਟੇ ਬੂਟੇ ਜੋ ਬਿਲਕੁੱਲ ਖਤਮ ਹੋ ਗਏ ਹਨ ਉੱਥੇ ਨਵੇਂ ਸਿਰੇ ਤੋਂ ਦੁਬਾਰਾ ਲਗਾਏ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਦਮਦਮੀ ਟਕਸਾਲ ਵਿਖੇ ਛੇ ਰੋਜਾ ਮੈਡੀਕਲ ਕੈਂਪ ਆਯੋਜਿਤ



**ਚੌਕ ਮਹਿਤਾ, 4 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਕੇਂਦਰੀ ਅਸਥਾਨ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਤੀਸਰੇ ਘੱਲੂਘਾਰੇ ਦੌਰਾਨ ਸ਼ਹੀਦ ਹੋਏ ਸਿੰਘ ਸਿੰਘਣੀਆਂ ਭੁਝੰਗੀਆਂ ਦੀ ਪਾਵਨ ਯਾਦ ਨੂੰ ਸਮ੍ਰਪਿਤ ਮਨਾਏ ਜਾ ਰਹੇ ਸ਼ਹੀਦੀ ਸਮਾਗਮਾਂ ਦੌਰਾਨ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਮੈਮੋਰੀਅਲ ਹਸਪਤਾਲ ਸੀਨੀਅਰ ਡਾ, ਗੁਰਪ੍ਰਤਾਪ ਸਿੰਘ ਦੀ ਅਗਵਾਈ ਹੇਠ ਛੇ ਰੋਜਾ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ । ਜਿਸ ਵਿਚ ਨਾਮਵਰ ਡਾਕਟਰਾਂ ਵਲੋਂ ਮਨੁੱਖਤਾ ਦੇ ਭਲੇ ਨੂੰ ਸਮ੍ਰਪਿਤ ਫ੍ਰੀ ਦਵਾਈਆਂ ਅਤੇ ਮੈਡੀਕਲ ਚੈਕਅੱਪ ਕੀਤੇ ਜਾ ਰਹੇ ਹਨ ਜਿਸਦਾ ਇਲਾਕਾ ਨਿਵਾਸੀ ਲੋੜਵੰਦ ਵਿਅਕਤੀ ਲਾਭ ਉਠਾ ਰਹੇ ਹਨ । ਇਸ ਮੌਕੇ ਡਾ.ਗੁਰਪ੍ਰਤਾਪ ਸਿੰਘ, ਡਾ.ਰੁਪਿੰਦਰ ਸਿੰਘ, ਡਾ.ਗੁਰਮੁਖਿ ਸਿੰਘ, ਡਾ.ਦਿਲਬਾਗ ਸਿੰਘ, ਡਾ.ਸੁਮਨਦੀਪ ਕੌਰ, ਡਾ.ਨੰਦਨੀ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਗ੍ਰੀਨ ਹਾਈਵੇ ਪ੍ਰੋਜੈਕਟ ਨੂੰ ਅੱਗ ਲੱਗਣ ਨਾਲ 4 ਹਜ਼ਾਰ ਰੁੱਖ ਸੜਕੇ ਨਸ਼ਟ

### ਨੁਕਸਾਨੇ ਗਏ ਰੁੱਖਾਂ ਪ੍ਰਤੀ ਸ਼ਰਾਰਤੀ ਅਨਸਰ ਦੀ ਭਾਲ ਕਰਕੇ ਕਨੂੰਨੀ ਕਾਰਵਾਈ ਦੀ ਮੰਗ: ਜੇਠੂਵਾਲ



ਨਵੀਂ ਦਿੱਲੀ 4 ਜੂਨ (ਮਨਪ੍ਰੀਤ ਸਿੰਘ ਖਾਲਸਾ):- ਅੰਮ੍ਰਿਤਸਰ ਪਠਾਨਕੋਟ ਸੜਕੀ ਮਾਰਗ ਤੇ ਪੈਂਦੇ ਕਸਬਾ ਵੇਰਕਾ ਦੇ ਨਵੇਂ ਬਾਈਪਾਸ ਤੇ ਬਣਾਏ ਜਲੇਬੀਪੁਲ ਕਿਨਾਰੇ ਗ੍ਰੀਨ ਹਾਈਵੇ ਪ੍ਰੋਜੈਕਟ ਤਹਿਤ ਲਗਾਏ ਗਏ ਲਗਭਗ 4 ਹਜ਼ਾਰ ਹਰੇ ਭਰੇ ਬੂਟੇ ਜੋ ਰੁੱਖ ਬਣ ਰਹੇ ਸਨ ਜਿਸਨੂੰ ਕਿਸੇ ਸ਼ਰਾਰਤੀ ਅਨਸਰ ਦੁਆਰਾ ਲਗਾਈ ਅੱਗ ਨਾਲ ਸੜਕੇ ਪੂਰੀ ਤਰ੍ਹਾਂ ਨਾਲ ਨਸ਼ਟ ਹੋ ਗਏ। ਇਹ ਰੁੱਖ 3 ਸਾਲ ਪਹਿਲਾ ਕਾਰ ਸੇਵਾ ਵਾਲਾ ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆ ਤੋਂ ਇਲਾਵਾ ਵਣ ਵਿਭਾਗ ਦੁਆਰਾ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ 400 ਸਾਲਾ ਜਨਮ ਸ਼ਤਾਬਦੀ ਦੇ ਸਬੰਧ ਦੌਰਾਨ ਲਗਾਏ ਸਨ ਜੋ ਕਾਫੀ ਵੱਡੇ ਹੋਕੇ ਬਾਗ ਦੇ ਰੂਪ ਵਿਚ ਨਜ਼ਰ ਆਉਂਦੇ ਸਨ। ਇਨ੍ਹਾਂ ਰੁੱਖਾਂ ਨੂੰ ਕਿਸੇ ਸ਼ਰਾਰਤੀ ਅਨਸਰ ਦੁਆਰਾ 3 ਜੂਨ ਸਵੇਰ ਵੇਲੇ ਅੱਗ ਲਗਾ ਦਿੱਤੀ ਜਿਸ ਨਾਲ ਇਹ ਅੱਗ ਪੂਰੀ ਤਰ੍ਹਾਂ ਨਾਲ ਫੈਲ ਗਈ ਜਿਸਨੇ ਸਾਰੇ ਰੁੱਖਾਂ ਨੂੰ ਆਪਣੀ ਲਪੇਟ ਵਿਚ ਲੈ ਲਿਆ ਤੇ ਇਹ ਰੁੱਖ ਜਿੰਨ੍ਹਾਂ ਦੀ ਸੰਖਿਆ 4 ਹਜ਼ਾਰ ਦੱਸੀ ਗਈ ਹੈ ਸਾਰੇ ਅੱਗ ਦੀ ਲਪੇਟ ਵਿਚ ਆਉਣ ਨਾਲ ਨਸ਼ਟ ਹੋ ਗਏ। ਅੱਗ ਲੱਗਣ ਨਾਲ ਪੈਦਾ ਹੋਏ ਵੱਡੇ ਪੱਧਰ ਤੇ ਧੂਏ ਨਾਲ ਹਾਈਵੇ ਤੇ ਆਉਣ ਜਾਣ ਵਾਲੇ ਲੋਕਾਂ ਨੂੰ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਵੀ ਕਰਨਾ ਪਿਆ। ਅੱਗ ਲੱਗਣ ਦੌਰਾਨ ਇੱਥੇ ਲੰਘ ਰਹੇ ਵਾਤਾਵਰਣ ਪ੍ਰੇਮੀ ਸ਼ਮਸ਼ੇਰ ਸਿੰਘ ਜੇਠੂਵਾਲ, ਸੰਤ ਵਜੀਰ ਸਿੰਘ ਮੂਧਲ, ਹਰਮਨਪ੍ਰੀਤ ਸਿੰਘ ਹੁੰਦਲ, ਕੌਸਲਰ ਨਵਦੀਪ ਸਿੰਘ ਹੁੰਦਲ, ਕਾਮਰੇਡ ਬਲਕਾਰ ਸਿੰਘ ਦੁਧਾਲਾ ਨੇ ਅੱਗ ਦੀ ਲਪੇਟ ਵਿਚ ਆਕੇ ਨੁਕਸਾਨੇ ਗਏ ਰੁੱਖਾਂ ਪ੍ਰਤੀ ਭਾਰੀ ਰੋਸ ਪ੍ਰਗਟ ਕਰਦਿਆ ਸ਼ਰਾਰਤੀ ਅਨਸਰ ਦੀ ਭਾਲ ਕਰਕੇ ਕਨੂੰਨੀ ਕਾਰਵਾਈ ਦੀ ਮੰਗ ਕੀਤੀ। ਇਸ ਮਾਮਲੇ ਵਣ ਵਿਭਾਗ ਦੇ ਗਾਰਡ ਸਤਨਾਮ ਸਿੰਘ ਨਾਲ ਰਾਬਤਾ ਕਰਨ ਤੇ ਉਨ੍ਹਾਂ ਦੱਸਿਆ ਕਿ ਅੱਗ ਲੱਗਣ ਦੀ ਜਾਣਕਾਰੀ ਮਿਲਣ ਉਪਰੰਤ ਅੱਗ ਬੁਝਾਊ ਅਮਲੇ ਨੂੰ ਸੂਚਿਤ ਕੀਤਾ ਗਿਆ ਪਰ ਵਿਭਾਗ ਦੁਆਰਾ ਕੇਵਲ ਇੱਕ ਗੱਡੀ ਹੀ ਭੇਜੀ ਗਈ ਜਿਸਦੇ ਦੇਰੀ ਨਾਲ ਪਹੁੰਚਣ ਕਾਰਣ ਇਹ ਬੂਟੇ ਪੂਰੀ ਤਰ੍ਹਾਂ ਅੱਗ ਦੀ ਲਪੇਟ ਵਿਚ ਆਕੇ ਨਸ਼ਟ ਹੋ ਚੁੱਕੇ ਸਨ। ਗਾਰਡ ਨੇ ਕਿਹਾ ਕਿ ਵੱਡੇ ਰੁੱਖ ਨੂੰ ਪਾਣੀ ਦੀ ਮਦਦ ਨਾਲ ਬਚਾਉਣ ਦੇ ਯਤਨ ਕੀਤੇ ਜਾਣਗੇ ਅਤੇ ਛੋਟੇ ਬੂਟੇ ਜੋ ਬਿਲਕੁੱਲ ਖਤਮ ਹੋ ਗਏ ਹਨ ਉੱਥੇ ਨਵੇਂ ਸਿਰੇ ਤੋਂ ਦੁਬਾਰਾ ਲਗਾਏ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV





## ਜਨਮ ਦਿਨ ਮੁਬਾਰਕ

**ਅੰਸ਼ ਬਾਵਾ**
ਪਿਤਾ ਵਰਿੰਦਰ ਬਾਊ
ਮਾਤਾ ਪ੍ਰੀਤ ਬਾਵਾ
ਚੌਕ ਮਹਿਤਾ

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਰਾਜ ਲਘੂ ਉਦਯੋਗ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਅਤੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ

# ਨਸ਼ਿਆਂ ਦੇ ਖਾਤਮੇ ਦੀ ਸਹੁੰ ਚੁਕਾਈ




## ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡ ਬੱਲਮਗੜ੍ਹ, ਦੁੱਗਨੀ, ਜਾਤੀਮਾਜਰਾ ਅਤੇ ਵਾਰਡ ਨੰ 21 ਵਿਖੇ ਡਿਫੈਂਸ ਕਮੇਟੀਆਂ ਨਾਲ ਮੀਟਿੰਗ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਦਾ ਸੱਦਾ ਦਿੰਦੇ ਹੋਏ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ, ਧੂਰੀ ਦੇ ਪਿੰਡ ਬੱਲਮਗੜ੍ਹ, ਦੁੱਗਨੀ ਅਤੇ ਜਾਤੀਮਾਜਰਾ ਵਿਖੇ ਪੰਜਾਬ ਰਾਜ ਲਘੂ ਉਦਯੋਗ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਅਤੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਰੱਖਿਆ ਕਮੇਟੀਆਂ ਨਾਲ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਲੋਕਾਂ ਤੋਂ ਪੂਰਨ ਸਹਿਯੋਗ ਦੀ ਮੰਗ ਕੀਤੀ ਅਤੇ ਲੋਕਾਂ ਨੂੰ ਨਸ਼ਿਆਂ ਦੇ ਖਾਤਮੇ ਦੀ ਸਹੁੰ ਚੁਕਾਈ। ਇਸ ਦੌਰਾਨ ਸ. ਢਿੱਲੋਂ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਸੂਬੇ ਨੂੰ ਨਸ਼ਾ ਮੁਕਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਅ ਰਹੀ ਹੈ ਤੇ ਇਸ ਦੇ ਸਾਰਥਿਕ ਸਿੱਟੇ ਨਿਕਲ ਰਹੇ ਹਨ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾਵਾਂ ਤਹਿਤ ਰੋਜ਼ਾਨਾ ਦੇ ਆਧਾਰ ਉਤੇ ਪਿੰਡਾਂ ਵਿੱਚ ਨਸ਼ਿਆਂ ਦੇ ਖਾਤਮੇ ਦਾ ਸੱਦਾ ਦਿੰਦੇ ਹੋਏ ਲੋਕਾਂ ਨੂੰ ਇਸ ਵੱਡੀ ਸਮਾਜਿਕ ਬੁਰਾਈ ਦੇ ਖਾਤਮੇ ਲਈ ਇੱਕਜੁੱਟ ਕੀਤਾ ਜਾ ਰਿਹਾ ਹੈ। ਇਸ ਮੌਕੇ ਸ. ਘੁੱਲੀ ਨੇ ਕਿਹਾ ਕਿ ਜਿਹੜੇ ਲੋਕ ਕਿਸੇ ਮਾੜੀ ਸੰਗਤ ਦਾ ਸ਼ਿਕਾਰ ਹੋ ਕੇ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਹਨ, ਉਹਨਾਂ ਦਾ ਮੁਫਤ ਇਲਾਜ ਸਰਕਾਰ ਵੱਲੋਂ ਕਰਵਾਇਆ ਜਾ ਰਿਹਾ ਹੈ ਅਤੇ ਉਹ ਅਜਿਹੇ ਲੋਕਾਂ ਨੂੰ ਅਪੀਲ ਕਰਦੇ ਹਨ ਕਿ ਨਸ਼ਾ ਮੁਕਤੀ ਕੇਂਦਰਾਂ ਵਿੱਚ ਦਾਖਲ ਹੋ ਕੇ ਆਪਣਾ ਇਲਾਜ ਜ਼ਰੂਰ ਕਰਵਾਉਣ। ਉਹਨਾਂ ਕਿਹਾ ਕਿ ਨਸ਼ਿਆਂ ਦਾ ਕਾਲਾ ਕਾਰੋਬਾਰ ਕਰਨ ਵਾਲਿਆਂ ਨੂੰ ਸਖਤੀ ਨਾਲ ਨਜਿਠਿਆ ਜਾ ਰਿਹਾ ਹੈ ਅਤੇ ਨਸ਼ੇ ਵੇਚ ਕੇ ਨਸ਼ਾ ਤਸਕਰਾਂ ਵੱਲੋਂ ਬਣਾਈਆਂ ਨਾਜਾਇਜ਼ ਜਾਇਦਾਦਾਂ ਨੂੰ ਵੀ ਢਾਹਿਆ ਜਾ ਰਿਹਾ ਹੈ। ਇਸ ਮੌਕੇ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਡਿਫੈਂਸ ਕਮੇਟੀਆਂ ਦੇ ਮੈਂਬਰ, ਵੱਡੀ ਗਿਣਤੀ ਆਮ ਲੋਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਦਮਦਮੀ ਟਕਸਾਲ ਦੇ ਹੈਡ ਕੁਆਰਟਰ ਮਹਿਤਾ ਵਿਖੇ 6 ਜੂਨ ਨੂੰ

# ਸ਼ਹੀਦੀ ਦਿਹਾੜਾ ਮਨਾਉਣ ਲਈ ਹੋਈ ਮੀਟਿੰਗ



ਫ਼ਿਰੋਜ਼ਪੁਰ, 3 ਜੂਨ (ਮਨੋਹਰ ਲਾਲ) :— ਦਮਦਮੀ ਟਕਸਾਲ ਦੇ ਹੈਡ ਕੁਆਰਟਰ ਮਹਿਤਾ ਵਿਖੇ 6 ਜੂਨ ਨੂੰ ਜੋ ਸ਼ਹੀਦੀ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀ ਯਾਦ ਅੰਦਰ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਹਰ ਸਾਲ ਕਰਵਾਇਆ ਜਾ ਜਾਂਦਾ ਹੈ। ਉਸ ਵਿੱਚ ਫਿਰੋਜ਼ਪੁਰ ਜ਼ਿਲ੍ਹੇ ਤੋਂ ਪਿੰਡ ਝੋਕ ਮੋੜੇ ਬੁਰਜ ਮੱਖਣ ਸਿੰਘ ਵਾਲ ਅਤੇ ਨਾਲ ਲਗਦੇ ਪਿੰਡਾਂ ਤੋਂ ਵੱਧ ਤੋਂ ਵੱਧ ਸੰਗਤਾਂ ਨੂੰ ਲੈ ਕੇ ਜਾਣ ਲਈ ਇੱਕ ਇਕੱਤਰਤਾ ਕੀਤੀ ਗਈ ਇਸ ਮੌਕੇ ਭਾਈ ਵੀਰਪਾਲ ਸਿੰਘ ਅਤੇ ਭਾਈ ਰਸ਼ਪਾਲ ਸਿੰਘ ਹੋਣਾਂ ਨੇ ਸੰਗਤਾਂ ਨੂੰ ਜਾਣਕਾਰੀ ਦਿੱਤੀ ਕਿ 6 ਜੂਨ ਨੂੰ ਸਵੇਰੇ 5 ਵਜੇ ਸੰਗਤਾਂ ਨੂੰ ਲੈ ਕਿ ਜਾਣ ਵਾਸਤੇ ਫਰੀ ਬੱਸਾਂ ਜਾਣਗੀਆਂ। ਇਸ ਮੌਕੇ ਵੱਖ—ਵੱਖ ਪਿੰਡਾਂ ਵਿੱਚ ਜਾ ਕੇ ਭਾਈ ਵੀਰਪਾਲ ਸਿੰਘ ਅਤੇ ਭਾਈ ਰਸ਼ਪਾਲ ਸਿੰਘ ਨੇ ਸੰਗਤਾਂ ਨੂੰ ਬੇਨਤੀ ਕੀਤੀ ਅਤੇ ਕਿਹਾ ਕਿ ਵੱਧ ਤੋਂ ਵੱਧ ਸੰਗਤ ਸ਼ਹੀਦੀ ਸਮਾਗਮਾਂ ਵਿੱਚ ਪਹੁੰਚ ਕੇ ਆਪਣੀ ਹਾਜ਼ਰੀ ਲਗਾਵੇ। ਇਸ ਇਕੱਤਰਤਾ ਵਿੱਚ ਭਾਈ ਰਸ਼ਪਾਲ ਸਿੰਘ ਦਮਦਮੀ ਟਕਸਾਲ ਝੋਕ ਮੋੜੇ ਭਾਈ ਵੀਰਪਾਲ ਸਿੰਘ ਦਮਦਮੀ ਟਕਸਾਲ ਮਹਿਤਾ ਭਾਈ ਗੁਰਵਿੰਦਰ ਸਿੰਘ ਭਾਈ ਲਵਪ੍ਰੀਤ ਸਿੰਘ ਦਮਦਮੀ ਟਕਸਾਲ ਭਾਈ ਇੰਦਰਜੀਤ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਮਨਜੀਤ ਸਿੰਘ ਅਤੇ ਇਲਾਕੇ ਦੇ ਹੋਰ ਮੋਹਤਬਰ ਸੱਜਣਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਭਾਈ ਵੀਰਪਾਲ ਸਿੰਘ ਨੇ ਦੱਸਿਆ ਕਿ ਸੰਗਤਾਂ ਵਿੱਚ ਕਾਫੀ ਭਾਰੀ ਉਤਸ਼ਾਹ ਹੈ 6 ਜੂਨ ਦੇ ਸ਼ਹੀਦੀ ਸਮਾਗਮਾਂ ਨੂੰ ਲੈ ਕੇ ਤੇ ਉਨ੍ਹਾਂ ਨੇ ਬੇਨਤੀ ਕੀਤੀ ਕਿ ਸੰਗਤਾਂ ਨੂੰ ਮਹਿਤਾ ਸਾਹਿਬ ਵਿਖੇ ਲਿਜਾਣ ਵਾਸਤੇ ਬੱਸਾਂ ਗੱਡੀਆਂ ਦਾ ਪੂਰਾ ਇੰਤਜ਼ਾਮ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਖਾਲਸਾ ਸਕੂਲ ਦੇ ਨੰਨੇ ਮੁੰਨੇ ਵਿਦਿਆਰਥੀਆਂ ਵੱਲੋਂ ਜੈਲੋ ਦਿਵਸ ਮਨਾਇਆ ਗਿਆ

ਫ਼ਿਰੋਜ਼ਪੁਰ, 3 ਜੂਨ (ਮਨੋਹਰ ਲਾਲ) :— ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਵੱਲੋਂ ਜੈਲੋ ਦਿਵਸ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਜੈਲੋ ਪੁਸ਼ਾਕਾਂ ਅਤੇ ਜੈਲੋ ਪਕਵਾਨ ਅਤੇ ਵੱਖ—ਵੱਖ ਐਕਟੀਵਿਟੀਆਂ ਕੀਤੀਆਂ ਗਈਆਂ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਅਤੇ ਭਾਈ ਵੀਰਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਛੋਟੇ—ਛੋਟੇ ਬੱਚੇ ਬਹੁਤ ਹੀ ਖੂਬਸੂਰਤ ਅਤੇ ਬਹੁਤ ਹੀ ਖੁਸ਼ ਨਜ਼ਰ ਆ ਰਹੇ ਸਨ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀ ਹਾਜਰ ਸਨ।



# ਪੇਂਡੂ ਖੇਤਰ ਵਿੱਚ ਪੈਂਦੀਆਂ ਲਿੰਕ ਸੜਕਾਂ ਦੇ ਬਰਮਾਂ ਨਾਲ ਛੇੜਛਾੜ ਨਾ ਕਰਨ ਕਿਸਾਨ: ਡਿਪਟੀ ਕਮਿਸ਼ਨਰ

## ਅਧਿਕਾਰੀਆਂ ਨੂੰ ਲਿੰਕ ਸੜਕਾਂ ਦੇ ਬਰਮ ਪੂਰੇ ਕਰਵਾਉਣ ਦਾ ਕੰਮ ਝੋਨੇ ਦੀ ਲਵਾਈ ਤੋਂ ਪਹਿਲਾਂ ਨੇਪਰੇ ਚਾੜ੍ਹਨ ਦੀਆਂ ਹਦਾਇਤਾਂ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਡਿਪਟੀ ਕਮਿਸ਼ਨਰ ਸ਼੍ਰੀ ਸੰਦੀਪ ਰਿਸ਼ੀ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਲਵਾਈ ਲਈ ਖੇਤ ਤਿਆਰ ਕਰਨ ਦੌਰਾਨ ਪੇਂਡੂ ਖੇਤਰ ਦੀਆਂ ਸੜਕਾਂ ਦੇ ਬਰਮਾਂ ਨਾਲ ਬਿਲਕੁਲ ਵੀ ਛੇੜਛਾੜ ਨਾ ਕਰਨ ਅਤੇ ਬਰਮਾਂ ਨੂੰ ਬਿਲਕੁਲ ਸੁਰੱਖਿਅਤ ਰੱਖਣ। ਇਸ ਦੇ ਨਾਲ-ਨਾਲ ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ ਵੱਢੇ ਬਰਮ ਝੋਨੇ ਦੀ ਲਵਾਈ ਤੋਂ ਪਹਿਲਾਂ-ਪਹਿਲਾਂ ਪੂਰੇ ਕਰਵਾਉਣੇ ਯਕੀਨੀ ਬਨਾਉਣ। ਜ਼ਿਕਰਯੋਗ ਹੈ ਕਿ ਬਰਮ ਪੂਰੇ ਕਰਵਾਉਣ ਸਬੰਧੀ ਡਿਪਟੀ ਕਮਿਸ਼ਨਰ, ਸ਼੍ਰੀ ਸੰਦੀਪ ਰਿਸ਼ੀ ਵੱਲੋਂ ਉਪ ਮੰਡਲ ਮੈਜਿਸਟਰੇਟ (ਚੇਅਰਮੈਨ), ਤਹਿਸੀਲਦਾਰ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਕਾਰਜਕਾਰੀ ਇੰਜੀਨੀਅਰ ਲੋਕ ਨਿਰਮਾਣ ਵਿਭਾਗ, ਸੰਗਰੂਰ ਅਤੇ ਕਾਰਜਕਾਰੀ ਇੰਜੀਨੀਅਰ ਪੰਜਾਬ ਮੰਡੀ ਬੋਰਡ, ਸੰਗਰੂਰ ਨੂੰ ਸ਼ਾਮਲ ਕਰ ਕੇ ਕਮੇਟੀ ਬਣਾਈ ਗਈ ਹੈ, ਜਿਹੜੀ ਕਿ ਲਿੰਕ ਸੜਕਾਂ ਦੇ ਬਰਮ ਪੂਰੇ ਕਰਵਾਉਣ ਸਬੰਧੀ ਕਾਰਜ ਕਰ ਰਹੀ ਹੈ। ਸ਼੍ਰੀ ਰਿਸ਼ੀ ਨੇ ਕਿਹਾ ਕਿ ਕਈ ਵਾਰ ਜ਼ਿੰਮੀਦਾਰਾਂ ਵੱਲੋਂ ਬਰਮ ਵੱਢ ਕੇ ਆਪਣੇ ਖੇਤਾਂ ਵਿੱਚ ਸ਼ਾਮਿਲ ਕਰ ਲਏ ਜਾਂਦੇ ਹਨ। ਅਜਿਹਾ ਕਰਨ ਕਾਰਨ ਬਰਮ ਦੀ ਘੱਟ ਚੌੜਾਈ ਜਿੱਥੇ ਆਵਾਜਾਈ ਲਈ ਮੁਸ਼ਿਕਲ ਖੜ੍ਹੀ ਕਰਦੀ ਹੈ, ਉੱਥੇ ਲਿੰਕ ਸੜਕਾਂ ਦੇ ਜਲਦੀ ਖਰਾਬ ਹੋਣ ਦਾ ਕਾਰਨ ਵੀ ਬਣਦੀ ਹੈ। ਬਰਮਾਂ ਦੀ ਚੌੜਾਈ ਘੱਟ ਹੋਣ ਕਰ ਕੇ ਖੇਤਾਂ ਵਿੱਚ ਖੜ੍ਹਾ ਪਾਣੀ ਲਿੰਕ ਸੜਕਾਂ ਨੂੰ ਨੁਕਸਾਨ ਪਹੁੰਚਾਉਂਦਾ ਹੈ, ਜਿਸ ਕਾਰਨ ਦੁਰਘਟਨਾਵਾਂ ਵੀ ਵਾਪਰਦੀਆਂ ਰਹਿੰਦੀਆਂ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜੇਕਰ ਲਿੰਕ ਸੜਕਾਂ ਦੇ ਬਰਮ ਪੂਰੇ ਕਰਵਾ ਲਏ ਜਾਂਦੇ ਹਨ ਤਾਂ ਲਿੰਕ ਸੜਕਾਂ ਜਲਦੀ ਖਰਾਬ ਹੋਣ ਅਤੇ ਹਾਦਸੇ ਹੋਣ ਦਾ ਖਤਰਾ ਕਾਫੀ ਹੱਦ ਤੱਕ ਘੱਟ ਜਾਂਦਾ ਹੈ। ਅਜਿਹਾ ਕਰਨ ਨਾਲ ਜਿਥੇ ਲਿੰਕ ਸੜਕਾਂ ਦੀ ਮਿਆਦ ਵੱਧ ਜਾਂਦੀ ਹੈ, ਉੱਥੇ ਹੀ ਪੇਂਡੂ ਖੇਤਰ ਦੇ ਲੋਕਾਂ ਨੂੰ ਆਵਾਜਾਈ ਲਈ ਵੀ ਵੱਡੀ ਸਹੂਲਤ ਮਿਲਦੀ ਹੈ। ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਕੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ, ਜਿਸ ਨਾਲ ਸਮੁੱਚੇ ਪੇਂਡੂ ਖੇਤਰ ਨੂੰ ਲਾਭ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਖੇਤੀਬਾੜੀ ਵਿਭਾਗ ਨੇ ਪਿੰਡ ਕਾਂਝਲਾ ਵਿਖੇ 2 ਏਕੜ ਮੱਕੀ ਦੀ ਬਿਜਾਈ ਕਰਵਾਈ

ਧੂਰੀ ( ਰਣਜੀਤ ਸਿੰਘ ਪੇਧਨੀ ) ਇਸ ਵਾਰ ਸੂਬੇ ਅੰਦਰ ਮੱਕੀ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਯੋਜਨਾ ਤਿਆਰ ਕੀਤੀ ਗਈ ਹੈ। ਸੂਬੇ ਵਿਚ ਧਰਤੀ ਹੇਠਲੇ ਪਾਣੀ ਦੇ ਲਗਾਤਾਰ ਹੇਠਾਂ ਜਾਣ ਤੋਂ ਖੇਤੀਬਾੜੀ ਵਿਭਾਗ ਦੇ ਨਾਲ-ਨਾਲ ਕਿਸਾਨ ਵੀ ਚਿੰਤਤ ਹਨ। ਮੁਹਿੰਮ ਬੇਸ਼ੱਕ ਝੋਨੇ ਦੀ ਸਿੱਧੀ ਬਿਜਾਈ ਦੀ ਹੋਵੇ ਜਾਂ ਝੋਨੇ ਹੇਠੋਂ ਰਕਬਾ ਕੱਢ ਕੇ ਹੋਰ ਫੈਸਲਾ ਵੱਲ ਲਿਜਾਣ ਦੀ ਕਿਸਾਨ ਇਸ ਨੂੰ ਲਗਾਤਾਰ ਸਹਿਯੋਗ ਦੇ ਰਹੇ ਹਨ। ਜਿਸ ਅਧੀਨ ਸੰਗਰੂਰ ਸਮੇਤ ਛੇ ਜ਼ਿਲ੍ਹਿਆਂ ਦੀ ਚੋਣ ਕੀਤੀ ਗਈ ਹੈ। ਮੁੱਖ ਖੇਤੀਬਾੜੀ ਅਫ਼ਸਰ ਡਾ. ਧਰਮਿੰਦਰਜੀਤ ਸਿੰਘ ਸਿੱਧੂ ਨੇ ਦੱਸਿਆ ਕਿ ਦੋਨਾਂ ਜ਼ਿਲ੍ਹਿਆਂ ਵਿਚ 5000 ਏਕੜ ਰਕਬੇ ਵਿਚ ਮੱਕੀ ਦੀ ਕਾਸ਼ਤ ਕਰਵਾਉਣ ਦਾ ਟੀਚਾ ਰੱਖਿਆ ਗਿਆ ਹੈ। ਅਮਨਦੀਪ ਕੌਰ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਇਸ ਟੀਚੇ ਨੂੰ ਪੂਰਾ ਕਰਨ ਲਈ ਦੋਨਾਂ ਜ਼ਿਲ੍ਹਿਆਂ ਵਿਚ ਤਾਇਨਾਤ 50 ਕਿਸਾਨ ਮਿੱਤਰ ਅਤੇ ਖੇਤੀਬਾੜੀ ਵਿਭਾਗ ਦੇ ਕਰਮਚਾਰੀ ਕਿਸਾਨਾਂ ਨਾਲ ਲਗਾਤਾਰ ਰਾਬਤਾ ਬਣਾ ਰਹੇ ਹਨ ਜੋ ਕਿਸਾਨ ਮੱਕੀ ਦੀ ਕਾਸ਼ਤ ਕਰਨਗੇ। ਉਨ੍ਹਾਂ ਨੂੰ ਸਕੀਮ ਬਾਰੇ ਪੂਰੀ ਜਾਣਕਾਰੀ ਦਿੱਤੀ ਜਾ ਰਹੀ ਹੈ, ਜੋ ਇਹ ਕਾਸ਼ਤ ਨਹੀ ਕਰਨਗੇ। ਮੱਕੀ ਫਸਲ ਨੂੰ ਸਰਕਾਰੀ ਪੱਧਰ 'ਤੇ ਹੋਵੇਗੀ। ਇਸ ਮੱਕੀ ਨੂੰ ਖ਼ਰੀਦ ਕੇ ਸੂਬੇ ਅੰਦਰ ਸਥਿਤ ਐਥਨੋਲ ਦੇ ਕਾਰਖ਼ਾਨਿਆਂ ਨੂੰ ਭੇਜੇਗੀ, ਜ਼ਿਲ੍ਹਾ ਸੰਗਰੂਰ ਦੇ ਪਿੰਡ ਕਾਂਝਲਾ ਵਿਖੇ ਦਲਜੀਤ ਸਿੰਘ ਦੀ 2 ਏਕੜ ਮੱਕੀ ਦੀ ਬਿਜਾਈ ਕਰਵਾਉਣ ਮੌਕੇ ਮੌਜੂਦ ਮੁੱਖ ਖੇਤੀਬਾੜੀ ਅਫ਼ਸਰ ਡਾ. ਧਰਮਿੰਦਰਜੀਤ ਸਿੰਘ ਸਿੱਧੂ, ਡਾ, ਅਮਨਦੀਪ ਕੌਰ ਖੇਤੀਬਾੜੀ ਅਫ਼ਸਰ, ਡਾ.ਪ੍ਰੀਤ ਕਮਲ ਸਿੰਘ, ਡਾਕਟਰ ਦਮਨਪ੍ਰੀਤ ਸਿੰਘ ਵਿਕਾਸ ਅਫ਼ਸਰ, ਡਾਕਟਰ ਸਰਬਜੀਤ ਸਿੰਘ ਵਿਸਥਾਰ ਅਫਸਰ ,ਮਨਪ੍ਰੀਤ ਕੌਰ ਏ,ਐਸ,ਆਈ, ਮੱਖਣ ਸਿੰਘ ਏ ਟੀ ਐਮ, ਸੁਖਮਨ ਸਿੰਘ, ਜੁਗਰਾਜ ਸਿੰਘ ਬੇਲਦਾਰ, ਜਗਤਾਰ ਸਿੰਘ ਬੇਲਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗੋਦਾਮਾਂ ਦੇ ਪ੍ਰਬੰਧਕਾਂ ਨੂੰ ਨਿਯਮਾਂ ਦੀ ਇਨ-ਬਿਨ ਪਾਲਣਾ ਦੀਆਂ ਹਦਾਇਤਾਂ

## ਪ੍ਰਦੂਸ਼ਣ ਕੰਟਰੋਲ ਬੋਰਡ ਦੇ ਐੱਸ .ਡੀ .ਓ . ਅਤੇ ਸਬ ਫਾਇਰ ਅਫ਼ਸਰ ਨੂੰ ਦਿਸ਼ਾ ਨਿਰਦੇਸ਼ ਜਾਰੀ

**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )** -ਲੋਕਾਂ ਦੀ ਸੁਰੱਖਿਆ ਦੇ ਮੱਦੇਨਜ਼ਰ ਸੂਲਰ ਘਰਾਟ ਅਤੇ ਕਮਾਲਪੁਰ ਵਿਖੇ ਸਥਿਤ ਪਟਾਖਿਆਂ ਦੇ ਗੋਦਾਮਾਂ ਦੀ ਐੱਸ.ਡੀ.ਐਮ. ਦਿੜ੍ਹਬਾ ਸ਼੍ਰੀ ਰਾਜੇਸ਼ ਸ਼ਰਮਾ ਵੱਲੋਂ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਐੱਸ.ਡੀ.ਓ. ਅਤੇ ਸਬ ਫਾਇਰ ਅਫ਼ਸਰ ਨੂੰ ਨਾਲ ਲੈ ਕੇ ਚੈਕਿੰਗ ਕੀਤੀ ਗਈ ਅਤੇ ਗੋਦਾਮਾਂ ਦੇ ਪ੍ਰਬੰਧਕਾਂ ਨੂੰ ਨਿਯਮਾਂ ਦੀ ਇਨ-ਬਿਨ ਪਾਲਣਾ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਗਈ। ਉਹਨਾਂ ਕਿਹਾ ਕਿ ਨਿਯਮਾਂ ਦੀ ਉਲੰਘਣਾਂ ਪਾਏ ਜਾਣ 'ਤੇ ਕਾਨੂੰਨ ਮੁਤਾਬਕ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਮੌਕੇ ਉਹਨਾਂ ਨੇ ਗੋਦਾਮਾਂ ਵਿੱਚ ਪਏ ਸਟਾਕ ਦਾ ਜਾਇਜ਼ਾ ਲੈਂਦੇ ਹੋਏ ਐੱਸ.ਡੀ.ਓ. ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਸਬ ਫਾਇਰ ਅਫ਼ਸਰ ਨੂੰ ਹਦਾਇਤ ਕੀਤੀ ਕਿ ਲੋੜੀਂਦੀ ਜਾਂਚ ਕਰ ਕੇ ਇਹ ਯਕੀਨੀ ਬਣਾਇਆ ਜਾਵੇ ਕਿ ਇਹ ਗੋਦਾਮ ਕੇਵਲ ਪਟਾਖੇ ਰੱਖਣ ਲਈ ਵਰਤੇ ਜਾ ਰਹੇ ਹੋਣ ਨਾ ਕਿ ਪਟਾਖੇ ਬਣਾਉਣ ਲਈ ਵਰਤੇ ਜਾਂਦੇ ਹੋਣ। ਇਸ ਦੇ ਨਾਲ-ਨਾਲ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਇੱਥੇ ਸਟੋਰ ਕੀਤੀ ਸਮੱਗਰੀ ਨਿਯਮਾਂ ਅਨੁਸਾਰ ਵਰਤੀ ਜਾ ਸਕਣ ਵਾਲੀ ਸਮੱਗਰੀ ਹੀ ਹੋਵੇ ਅਤੇ ਇਹਨਾਂ ਗੋਦਾਮਾਂ ਵਿੱਚ ਅੱਗ ਤੋਂ ਬਚਾਅ ਬਾਬਤ ਪੁਖਤਾ ਪ੍ਰਬੰਧ ਕੀਤੇ ਗਏ ਹੋਣ। ਸ਼੍ਰੀ ਰਾਜੇਸ਼ ਸ਼ਰਮਾ ਨੇ ਕਿਹਾ ਕਿ ਕੋਈ ਵੀ ਵਿਅਕਤੀ ਅਪਣਾ ਕਾਰੋਬਾਰ ਵੱਧ ਚੜ੍ਹ ਕੇ ਕਰੇ ਪਰ ਨਿਯਮਾਂ ਦੀ ਪਾਲਣਾ ਹਰ ਹਾਲ ਯਕੀਨੀ ਬਣਾਈ ਜਾਵੇ ਤਾਂ ਜੋ ਕਿਸੇ ਵੀ ਕਿਸਮ ਦੇ ਜਾਨੀ ਮਾਲੀ ਨੁਕਸਾਨ ਤੋਂ ਬਚਾਅ ਹੋ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਸ੍ਰੀ ਅਕਾਲ ਬੁੰਗਾ ਸਾਹਿਬ ਵਿਖੇ

# ਜੂਨ 1984 ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਆਰੰਭ







**ਸ੍ਰੀ ਅਨੰਦਪੁਰ ਸਾਹਿਬ, 4 ਜੂਨ (ਆਵਾਜ਼ਿ ਕੌਮ ਬਿਊਰੋ)**-ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਸੀਸਗੰਜ ਸਾਹਿਬ ਵਿਖੇ ਸਥਿਤ ਗੁਰਦੁਆਰਾ ਸ੍ਰੀ ਅਕਾਲ ਬੁੰਗਾ ਸਾਹਿਬ ਵਿਖੇ ਅੱਜ ਜੂਨ 1984 ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ। ਇਸ ਸਬੰਧੀ 6 ਜੂਨ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਗੁਰਮਤਿ ਸਮਾਗਮ ਕਰਕੇ ਸ਼ਹੀਦਾਂ ਨੂੰ ਸਤਿਕਾਰ ਭੇਟ ਕੀਤਾ ਜਾਵੇਗਾ। ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵਿਸ਼ੇਸ਼ ਤੌਰ ਉੱਤੇ ਸ਼ਮੂਲੀਅਤ ਕੀਤੀ ਤੇ ਅਰੰਭਤਾ ਦੀ ਅਰਦਾਸ ਉਨ੍ਹਾਂ ਨੇ ਖੁਦ ਕੀਤੀ। ਅਰਦਾਸ ਵਿੱਚ ਜਥੇਦਾਰ ਗੜਗੱਜ ਨੇ ਗੁਰੂ ਸਾਹਿਬ ਦੇ ਸਨਮੁਖ ਖ਼ਾਲਸਾ ਪੰਥ ਵਿਚਕਾਰ ਏਕਤਾ ਤੇ ਇਤਫ਼ਾਕ ਤੇ ਪੰਥ ਦੀ ਚੜ੍ਹਦੀ ਕਲਾ ਦੀ ਬੇਨਤੀ ਕੀਤੀ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੁਗਿੰਦਰ ਸਿੰਘ, ਐਡੀਸ਼ਨਲ ਮੈਨੇਜਰ ਸ. ਹਰਦੇਵ ਸਿੰਘ, ਸ. ਦਿਲਬਾਗ ਸਿੰਘ ਗ੍ਰੰਥੀ, ਸ. ਹਰਦੇਵ ਸਿੰਘ ਨਿੱਜੀ ਸਹਾਇਕ, ਮੀਤ ਮੈਨੇਜਰ ਸ. ਜਸਬੀਰ ਸਿੰਘ, ਸ. ਹਰਪ੍ਰੀਤ ਸਿੰਘ ਸੂਚਨਾ ਅਫ਼ਸਰ, ਸ. ਦਵਿੰਦਰ ਸਿੰਘ ਖਜ਼ਾਨਚੀ, ਸ. ਹਰਜਿੰਦਰ ਸਿੰਘ ਭੈਣੀ, ਸ. ਸਰਬਜੀਤ ਸਿੰਘ ਇੰਚਾਰਜ, ਸ. ਜਗਨੰਦਨ ਸਿੰਘ ਆਦਿ ਹਾਜ਼ਰ ਸਨ।

**ਜਥੇਦਾਰ ਗੜਗੱਜ ਨੇ ਖ਼ਾਲਸਾ ਪੰਥ ਵਿਚਕਾਰ ਏਕਤਾ, ਇਤਫ਼ਾਕ ਤੇ ਚੜ੍ਹਦੀ ਕਲਾ ਦੀ ਕੀਤੀ ਅਰਦਾਸ**

### ਸਾਰੀਆਂ ਸੰਸਥਾਵਾਂ ਪਖੰਡ ਅਤੇ ਅੰਧਵਿਸ਼ਵਾਸ ਵਿਰੁੱਧ ਇੱਕਜੁੱਟ ਹਨ- ਗਿਆਨੀ ਗੁਰਪ੍ਰੀਤ ਸਿੰਘ ਉਦਾਸੀਨ

# ਪੰਜਾਬ ਸਰਕਾਰ ਨੂੰ ਵੀ ਯੂਪੀ ਸਰਕਾਰ ਦੀ ਤਰਜ਼ 'ਤੇ ਧਰਮ ਪਰਿਵਰਤਨ ਕਾਨੂੰਨ ਬਣਾਉਣਾ ਚਾਹੀਦਾ ਹੈ



**ਅੰਮ੍ਰਿਤਸਰ, 3 ਜੂਨ (ਆਵਾਜ਼ਿ ਕੌਮ ਬਿਊਰੋ)**- ਉਦਾਸੀਨ ਟਕਸਾਲ ਇੰਟਰਨੈਸ਼ਨਲ ਵੱਲੋਂ ਪੰਜਾਬ ਦੇ ਲੋਕਾਂ ਨੂੰ ਅੰਧਵਿਸ਼ਵਾਸ ਤੋਂ ਬਾਹਰ ਕੱਢਣ ਅਤੇ ਧਰਮ ਪਰਿਵਰਤਨ ਸੰਬੰਧੀ ਕਾਨੂੰਨ ਬਣਾਉਣ ਲਈ ਇੱਕ ਵਿਸ਼ਾਲ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਉਦਾਸੀਨ ਟਕਸਾਲ ਇੰਟਰਨੈਸ਼ਨਲ ਦੇ ਮੁਖੀ ਗਿਆਨੀ ਗੁਰਪ੍ਰੀਤ ਸਿੰਘ ਉਦਾਸੀਨ ਨੇ ਕਿਹਾ ਕਿ ਪੰਜਾਬ ਵਿੱਚ ਈਸਾਈ ਭਾਈਚਾਰਾ ਪਖੰਡ ਅਤੇ ਅੰਧਵਿਸ਼ਵਾਸ ਨੂੰ ਉਤਸ਼ਾਹਿਤ ਕਰ ਰਿਹਾ ਹੈ ਅਤੇ ਵੱਡੇ ਪੱਧਰ 'ਤੇ ਲੋਕਾਂ ਦਾ ਧਰਮ ਪਰਿਵਰਤਨ ਕਰਵਾ ਰਿਹਾ ਹੈ। ਜਿਸ ਲਈ ਉਨ੍ਹਾਂ ਨੇ ਲੰਬੇ ਸਮੇਂ ਤੋਂ ਇੱਕ ਮੁਹਿੰਮ ਸ਼ੁਰੂ ਕੀਤੀ ਹੈ, ਜਿਸ ਵਿੱਚ ਉਨ੍ਹਾਂ ਨੂੰ ਕਈ ਸੰਗਠਨਾਂ ਦਾ ਪੂਰਾ ਸਮਰਥਨ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਡੀ ਲੜਾਈ ਧਰਮ ਪਰਿਵਰਤਨ ਬਾਰੇ ਨਹੀਂ ਹੈ ਸਗੋਂ ਪਖੰਡ, ਇਸਦੀ ਆੜ ਵਿੱਚ ਫੈਲਾਏ ਜਾ ਰਹੇ ਅੰਧਵਿਸ਼ਵਾਸ ਅਤੇ ਸਿੱਖ ਜਾਂ ਹਿੰਦੂ ਧਰਮ ਤੋਂ ਧਰਮ ਪਰਿਵਰਤਨ ਕਰਨ ਵਾਲੇ ਲੋਕਾਂ ਦੁਆਰਾ ਉਕਤ ਭਾਈਚਾਰੇ ਤੋਂ ਲਏ ਜਾ ਰਹੇ ਲਾਭਾਂ ਬਾਰੇ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਕਿਸੇ ਹਿੰਦੂ ਜਾਂ ਸਿੱਖ ਪਰਿਵਾਰ ਤੋਂ ਦੂਜੇ ਧਰਮ ਵਿੱਚ ਧਰਮ ਪਰਿਵਰਤਨ ਕਰਦਾ ਹੈ, ਤਾਂ ਸਰਕਾਰ ਨੂੰ ਉਨ੍ਹਾਂ ਦੇ ਸਾਰੇ ਅਧਿਕਾਰ ਵਾਪਸ ਲੈਣੇ ਚਾਹੀਦੇ ਹਨ ਤਾਂ ਜੋ ਉਹ ਵਿਅਕਤੀ ਦੂਜਿਆਂ ਵਿੱਚ ਪਖੰਡ ਅਤੇ ਅੰਧਵਿਸ਼ਵਾਸ ਨਾ ਫੈਲਾ ਸਕੇ। ਉਨ੍ਹਾਂ ਕਿਹਾ ਕਿ ਯੂਪੀ ਸਰਕਾਰ ਨੇ ਇਸ ਮਾਮਲੇ ਦਾ ਸਖ਼ਤ ਨੋਟਿਸ ਲਿਆ ਹੈ ਅਤੇ ਉੱਥੇ ਇੱਕ ਕਾਨੂੰਨ ਵੀ ਪਾਸ ਕੀਤਾ ਹੈ, ਜਿਸ ਵਿੱਚ ਧਰਮ ਪਰਿਵਰਤਨ ਕਰਨ ਵਾਲੇ ਵਿਅਕਤੀ ਦੇ ਸਾਰੇ ਅਧਿਕਾਰ ਰੱਦ ਕਰ ਦਿੱਤੇ ਜਾਣਗੇ ਅਤੇ ਨਾਲ ਹੀ ਸਰਕਾਰ ਵੱਲੋਂ ਉਸ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਵੀ ਬੰਦ ਕਰ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਯੂਪੀ ਸਰਕਾਰ ਦੀ ਤਰਜ਼ 'ਤੇ ਪੰਜਾਬ ਸਰਕਾਰ ਨੂੰ ਵੀ ਇਸ ਸਬੰਧ ਵਿੱਚ ਇੱਕ ਕਾਨੂੰਨ ਪਾਸ ਕਰਨਾ ਚਾਹੀਦਾ ਹੈ। ਇਸ ਸਬੰਧ ਵਿੱਚ ਉਨ੍ਹਾਂ ਵੱਲੋਂ ਸਰਕਾਰ ਦੇ ਨਾਮ ਪ੍ਰਸ਼ਾਸਨ ਨੂੰ ਕਈ ਮੰਗ ਪੱਤਰ ਦਿੱਤੇ ਗਏ ਹਨ, ਪਰ ਨਾ ਤਾਂ ਪ੍ਰਸ਼ਾਸਨ ਨੇ ਇਸ ਸਬੰਧ ਵਿੱਚ ਕੋਈ ਕਾਰਵਾਈ ਕੀਤੀ ਹੈ ਅਤੇ ਨਾ ਹੀ ਸਰਕਾਰ ਇਸ ਵਿੱਚ ਕੋਈ ਦਿਲਚਸਪੀ ਦਿਖਾ ਰਹੀ ਹੈ। ਉਨ੍ਹਾਂ ਕਿਹਾ ਕਿ ਸਾਰੇ ਸਿੱਖ ਅਤੇ ਹਿੰਦੂ ਭਾਈਚਾਰੇ ਦੇ ਸਮੂਹਾਂ ਦੇ ਸਹਿਯੋਗ ਨਾਲ ਉਹ ਪ੍ਰਸ਼ਾਸਨ ਅਤੇ ਸਰਕਾਰ ਵੱਲੋਂ ਕੀਤੀ ਜਾ ਰਹੀ ਲਾਪਰਵਾਹੀ ਵਿਰੁੱਧ ਵਿਰੋਧ ਪ੍ਰਦਰਸ਼ਨ ਕਰਨ ਜਾ ਰਹੇ ਹਨ। ਇਸ ਮੌਕੇ ਸ੍ਰੀ ਪੰਚ ਦਸ਼ਨਮ ਭੈਰਵ ਪੁਰਾਣਾ ਅਖਾੜਾ ਦੇ ਮਹੰਤ ਅਰੁਣ ਗਿਰੀ ਜੀ, ਗੁਰੂ ਤੇਗ ਬਹਾਦਰ ਚੈਰੀਟੇਬਲ ਟਰੱਸਟ ਦੇ ਬਲਵਿੰਦਰ ਸਿੰਘ ਖਾਲਸਾ, ਨਾਮਧਾਰੀ ਸੰਸਥਾ ਦੇ ਸੰਤ ਦਵਿੰਦਰ ਸਿੰਘ ਨਾਮਧਾਰੀ, ਪ੍ਰਿਤਪਾਲ ਸਿੰਘ ਨਾਮਧਾਰੀ, ਰਿੰਕੂ ਨਾਮਧਾਰੀ, ਧਰਮ ਜਾਗਰਣ ਦੇ ਦਵਿੰਦਰ ਪਹਿਲਵਾਨ ਆਦਿ ਮੌਜੂਦ ਸਨ।

# ਵਿਸ਼ਵ ਭਾਈ ਮਰਦਾਨਾ ਸੁਸਾਇਟੀ ਵੱਲੋਂ ਕਰਵਾਏ ਗੁਰਮਤ ਮੁਕਾਬਲਿਆਂ ਦੀ ਦੇਸ਼ਾਂ ਵਿਦੇਸ਼ਾਂ ਵਿੱਚ ਚਰਚਾ



**ਫ਼ਿਰੋਜ਼ਪੁਰ, 3 ਜੂਨ (ਮਨੋਹਰ ਲਾਲ)** :— ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਵੱਲੋਂ 1 ਜੂਨ ਨੂੰ ਬੱਚਿਆਂ ਦੇ ਗੁਰਮਤ ਮੁਕਾਬਲਿਆਂ ਦੀ ਚਰਚਾ ਦੇਸ਼ਾਂ ਵਿਦੇਸ਼ਾਂ ਤੱਕ ਹੋਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਪ੍ਰੋਗਰਾਮ ਬਹੁਤ ਹੀ ਕਾਮਯਾਬ ਰਿਹਾ ਜਿਸ ਵਿੱਚ ਤਕਰੀਬਨ 42 ਬੱਚਿਆਂ ਨੇ ਹਿੱਸਾ ਲਿਆ ਤੇ ਸਾਰਿਆਂ ਨੂੰ ਹੀ ਸਨਮਾਨਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਤੋਂ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ, ਬਲਕਾਰ ਸਿੰਘ, ਗੁਰਪ੍ਰੀਤ ਸਿੰਘ ਗੋਪੀ ਇੰਗਲੈਂਡ ਤੋਂ, ਗੁਰਮਿੰਦਰ ਸਿੰਘ ਰਾਜੂ ਅਮਰੀਕਾ ਤੋਂ, ਡਾਕਟਰ ਐਸ.ਪੀ ਸਿੰਘ ਉਬਰਾਏ, ਰਣਬੀਰ ਸਿੰਘ ਭੁੱਲਰ ਐਮ.ਐਲ.ਏ, ਅਨੁਮੀਤ ਸਿੰਘ ਹੀਰਾ ਸੋਡੀ, ਸੁਖਪਾਲ ਸਿੰਘ ਨੰਨੂ, ਬਲਵੀਰ ਸਿੰਘ ਰਾਮੂਵਾਲੀਆ, ਬਾਬਾ ਅਜਮੇਰ ਸਿੰਘ ਰੱਬ ਜੀ ਟਰਸਟ ਮੋਗਾ, ਧਰਮਜੀਤ ਸਿੰਘ ਘਟੋੜਾ, ਬਲਦੇਵ ਸਿੰਘ ਮਹਿਰੋਂ, ਬਾਬਾ ਕਪੂਰ ਸਿੰਘ ਸਨੇਰਾ ਵਾਲੇ ਨੇ ਗੁਰਮਤਿ ਮੁਕਾਬਲਿਆਂ ਅਤੇ ਧਾਰਮਿਕ ਪ੍ਰੋਗਰਾਮ ਕਰਵਾਉਣ ਲਈ ਵਿਸ਼ਵ ਭਾਈ ਮਰਦਾਨਾ ਸੋਸਾਇਟੀ ਨੂੰ ਵਧਾਈ ਦਿੱਤੀ। ਗੱਲਬਾਤ ਕਰਦਿਆਂ ਹਰਜੀਤ ਸਿੰਘ ਧਾਲੀਵਾਲ ਨੇ ਆਖਿਆ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਪ੍ਰੋਗਰਾਮ ਵੀ ਉਲੀਕੇ ਜਾਣਗੇ ਜਿਸ ਨਾਲ ਨੌਜਵਾਨਾਂ ਵਿੱਚ ਬੱਚਿਆਂ ਵਿੱਚ ਵਿਸ਼ੇਸ਼ ਰੁਚੀ ਪੈਦਾ ਕੀਤੀ ਜਾਵੇਗੀ, ਜਿਸ ਤੋਂ ਪ੍ਰੇਰਨਾ ਲੈ ਕੇ ਬੱਚੇ ਧਾਰਮਿਕ ਪ੍ਰੋਗਰਾਮ ਵਿੱਚ ਵੱਧ ਚੜ ਕੇ ਹਿੱਸਾ ਲੈ ਸਕਣ। ਇਸ ਮੌਕੇ ਬਲਜਿੰਦਰ ਸਿੰਘ ਬੱਬੂ ਹੁਸੈਨੀਵਾਲਾ, ਗੁਰਮੀਤ ਸਿੰਘ ਹਸਤੀ ਵਾਲਾ, ਹਰਦੀਪ ਸਿੰਘ ਸਰਪੰਚ ਰੱਜੀਵਾਲਾ, ਪਰਮਜੀਤ ਸਿੰਘ ਪੰਮਾ, ਰਣਬੀਰ ਸਿੰਘ ਰਾਣਾ, ਇੰਦਰਪਾਲ ਪ੍ਰਿੰਸ, ਰਾਜੇਸ਼ ਕੁਮਾਰ ਜੋਗਾ ਸਿੰਘ ਆਦਿ ਹਾਜ਼ਰ ਸਨ।

## ਗਰੀਬ ਤੇ ਲੋੜਵੰਦ ਸਿੱਖਾਂ ਦੀ ਸਾਰ ਲਵੇ ਸ਼੍ਰੋਮਣੀ ਕਮੇਟੀ—ਏਕਨੂਰ ਖਾਲਸਾ ਫੌਜ਼ ਪ੍ਰਧਾਨ ਲਖਬੀਰ ਸਿੰਘ



ਫ਼ਿਰੋਜ਼ਪੁਰ, 3 ਜੂਨ (ਮਨੋਹਰ ਲਾਲ) :— ਪੂਰੀ ਦੁਨਿਆਂ ਵਿਚ ਸਭ ਤੋਂ ਵੱਧ ਕੁਰਬਾਨੀਆਂ ਦੇਣ ਵਾਲੇ ਅਤੇ ਅੱਧੀ ਦੁਨੀਆਂ ਦਾ ਢਿੱਡ ਭਰਨ ਵਾਲੀ ਕੌਮ ਨੂੰ ਸਰਕਾਰ ਨੇ ਪੰਜ ਕਿਲੋ ਕਣਕ ਤੇ ਹੋਰ ਪਤਾ ਨੀ ਕੀ ਕੁਝ ਕਰਨ ਲਾ ਦਿੱਤਾ। ਜਿਹੜੀ ਕੌਮ ਆਪ ਭੁਖੀ ਰਹਿ ਕੇ ਵੀ ਕਿਸੇ ਨੂੰ ਭੁੱਖਾ ਨਹੀਂ ਵੇਖ ਸਕਦੀ, ਕਿਤੇ ਵੀ ਕੋਈ ਆਤ ਆਵੇ ਸਿੱਖ ਸਭ ਤੋਂ ਪਹਿਲਾਂ ਲੰਗਰ ਤੇ ਦਵਾਈਆਂ ਵਗੈਰਾ ਲੈ ਕੇ ਪਹੁੰਚ ਜਾਂਦਾ ਹੈ, ਪਰ ਫੇਰ ਵੀ ਹਰ ਕੋਈ ਇਸ ਨੂੰ ਖਤਮ ਕਰਨ ਲਈ ਜ਼ੋਰ ਲਗਾ ਰਿਹਾ ਹੈ। ਲਾਲਚ ਦੇ ਕੇ ਡਰਾ—ਧਮਕਾ ਕੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨੰਬਰਦਾਰ ਲਖਬੀਰ ਸਿੰਘ ਪ੍ਰਧਾਨ ਏਕਨੂਰ ਖਾਲਸਾ ਫੌਜ਼ ਫ਼ਿਰੋਜ਼ਪੁਰ ਨੇ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀ ਸਭ ਤੋਂ ਵੱਡੀ ਸੰਸਥਾ ਸ਼੍ਰੋਮਣੀ ਕਮੇਟੀ ਜਿਸ ਦਾ ਸਲਾਨਾ ਬਜਟ ਪੰਜਾਬ ਸਰਕਾਰ ਤੋਂ ਜਿਆਦਾ ਤਕਰੀਬਨ 13 ਅਰਬ ਰੁਪਏ ਤੇ 25 ਹਜ਼ਾਰ ਏਕੜ ਦੀ ਮਾਲਕ, ਪਰ ਗਰੀਬ ਤੇ ਲੋੜਵੰਦ ਸਿੱਖਾਂ ਦੀ ਬਾਂਹ ਫੜਨ ਦੀ ਬਜਾਏ ਧਨਾਢਾ ਦੀ ਕਮੇਟੀ ਬਣ ਕੇ ਰਹਿ ਗਈ ਹੈ ਤੇ ਦੂਜੇ ਪਾਸੇ ਇਸਾਈ ਧਰਮ ਜਾਂ ਹੋਰ ਡੇਕੇਦਾਰ ਲਾਲਚ ਦੇ ਕੇ ਆਪਣੇ ਧਰਮ ਵਿਚ ਮਿਲਾਉਣ ਦੀ ਕੋਸ਼ਿਸ਼ ਵਿਚ ਲੱਗੇ ਹਨ, ਪਹਿਲਾਂ ਤਾਂ ਪੰਜਾਬ ਵਿਚ ਖਾਸ ਕਰਕੇ ਗੁਰੂ ਨਗਰੀ ਵਿਚ ਸਭ ਤੋਂ ਵੱਧ ਜ਼ੋਰ ਲੱਗਾ ਰਹਿੰਦਾ ਸੀ, ਇਕਾਈ ਮੱਤ ਵਾਲਿਆਂ ਦਾ ਤੇ ਹੁਣ ਤਾਜਾ ਖਬਰਾਂ ਜ਼ੋ ਕਿ ਯੂ.ਪੀ ਤੋਂ ਮਿਲ ਰਹੀਆਂ ਹਨ ਕਿ ਇਸਾਈ ਮੱਤ ਵੱਲ ਗਰੀਬ ਤੇ ਅਨਪੜ ਜਾਂ ਘੱਟ ਪੜ੍ਹੇ ਲਿਖੇ ਯੂ.ਪੀ ਦੇ ਸਿੱਖਾਂ ਨੂੰ ਲਾਲਚ ਦੇ ਕੇ ਤਕਰੀਨ 3000 ਸਿੱਖਾਂ ਦਾ ਧਰਮ ਤਬਦੀਲ ਕਰ ਦਿੱਤਾ ਸੀ, ਪਰ ਜਿਹੜਾ ਨੂੰ ਸਿੱਖ ਕੌਮ ਨੂੰ ਆਗੂ ਚੁਣਿਆ ਸੀ ਜਾਂ ਆਪੇ ਆਗੂ ਬਣ ਗਏ ਨੇ ਕਦੇ ਹਾਅ ਦਾ ਨਾਹਰਾ ਨਹੀਂ ਮਾਰਿਆ ਕਦੇ ਗਰੀਬ ਤੇ ਲੋੜਵੰਦ ਸਿੱਖਾਂ ਦੀ ਬਾਂਹ ਨਹੀਂ ਫੜੀ, ਦਿੱਲੀ ਕਮੇਟੀ, ਪਟਨਾ ਸਾਹਿਬ ਕਮੇਟੀ, ਹਜ਼ੂਰ ਸਾਹਿਬ ਪ੍ਰਬੰਧਕੀ ਬੋਰਡ ਤੇ ਸਿੱਖਾਂ ਦੀ ਸਿਰਮੌਰ ਸੰਸਥਾ ਨੇ ਕਦੇ ਧਿਆਨ ਨਹੀਂ ਦਿੱਤਾ, ਵਣਜਾਰੇ ਸਿੱਖਾਂ ਤੇ ਸਿਕਲੀਗਰ ਸਿੱਖਾਂ ਵੱਲੋਂ ਜ਼ੋ ਅੱਤ ਦੀ ਗਰੀਬੀ ਵਿਚ ਵੀ ਧਰਮ ਨਹੀਂ ਛੱਡ ਕੇ ਕਮੇਟੀਆਂ ਨੂੰ ਗਰੀਬ ਲੋੜਵੰਦ ਸਿੱਖਾਂ ਦੀ ਬਾਂਹ ਫੜਨੀ ਚਾਹੀਦੀ ਹੈ।


## ਖੇਤੀ ਵਿਭਿੰਨਤਾ - ਮੱਕੀ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਵੱਲੋਂ 6 ਜ਼ਿਲ੍ਹਿਆਂ ਵਿੱਚ ਪਾਇਲਟ ਪ੍ਰੋਜੈਕਟ ਸ਼ੁਰੂ

**ਸੰਗਰੂਰ ( ਰਣਜੀਤ ਸਿੰਘ ਪੇਧਨੀ )** - ਸੂਬੇ ਵਿੱਚ ਖੇਤੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ, ਧਰਤੀ ਹੇਠਲੇ ਪਾਣੀ ਨੂੰ ਬਚਾਉਣ ਅਤੇ ਕਿਸਾਨਾਂ ਨੂੰ ਆਰਥਿਕ ਪੱਖੋਂ ਹੋਰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਨੇ ਕਿਸਾਨਾਂ ਨੂੰ ਝੋਨੇ ਦੇ ਬਦਲ ਵਜੋਂ ਮੱਕੀ ਦੀ ਫ਼ਸਲ ਬੀਜਣ ਦੀ ਅਪੀਲ ਕੀਤੀ ਹੈ। ਝੋਨੇ ਹੇਠਲੇ ਰਕਬੇ ਨੂੰ ਘਟਾ ਕੇ ਮੱਕੀ ਹੇਠ ਲਿਆਉਣ ਲਈ ਸਰਕਾਰ ਵੱਲੋਂ ਇਕ ਪਾਇਲਟ ਪ੍ਰੋਜੈਕਟ ਲਿਆਂਦਾ ਗਿਆ ਹੈ। ਇਸ ਪਾਇਲਟ ਪ੍ਰੋਜੈਕਟ ਤਹਿਤ ਪੰਜਾਬ ਦੇ 6 ਜ਼ਿਲ੍ਹਿਆਂ ਸੰਗਰੂਰ, ਬਠਿੰਡਾ, ਪਠਾਨਕੋਟ, ਗੁਰਦਾਸਪੁਰ, ਜਲੰਧਰ ਅਤੇ ਕਪੂਰਥਲਾ ਵਿੱਚ 10000 ਹੈਕਟੇਅਰ ਰਕਬੇ ਵਿੱਚ ਕਿਸਾਨਾਂ ਨੂੰ ਝੋਨੇ ਤੋਂ ਬਦਲ ਕੇ ਮੱਕੀ ਦੀ ਕਾਸ਼ਤ ਕਰਵਾਉਣ ਦਾ ਟੀਚਾ ਹੈ। ਇਸ ਬਦਲੇ ਕਿਸਾਨਾਂ ਨੂੰ 17500/- ਪ੍ਰਤੀ ਹੈਕਟੇਅਰ ਪ੍ਰੋਤਸ਼ਾਹਨ ਰਾਸ਼ੀ ਦਿੱਤੀ ਜਾਵੇਗੀ ਅਤੇ ਮੱਕੀ ਦੀ 2400 ਰੁਪਏ ਐਮ.ਐਸ.ਪੀ. 'ਤੇ ਖਰੀਦ ਯਕੀਨੀ ਬਣਾਈ ਜਾਵੇਗੀ। ਜਾਣਕਾਰੀ ਅਨੁਸਾਰ ਕੇਂਦਰ ਸਰਕਾਰ ਵੱਲੋਂ ਪੈਟਰੋਲ ਵਿੱਚ 20 ਫੀਸਦੀ ਐਥਾਨੋਲ ਮਿਲਾਉਣ ਨੂੰ ਹਰੀ ਝੰਡੀ ਦੇਣ ਨਾਲ ਐਥਾਨੋਲ ਦੀ ਡਿਮਾਂਡ ਵੱਧ ਗਈ ਹੈ। ਐਥਾਨੋਲ ਮੱਕੀ ਦੀ ਫ਼ਸਲ ਵਿੱਚੋਂ ਪ੍ਰਾਪਤ ਕੀਤਾ ਜਾ ਸਕਦਾ ਹੈ ਜਿਸ ਕਾਰਨ ਮੱਕੀ ਦੀ ਵੀ ਮੰਗ ਵਿੱਚ ਭਾਰੀ ਵਾਧਾ ਦਰਜ ਕੀਤਾ ਗਿਆ ਹੈ। ਇਸ ਮੰਗ ਨੂੰ ਪੂਰਾ ਕਰਨ ਲਈ ਵੱਧ ਤੋਂ ਵੱਧ ਕਿਸਾਨਾਂ ਨੂੰ ਮੱਕੀ ਦੀ ਫ਼ਸਲ ਦੀ ਪੈਦਾਵਾਰ ਕਰਨ ਵੱਲ ਉਤਸ਼ਾਹਿਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਮੱਕੀ ਦੀ ਫ਼ਸਲ ਬੀਜਣ ਨਾਲ ਜਿੱਥੇ ਸੂਬੇ ਵਿੱਚ ਖੇਤੀ ਵਿਭਿੰਨਤਾ ਆਵੇਗੀ, ਉਥੇ ਹੀ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਅਤੇ ਕਿਸਾਨਾਂ ਦੀ ਆਰਥਿਕ ਉੱਨਤੀ ਦਾ ਰਾਹ ਵੀ ਪੱਧਰਾ ਹੋਵੇਗਾ। ਪੰਜਾਬ ਸਰਕਾਰ ਵੱਲੋਂ ਪਾਇਲਟ ਪ੍ਰੋਜੈਕਟ ਤਹਿਤ ਜ਼ਿਲ੍ਹਾ ਸੰਗਰੂਰ ਅਤੇ ਗੁਰਦਾਸਪੁਰ ਵਿੱਚ 2000-2000 ਹੈਕਟੇਅਰ, ਪਠਾਨਕੋਟ, ਜਲੰਧਰ, ਬਠਿੰਡਾ ਅਤੇ ਕਪੂਰਥਲਾ ਵਿੱਚ 1500-1500 ਹੈਕਟੇਅਰ ਝੋਨੇ ਵਾਲੀ ਖੇਤਾਂ ਵਿਚ ਮੱਕੀ ਦੀ ਖੇਤੀ ਕਰਾਉਣ ਦਾ ਟੀਚਾ ਹੈ। ਸਿਰਫ ਉਹਨਾਂ ਖੇਤਾਂ ਵਿੱਚ ਹੀ ਮੱਕੀ ਬਿਜਵਾਈ ਜਾਵੇਗੀ ਜਿੱਥੇ ਪਹਿਲਾਂ ਝੋਨਾ ਬੀਜਿਆ ਜਾਂਦਾ ਰਿਹਾ ਹੈ।

### ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ ਸੂਰਤਗੜੀਆ ਬਾਜ਼ਾਰ ਸਿਰਸਾ ਵਿਖੇ


# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰਨਾਂ ਪੰਥਕ ਸ਼ਖਸੀਅਤਾਂ ਦਾ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ









ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ ਸੂਰਤਗੜੀਆ ਬਾਜ਼ਾਰ ਸਿਰਸਾ ਵਿਖੇ ਬੀਤੀ ਰਾਤ 3 ਜੂਨ ਨੂੰ ਦਰਸ਼ਨ ਦੀਦਾਰਿਆਂ ਲਈ ਪੁੱਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਦਾਰ ਜਗਤਾਰ ਸਿੰਘ ਮਾਨ ਮਿੱਠੜੀ ਅੰਤ੍ਰਿੰਗ ਮੈਂਬਰ,ਸਰਦਾਰ ਗੁਰਪਾਲ ਸਿੰਘ ਗੋਰਾ ਐਲਨਾਬਾਦ ਮੈਂਬਰ,ਸਰਦਾਰ ਮਾਲਿਕ ਸਿੰਘ ਕੰਗ ਭਾਵਦੀਨ ਸਾਬਕਾ ਮੈਂਬਰ,ਸਰਦਾਰ ਸੋਹਨ ਸਿੰਘ ਗਰੇਵਾਲ ਸਾਬਕਾ ਮੈਂਬਰ ਦਾ ਪ੍ਰਬੰਧਕਾਂ ਭਾਈ ਰਵਿੰਦਰ ਸਿੰਘ ਰਾਣਾ ਮੈਨੇਜਰ,ਭਾਈ ਬਲਵੰਤ ਸਿੰਘ ਗੋਪਾਲਾ ਇੰਚਾਰਜ ਧਰਮ ਪ੍ਰਚਾਰ ਸਬ ਦਫਤਰ ਸਿਰਸਾ ਅਤੇ ਨਾਮਧਾਰੀ ਸਿੱਖ ਸੰਪਰਦਾਇ ਦੇ ਸਿੱਖਾਂ ਵੱਲੋਂ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜੂਨ 1984 ਦੇ ਘੱਲੂਘਾਰੇ ਸਬੰਧੀ

# ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ



**ਅੰਮ੍ਰਿਤਸਰ, 4 ਜੂਨ (ਆਵਾਜ਼ਿ ਕੌਮ ਬਿਊਰੋ)**- ਜੂਨ 1984 'ਚ ਭਾਰਤ ਦੀ ਕਾਂਗਰਸ ਸਰਕਾਰ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਸ਼ਹੀਦ ਹੋਏ ਸਿੰਘ, ਸਿੰਘਣੀਆਂ ਤੇ ਬੱਚਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਲਈ 6 ਜੂਨ ਨੂੰ ਹੋਣ ਵਾਲੇ ਸਾਲਾਨਾ ਸ਼ਹੀਦੀ ਸਮਾਗਮ ਦੇ ਸਬੰਧ ਵਿਚ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤਾ ਗਿਆ। ਅਰਦਾਸ ਉਪਰੰਤ ਸੰਗਤ ਨੂੰ ਪਾਵਨ ਹੁਕਮਨਾਮਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ ਨੇ ਸਰਵਣ ਕਰਵਾਇਆ। ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਹੋਰ ਪ੍ਰਮੁੱਖ ਸਖਸ਼ੀਅਤਾਂ ਮੌਜੂਦ ਸਨ।

ਇਸ ਦੌਰਾਨ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਜੂਨ 1984 'ਚ ਸਮੇਂ ਦੀ ਹਕੂਮਤ ਵੱਲੋਂ ਕੀਤੇ ਗਏ ਕਰੂਰ ਕਾਰੇ ਨੇ ਸਿੱਖ ਕੌਮ ਨੂੰ ਡੂੰਘੇ ਜ਼ਖ਼ਮ ਦਿੱਤੇ ਹਨ, ਜੋ ਕੌਮ ਕਦੇ ਵੀ ਭੁੱਲ ਨਹੀਂ ਸਕਦੀ। ਇਸ ਘੱਲੂਘਾਰੇ ਵਿੱਚ ਜਿਥੇ ਅਨੇਕਾਂ ਸ਼ਹਾਦਤਾਂ ਹੋਈਆਂ, ਉੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਵੀ ਗੋਲੀਆਂ ਲੱਗਣ ਕਾਰਨ ਜ਼ਖਮੀ ਹੋਏ। ਉਨ੍ਹਾਂ ਕਿਹਾ ਕਿ ਘੱਲੂਘਾਰੇ ਦੀ ਯਾਦ 'ਚ ਹਰ ਸਾਲ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ ਕਰਕੇ ਸ਼ਹੀਦਾਂ ਨੂੰ ਸਤਿਕਾਰ ਭੇਟ ਕੀਤਾ ਜਾਂਦਾ ਹੈ। ਐਡਵੋਕੇਟ ਧਾਮੀ ਨੇ ਸੰਗਤ ਨੂੰ ਵੀ ਅਪੀਲ ਕੀਤੀ ਕਿ 6 ਜੂਨ ਨੂੰ ਹੋ ਰਹੇ ਸ਼ਹੀਦੀ ਸਮਾਗਮ ਸਮੇਂ ਮਰਯਾਦਾ ਨੂੰ ਧਿਆਨ ਵਿੱਚ ਰੱਖਦਿਆਂ ਸਮੂਹ ਸ਼ਹੀਦਾਂ ਨੂੰ ਸਤਿਕਾਰ ਭੇਟ ਕਰਨ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਮੈਂਬਰ ਭਾਈ ਮਨਜੀਤ ਸਿੰਘ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਫੈਡਰੇਸ਼ਨ ਆਗੂ ਐਡਵੋਕੇਟ ਜਸਬੀਰ ਸਿੰਘ ਘੁੰਮਣ, ਸ. ਅੰਮ੍ਰਿਤਪਾਲ ਸਿੰਘ ਕੁਲਾਰ, ਭਾਈ ਕੰਵਰਚੜਤ ਸਿੰਘ, ਵਧੀਕ ਮੈਨੇਜਰ ਸ. ਜਸਪਾਲ ਸਿੰਘ ਢੱਡੇ, ਮੀਤ ਮੈਨੇਜਰ ਸ. ਗੁਰਤਿੰਦਰਪਾਲ ਸਿੰਘ ਕਾਦੀਆਂ ਆਦਿ ਹਾਜ਼ਰ ਸਨ।

84 ਚ ਭਾਰਤੀ ਹਕੂਮਤ ਵੱਲੋਂ ਢਾਹੇ ਤਸੱਦਦ 'ਚ ਸ਼ਹੀਦ ਹੋਏ ਸੈਂਕੜੇ ਸਿੰਘਾਂ ਦੀ ਯਾਦ 'ਚ ਕਰਵਾਏ ਜਾ ਰਹੇ

# 6 ਜੂਨ ਸ਼ਹੀਦੀ ਸਮਾਗਮਾਂ 'ਚ ਵੱਧ ਚੜ੍ਹ ਕੇ ਭਰੋ ਹਾਜ਼ਰੀ : ਬਾਬਾ ਬਿਬੇਕ ਸਿੰਘ



**ਜੰਡਿਆਲਾ ਗੁਰੂ, 4 ਜੂਨ ( ਕੁਲਵੰਤ ਸਿੰਘ ਵਿਰਦੀ )**-ਅੱਜ ਗੱਲਬਾਤ ਦੌਰਾਨ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਅਤੇ ਸ੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਤੇ ਐਮ ਪੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਖਾਲਸਾ ਜੀ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਭਾਰਤੀ ਹਕੂਮਤ ਵੱਲੋਂ 1 ਜੂਨ 1984 ਨੂੰ ਸਿੱਖਾਂ ਦੇ ਪਵਿੱਤਰ ਅਸਥਾਨ ਸਚਖੰਡ ਸ੍ਰੀ ਦਰਬਾਰ ਸਾਹਿਬ ਉਪਰ ਫੌਜੀ ਹਮਲੇ ਦੀ ਸ਼ੁਰੂਆਤ ਕੀਤੀ ਗਈ ਤੇ ਅਟੈਕ ਦੀ ਸ਼ੁਰੂਆਤ ਮਗਰੋਂ ਪੰਜਾਬ ਬੰਦ ਦਾ ਸੱਦਾ ਦੇਣ ਪਿੱਛੇ ਸਿੱਖ ਵਿਰੋਧੀ ਭਾਰਤੀ ਸਰਕਾਰ ਦੀ ਇੱਕ ਵੱਡੀ ਤੇ ਡੂੰਘੀ ਸਾਜ਼ਿਸ਼ ਸੀ ਕਿਉਂਕਿ ਇਸ ਦਿਨ ਦਰਬਾਰ ਸਾਹਿਬ 'ਚ ਕਿਸੇ ਨੂੰ ਅੰਦਰ ਜਾ ਬਾਹਰ ਨਹੀਂ ਜਾਣ ਦਿੱਤਾ ਗਿਆ ਅਤੇ ਇਸ ਦਿਨ ਪਵਿੱਤਰ ਦਰਬਾਰ ਸਾਹਿਬ ਤੇ 1 ਜੂਨ 1984 ਨੂੰ ਠੀਕ ਦਿਨ ਦੇ 11 ਵਜੇ ਭਾਰਤੀ ਫੌਜ ਨੇ ਦਰਬਾਰ ਸਾਹਿਬ ਅਕਾਲ ਤਖ਼ਤ ਸਾਹਿਬ ਤੇ ਹੋਰ ਬਿਲਡਿੰਗਾਂ ਤੇ ਲਗਾਤਾਰ ਅੱਠ ਘੰਟੇ ਅੰਧਾ ਧੁੰਦ ਫਾਇਰਿੰਗ ਕੀਤੀ ਗਈ ਅਤੇ ਵੱਡੀਆਂ ਗੰਨਾਂ ਨਾਲ ਕੀਤੇ ਗਏ ਹਮਲੇ ਚ ਦਰਬਾਰ ਸਾਹਿਬ ਦੇ ਅੰਦਰ ਸਾਰੀਆਂ ਇਤਿਹਾਸਕ ਇਮਾਰਤਾਂ ਨੂੰ ਨਿਸ਼ਾਨਾ ਬਣਾਇਆ ਗਿਆ, ਇਥੇ ਹੀ ਬਸ ਨਹੀਂ ?ਸਰਕਾਰ ਵੱਲੋਂ ਵੱਡੀ ਚਲਾਕੀ ਨਾਲ 2 ਜੂਨ ਨੂੰ ਪੰਜਾਬ ਬੰਦ ਦਾ ਸੱਦਾ ਦੇ ਦਿੱਤਾ ਗਿਆ ਤਾਂ ਕਿ ਦਰਬਾਰ ਸਾਹਿਬ ਦੇ ਅੰਦਰੋ ਕਿਸੇ ਨੂੰ ਬਾਹਰ ਨਾ ਜਾਣ ਦਿੱਤਾ ਜਾਵੇ ਤੇ ਬਾਹਰੋਂ ਕਿਸੇ ਨੂੰ ਅੰਦਰ ਨਾਂ ਆਉਣ ਦਿੱਤਾ ਜਾ ਸਕੇ, ਸਰਕਾਰ ਦੀ ਇਹ ਸਿੱਖਾਂ ਦੀ ਨਸਲਕੁਸ਼ੀ ਕਰਨ ਵਾਲੀ ਖਤਰਨਾਕ ਪੋਲਸੀ ਸੀ,ਅਤੇ ਸਰਕਾਰ ਦੀ ਸਿੱਖ ਨਸਲਕੁਸ਼ੀ ਕਰਨ ਲਈ ਇਹ ਵੱਡੀ ਸਾਜ਼ਿਸ਼ ਸੀ ,ਇਸੇ ਹੀ ਕਰਕੇ ਸਿੱਖ ਵਿਰੋਧੀ ਸਰਕਾਰ ਨੇ 2 ਜੂਨ 84 ਦੇ ਬੰਦ ਤੋਂ ਉਪਰੰਤ ਦੋ ਜੂਨ ਵਾਲੇ ਬੰਦ ਦੇ ਸੱਦੇ ਨੂੰ ਇੱਕ ਦਮ ਵਾਪਸ ਲੈ ਕੇ 3 ਜੂਨ ਨੂੰ ਪੰਜਾਬ ਪੂਰੀ ਤਰ੍ਹਾਂ ਖੋਲ ਦਿੱਤਾ ਗਿਆ, ਕਿਉਕਿ ਇਸ ਦਿਨ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦਾ ਸ਼ਹੀਦੀ ਦਿਹਾੜਾ ਹੋਣ ਕਰਕੇ ਅਤੇ ਦਰਬਾਰ ਤੇ ਸਰਕਾਰੀ ਅਟੈਕ ਦੇ ਗੁ੍ਸੇ ਵਜੋਂ ਲੱਖਾਂ ਦੀ ਤਾਦਾਦ ਵਿੱਚ ਸੰਗਤਾਂ ਪਵਿੱਤਰ ਅਸਥਾਨ ਸਚਖੰਡ ਸ੍ਰੀ ਦਰਬਾਰ ਪਹੁੰਚੀਆਂ,ਅਤੇ ਸ਼ਾਮ ਨੂੰ 7 ਵਜੇ ਦੇ ਲਗਭਗ ਭਾਰਤੀ ਫੌਜਾਂ ਨੇ ਗਿਣੀ ਮਿਥੀ ਸਾਜਸ਼ ਤਹਿਤ ਦਰਬਾਰ ਸਾਹਿਬ ਦੀ ਚਾਰੇ ਪਾਸਿਓਂ ਘੇਰਾਬੰਦੀ ਕਰਕੇ ਇੱਕ ਵਾਰ ਫਿਰ ਪੂਰੀ ਤਰ੍ਹਾਂ ਸੀਲ ਕਰ ਦਿੱਤਾ ਗਿਆ,ਜਿਸ ਦੇ ਸਿੱਟੇ ਵਜੋਂ ਲੱਖਾਂ ਦੀ ਤਾਦਾਦ ਵਿੱਚ ਦਰਬਾਰ ਸਾਹਿਬ ਨਤਮਸਤਕ ਹੋਣ ਆਏਂ ਸਾਰੇ ਸ਼ਰਧਾਲੂਆਂ ਨੂੰ ਬੰਦੀ ਬਣਾ ਲਿਆ ਗਿਆ ਅਤੇ 2 ਜੂਨ 1984 ਦਾ ਇਹ ਦਿਨ ਸਿੱਖ ਨਸਲਕੁਸ਼ੀ ਦੀ ਪਲਾਨਿੰਗ ਵਾਲਾ ਦਿਨ ਕਿਹਾ ਜਾ ਸਕਦਾ ਹੈ ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਭਾਰਤੀ ਹਕੂਮਤ ਦੇ ਇਸਾਰੇ ਤੇ ਸੈਕੜੇ ਸਿੰਘਾਂ ਸਿੰਘਣੀਆਂ ਦੁੱਧ ਚੁੰਘਦੇ ਬੱਚਿਆਂ ਨੂੰ ਸ਼ਹੀਦ ਕਰ ਦਿੱਤਾ ਗਿਆ ਅਤੇ ਹਕੂਮਤ ਵਲੋਂ ਸਿੱਖਾਂ ਦੀ ਕੀਤੀ ਗਈ ਨਸਲਕੁਸ਼ੀ ਦੌਰਾਨ ਦਿੱਤੇ ਗਏ ਜਖਮਾਂ ਦੇ ਦਰਦਾਂ ਨੂੰ ਲੁਕਾਇਆ ਛਪਾਇਆ ਭੁਲਾਇਆ ਨਹੀਂ ਜਾ ਸਕਦਾ ਅਗੇ ਬਾਬਾ ਬਿਬੇਕ ਸਿੰਘ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਹੁਣ ਮੌਜੂਦਾ 1 ਜੂਨ ਤੋਂ 6 ਜੂਨ ਤੱਕ ਚੱਲ ਰਹੇ ਘੱਲੂਘਾਰਾ ਦਿਵਸ ਦੌਰਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ ਵੱਧ ਤੋਂ ਵੱਧ ਗੁਰਬਾਣੀ ਦਾ ਜਾਪ ਕਰਨਾ ਚਾਹੀਦਾ ਹੈ ਅਤੇ 6 ਜੂਨ ਨੂੰ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਸ਼ਹੀਦ ਸਿੰਘਾਂ ਦੀਆਂ ਬਖਸਿਸਾਂ ਪ੍ਰਾਪਤ ਕਰਨੀਆਂ ਚਾਹੀਦੀਆਂ ਹਨ!

**ਹਕੂਮਤ ਵੱਲੋਂ ਸਿੱਖਾਂ ਦੀ ਕੀਤੀ ਨਸਲਕੁਸ਼ੀ 'ਚ ਦਿੱਤੇ ਜ਼ਖ਼ਮਾਂ ਦੇ ਦਰਦਾਂ ਨੂੰ ਲੁਕਾਇਆ ਛਪਾਇਆ ਭੁਲਾਇਆ ਨਹੀਂ ਜਾ ਸਕਦਾ**

# ਵਡਾਲਾ ਵੱਲੋਂ ਸਵ. ਢੀਂਡਸਾ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ



**ਜਲੰਧਰ, 4 ਜੂਨ (ਆਵਾਜ਼ਿ ਕੌਮ ਬਿਊਰੋ)**-ਸਾਡੇ ਬਹੁਤ ਹੀ ਸਤਿਕਾਰਯੋਗ ਸੀਨੀਅਰ ਆਗੂ, ਸਿਆਸਤ ਦੇ ਥੰਮ ਸ. ਸੁਖਦੇਵ ਸਿੰਘ ਜੀ ਢੀਂਡਸਾ ਸਾਬ੍ਹ, ਜੋ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਅੱਜ ਉਹਨਾਂ ਦੀ ਸੰਗਰੂਰ ਰਿਹਾਇਸ਼ ਵਿਖੇ ਢੀਂਡਸਾ ਸਾਬ੍ਹ ਜੀ ਦੇ ਸਪੁੱਤਰ ਅਤੇ ਨੇੜਲੇ ਸਾਥੀ ਪਰਮਿੰਦਰ ਸਿੰਘ ਢੀਂਡਸਾ ਨਾਲ ਜਿਲਾ ਜਲੰਧਰ ਦੀਆਂ ਸੰਗਤਾਂ ਅਤੇ ਆਗੂ ਸਾਹਿਬਾਨਾਂ ਵੱਲੋਂ ਦੁੱਖ ਸਾਂਝਾ ਕੀਤਾ ਗਿਆ। ਦੇਸ਼ ਦੀ ਸਿਆਸਤ ਖਾਸ ਤੌਰ ਤੇ ਪੰਜਾਬ ਦੀ ਸਿਆਸਤ ਵਿੱਚ ਢੀਂਡਸਾ ਸਾਬ੍ਹ ਦਾ ਬਹੁਤ ਹੀ ਵੱਡਾ ਨਾਂਅ ਅਤੇ ਕੱਦ ਸੀ। ਉਨ੍ਹਾਂ ਦੇ ਜਾਣ ਨਾਲ ਜਿੱਥੇ ਢੀਂਡਸਾ ਪਰਿਵਾਰ ਨੂੰ ਗਹਿਰਾ ਦੁੱਖ ਲੱਗਾ ਹੈ, ਉੱਥੇ ਹੀ ਸਮੂਹ ਪੰਥ ਤੇ ਪੰਜਾਬ ਨੂੰ ਵੀ ਘਾਟਾ ਪਿਆ ਹੈ। ਆਪਾਂ ਸਾਰਿਆਂ ਵੱਲੋਂ ਅਰਦਾਸ ਬੇਨਤੀ ਹੈ ਕਿ ਵਾਹਿਗੁਰੂ ਜੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਅਤੇ ਸਮੂਹ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

# ਲੜਕੀ ਦੇ ਚਾਚੇ ਨੇ ਪ੍ਰਸ਼ਾਸਨ ਕੋਲੋਂ ਲਾਈ ਗੁਹਾਰ ਕਿਹਾ ਸਾਡੇ ਪਰਿਵਾਰ ਨੂੰ ਕੀਤਾ ਜਾ ਰਿਹਾ ਨਜਾਇਜ ਤੰਗ ਪਰੇਸ਼ਾਨ ਲੜਕੀ ਦੀ ਮਾਂ ਸਦਮੇ ਵਿੱਚ ਹੈ



**ਜੰਡਿਆਲਾ ਗੁਰੂ, 4 ਜੂਨ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨੀਂ ਅਕਾਲ ਚਲਾਨਾ ਕਰ ਗਏ ਸ੍ਰ ਕੇਵਲ ਸਿੰਘ ਖੇਲਾ ਦੀ ਮੌਤ ਸਬੰਧੀ ਅੱਜ ਇੱਕ ਨਿੱਜੀ ਹੋਟਲ ਦੇ ਵਿੱਚ ਲੜਕੀ ਦੇ ਪਰਿਵਾਰ ਵੱਲੋਂ ਕੀਤੀ ਗਈ ਪ੍ਰੈਸ ਮੀਟਿੰਗ ਵਿੱਚ ਲੜਕੀ ਦੇ ਚਾਚੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਇਸ ਹੱਤਿਆ ਵਿੱਚ ਸਾਡੀ ਲੜਕੀ ਦਾ ਕੋਈ ਵੀ ਰੋਲ ਨਹੀਂ ਹੈ ਤੇ ਉਹਨਾਂ ਨੇ ਇਹ ਵੀ ਦੱਸਿਆ ਕਿ ਲੜਕੀ ਦੀ ਮਾਂ ਸਦਮੇ ਵਿੱਚ ਹੈ। ਲੜਕੀ ਦੇ ਚਾਚੇ ਨੇ ਕਿਹਾ ਕਿ ਸਾਡੀ ਲੜਕੀ 10 ਸਾਲ ਪਹਿਲਾ ਦੀਪਕ ਪਾਲ ਸਿੰਘ ਪੁੱਤਰ ਕੇਵਲ ਕ੍ਰਿਸ਼ਨ ਸਿੰਘ ਖੇਲਾ ਦੇ ਨਾਲ ਵਿਆਹੀ ਸੀ।ਲੜਕੇ ਪਰਿਵਾਰ ਸਾਡੀ ਲੜਕੀ ਨੂੰ ਤੰਗ ਕਰਦੇ ਸੀ। ਕਈ ਵਾਰ ਪਹਿਲਾ ਵੀ ਲੜਕੀ ਨੂੰ ਤੰਗ ਪਰੇਸ਼ਾਨ ਕੀਤਾ ਗਿਆ। 2016 ਵਿੱਚ ਅਸੀਂ ਪੰਚਾਇਤੀ ਫੈਸਲਾ ਵੀ ਕੀਤਾ ਗਿਆ ਸੀ ਜਿਸ ਵਿੱਚ ਲੜਕਾ ਦਿਮਾਗੀ ਪ੍ਰੇਸ਼ਾਨੀ ਦੇ ਕਾਰਨ ਦਵਾਈਆਂ ਖਾਂਦਾ ਸੀ ਅਸੀਂ ਵੀ ਕਈ ਵਾਰ ਇਹਨਾ ਨਾਲ ਜਾਕੇ ਇਸਦੀ ਦਵਾਈ ਲੈਕੇ ਆਉਂਦੇ ਸੀ ਦਿਮਾਗੀ ਪ੍ਰੇਸ਼ਾਨੀ ਦੇ ਚਲਦਿਆਂ ਕਈ ਵਾਰੀ ਇਸਨੇ ਸਾਡੀ ਲੜਕੀ ਨਾਲ ਕੁੱਟ ਮਾਰ ਕੀਤੀ ਤੇ ਲੜਕੀ ਦੇ ਸਹੁਰੇ ਕੇਵਲ ਕ੍ਰਿਸ਼ਨ ਸਿੰਘ ਜੋਂ ਕਿ ਇੱਕ ਚੰਗੇ ਸੁਭਾਅ ਦੇ ਮਾਲਕ ਸਨ ਓਹਨਾ ਦੇ ਕਹਿਣ ਤੇ ਅਸੀਂ ਲੜਕੀ ਨੂੰ ਵਾਪਿਸ ਭੇਜ ਦਿੰਦੇ ਸੀ ਪਰ ਪਿਛਲੇ ਦੋ ਮਹੀਨੇ ਪਹਿਲਾ ਸਾਡੀ ਲੜਕੀ ਨਾਲ ਕੁੱਟ ਮਾਰ ਕੀਤੀ ਤੇ ਓਹ ਸਾਡੇ ਘਰ ਆ ਗਈ ਤੇ ਉਹ ਆਪਣੇ ਸਹੁਰੇ ਕੇਵਲ ਕਿਸ਼ਨ ਖੇਲੇ ਦੇ ਕਹਿਣ ਤੇ ਆਪਣੀ ਲੜਕੀ ਨੂੰ ਮਿਲਣ ਵਾਸਤੇ ਸਹੁਰੇ ਘਰ ਗਈ ਤੇ ਜਾਂਦਿਆਂ ਹੀ ਉਸ ਦੀ ਸੱਸ ਅਤੇ ਦਰਾਣੀ ਨੇ ਉਸ ਨੂੰ ਫੜ ਲਿਆ ਤੇ ਕੁੱਟ ਮਾਰ ਕਰਨ ਲੱਗ ਪਏ ਜਿਸ ਨੂੰ ਵੇਖ ਕੇ ਕੇਵਲ ਸਿੰਘ ਖੇਲੇ ਨੇ ਆਵਾਜ਼ਾਂ ਮਾਰੀਆਂ ਕਿ ਨਾ ਕਰੋ ਨਾ ਕਰੋ ਤੇ ਬਾਅਦ ਚ ਸਿਰ ਸੁੱਟ ਲਿਆ । ਸਿਰ ਸੁੱਟਣ ਤੋਂ ਬਾਅਦ ਵੀ ਮੇਰੀ ਕੁੱਟਮਾਰ ਕਰਦੇ ਰਹੇ ਇਹਨਾਂ ਨੇ ਮੈਨੂੰ ਨਹੀਂ ਛੱਡਿਆ ਜਦ ਮੇਰਾ ਸਹੁਰਾ ਮੇਰੇ ਪਿਤਾ ਸਮਾਨ ਸੀ ਮੈਂ ਉਨਾਂ ਦੇ ਗਲ ਕਿਉਂ ਪਵਾਂਗੀ ਪਰ ਮੇਰੇ ਸਹੁਰੇ ਦੇ ਹੱਤਿਆ ਦਾ ਇਲਜ਼ਾਮ ਮੇਰੇ ਤੇ ਮੇਰੇ ਪਰਿਵਾਰ ਤੇ ਲਾਇਆ ਜਾ ਰਿਹਾ ਹੈ ਮੈਂ ਪੁਲਿਸ ਪ੍ਰਸ਼ਾਸਨ ਤੋਂ ਮੰਗ ਕਰਦੀ ਹਾਂ ਕਿ ਮੈਨੂੰ ਇਨਸਾਫ ਦਿੱਤਾ ਜਾਵੇ ਮੈਂ ਆਪਣੇ ਸਹੁਰੇ ਦੀ ਹੱਤਿਆ ਕਿਉਂ ਕਰਾਂਗੀ । ਇਸ ਸਬੰਧੀ ਡੀ ਐਸ ਪੀ ਜੰਡਿਆਲਾ ਪਹਿਲਾਂ ਹੀ ਬਿਆਨ ਦੇ ਚੁੱਕੇ ਹਨ ਕਿ ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਅਕਾਲ ਤਖਤ ਸਾਹਿਬ ਅਤੇ ਸ੍ਰੀ ਦਰਬਾਰ ਸਾਹਿਬ ਵਿਖੇ

# ਜੂਨ 1984 ਦੇ ਸ਼ਹੀਦੀ ਸਾਕੇ ਦੀ ਯਾਦ 'ਚ ਦਿੱਲੀ ਕਮੇਟੀ ਵਲੋਂ ਅਰਦਾਸ ਸਮਾਗਮ



**ਨਵੀਂ ਦਿੱਲੀ, 4 ਜੂਨ (ਮਨਪ੍ਰੀਤ ਸਿੰਘ ਖਾਲਸਾ)-** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ੍ਰੀ ਦਰਬਾਰ ਸਾਹਿਬ ਵਿਖੇ ਜੂਨ 1984 ਦੌਰਾਨ ਵਾਪਰੇ ਸ਼ਹੀਦੀ ਸਾਕੇ ਦੀ ਯਾਦ ਵਿਚ ਅਰਦਾਸ ਸਮਾਗਮ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਕਰਵਾਇਆ ਗਿਆ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਜੂਨ 1984 ਵਿਚ ਜ਼ਾਲਮ ਇੰਦਰਾ ਗਾਂਧੀ ਨੇ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਨੂੰ ਟੈਂਕਾਂ ਅਤੇ ਤੋਪਾਂ ਨਾਲ ਢਹਿ ਢੇਰੀ ਕੀਤਾ, ਉਸਨੂੰ ਸਿੱਖ ਕੌਮ ਕਦੇ ਵੀ ਭੁੱਲ ਨਹੀਂ ਸਕਦੀ। ਉਹਨਾਂ ਦਿਨਾਂ ਵਿਚ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਉਣ ਲਈ ਇਕੱਤਰ ਹੋਈਆਂ ਸੰਗਤਾਂ ਜਿਹਨਾਂ ਵਿਚ ਛੋਟੇ-ਛੋਟੇ ਬੱਚੇ ਵੀ ਸ਼ਾਮਲ ਸਨ, ਨੂੰ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ। ਉਹਨਾਂ ਕਿਹਾ ਕਿ ਇੰਦਰਾ ਗਾਂਧੀ ਦੀ ਸਰਕਾਰ ਨੇ ਇਹ ਹਮਲਾ ਕਰਵਾਉਣ ਵੇਲੇ ਇਕ ਪਲ ਵੀ ਇਹ ਚੇਤੇ ਨਹੀਂ ਕੀਤਾ ਕਿ ਸਿੱਖ ਕੌਮ ਉਹ ਕੌਮ ਹੈ ਜਿਸਨੇ ਦੇਸ਼ ਦੇ ਆਜ਼ਾਦੀ ਦੇ ਸੰਘਰਸ਼ ਵਿਚ ਸਭ ਤੋਂ ਵੱਡਾ ਯੋਗਦਾਨ ਪਾਇਆ। ਸਿੱਖਾਂ ਨੇ ਹੀ ਹਮੇਸ਼ਾ ਮੋਹਰੀ ਹੋ ਕੇ ਸ਼ਹਾਦਤਾਂ ਦਿੱਤੀਆਂ। ਉਹਨਾਂ ਕਿਹਾ ਕਿ ਇੰਦਰਾ ਗਾਂਧੀ ਨੇ ਕਿਉਂਕਿ ਇਲੈਕਸ਼ਨ ਲੜਨੀ ਸੀ, ਇਸ ਵਾਸਤੇ ਉਹ ਹਮੇਸ਼ਾ ਤੋਂ ਸਿੱਖਾਂ ਨੂੰ ਬਲੀ ਦਾ ਬੱਕਰਾ ਬਣਾ ਕੇ ਚੋਣਾਂ ਜਿੱਤਦੀ ਰਹੀ। ਉਹਨਾਂ ਕਿਹਾ ਕਿ ਜੂਨ 1984 ਤੋਂ ਬਾਅਦ ਨਵੰਬਰ 1984 ਵਿਚ ਸਿੱਖਾਂ ਦਾ ਕਤਲੇਆਮ ਕਰਵਾਇਆ ਗਿਆ।

ਉਹਨਾਂ ਕਿਹਾ ਕਿ ਸਿੱਖ ਕੌਮ ਕਦੇ ਵੀ 1984 ਨੂੰ ਭੁੱਲ ਨਹੀਂ ਸਕਦੀ ਤੇ ਨਾ ਹੀ ਇਹ ਸਾਕੇ ਮੁਆਫ ਕਰਨ ਯੋਗ ਹਨ। ਉਹਨਾਂ ਕਿਹਾ ਕਿ ਜੂਨ ਅਤੇ ਨਵੰਬਰ 1984 ਦੇ ਜ਼ਖ਼ਮ ਸਾਡੇ ਹਾਲੇ ਵੀ ਅੱਲ੍ਹੇ ਹਨ। ਉਹਨਾਂ ਕਿਹਾ ਕਿ 41 ਸਾਲਾਂ ਦੀ ਲੰਬੀ ਲੜਾਈ ਤੋਂ ਬਾਅਦ ਅੱਜ ਕੇਂਦਰ ਵਿਚ ਨਰਿੰਦਰ ਮੋਦੀ ਦੀ ਅਗਵਾਈ ਹੇਠਲੀ ਸਰਕਾਰ ਬਣਨ ਮਗਰੋਂ ਸਾਨੂੰ ਨਿਆਂ ਮਿਲਣਾ ਸ਼ੁਰੂ ਹੋਇਆ ਹੈ ਤੇ ਪੀੜਤ ਪਰਿਵਾਰਾਂ ਨੂੰ ਇਨਸਾਫ ਤੇ ਮੁਆਵਜ਼ੇ ਮਿਲਣ ਲੱਗੇ ਹਨ।

ਦਿੱਲੀ ਗੁਰਦਆਰਾ ਕਮੇਟੀ ਵੱਲੋਂ ਪ੍ਰਦਾਨ ਕੀਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦੀ ਗੱਲ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ 6 ਜੂਨ ਨੂੰ ਗੁਰਦੁਆਰਾ ਬੰਗਲਾ ਸਾਹਿਬ ਵਿਚ ਪੈਟ ਸਕੈਨ ਟੈਸਟ ਦੀ ਸ਼ੁਰੂਆਤ ਹੋ ਜਾਵੇਗੀ ਜੋ ਬਜ਼ਾਰ ਦੀ ਕੀਮਤ ਦੇ ਮੁਕਾਬਲੇ ਸਿਰਫ ਨਾਂ ਮਾਤਰ ਫੀਸ ਲੈ ਕੇ ਟੈਸਟ ਕੀਤੇ ਜਾਣਗੇ। ਉਹਨਾਂ ਦੱਸਿਆ ਕਿ ਇਸੇ ਤਰੀਕੇ 13 ਜੂਨ ਨੂੰ ਦਿੱਲੀ ਦੇ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਬਾਲਾ ਸਾਹਿਬ ਹਸਪਤਾਲ ਦੇ ਦੂਜੇ ਪ੍ਰਾਜੈਕਟ ਦਾ ਉਦਘਾਟਨ ਕਰਨਗੇ। ਪਹਿਲੇ ਪ੍ਰਾਜੈਕਟ ਤਹਿਤ ਉਥੇ ਮੁਫਤ ਵਿਚ ਡਾਇਲਸਿਸ ਦੀ ਸਹੂਲਤ ਦਿੱਤੀ ਜਾ ਰਹੀ ਹੈ ਜਿਸਦਾ ਹੁਣ ਤੱਕ 90 ਹਜ਼ਾਰ ਲੋਕ ਲਾਹਾ ਲੈ ਚੁੱਕੇ ਹਨ। ਉਹਨਾਂ ਕਿਹਾ ਕਿ ਇਹ ਸਾਰੀਆਂ ਸਹੂਲਤਾਂ ਸੰਗਤਾਂ ਦੇ ਸਹਿਯੋਗ ਨਾਲ ਹੀ ਦਿੱਤੀਆਂ ਜਾਂਦੀਆਂ ਹਨ ਤੇ ਅਸੀਂ ਦਿੱਲੀ ਦੀ ਸੰਗਤ ਦੇ ਤਹਿ ਦਿਲੋਂ ਧੰਨਵਾਦੀ ਹਾਂ ਜੋ ਹਮੇਸ਼ਾ ਵੱਧ ਚੜ੍ਹ ਕੇ ਸਾਨੂੰ ਸਹਿਯੋਗ ਦਿੰਦੀਆਂ ਹਨ। ਸਮਾਗਮ ਵਿਚ ਦਿੱਲੀ ਗੁਰਦੁਆਰਾ ਕਮੇਟੀ ਦੇ ਅਹੁਦੇਦਾਰ, ਮੈਂਬਰ ਤੇ ਹੋਰ ਸ਼ਖ਼ਸੀਅਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ।

ਖੇਤੀ ਵਿਭਿੰਨਤਾ - ਮੱਕੀ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਵੱਲੋਂ 6 ਜ਼ਿਲ੍ਹਿਆਂ ਵਿੱਚ ਪਾਇਲਟ ਪ੍ਰੋਜੈਕਟ ਸ਼ੁਰੂ

# 10000 ਹੈਕਟੇਅਰ ਰਕਬੇ ਵਿੱਚ ਕਿਸਾਨਾਂ ਨੂੰ ਝੋਨੇ ਤੋਂ ਬਦਲ ਕੇ ਮੱਕੀ ਦੀ ਕਾਸ਼ਤ ਕਰਵਾਉਣ ਦਾ ਟੀਚਾ

ਸੰਗਰੂਰ (ਰਣਜੀਤ ਸਿੰਘ ਪੇਧਨੀ) - ਸੂਬੇ ਵਿੱਚ ਖੇਤੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ, ਧਰਤੀ ਹੇਠਲੇ ਪਾਣੀ ਨੂੰ ਬਚਾਉਣ ਅਤੇ ਕਿਸਾਨਾਂ ਨੂੰ ਆਰਥਿਕ ਪੱਖੋਂ ਹੋਰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਨੇ ਕਿਸਾਨਾਂ ਨੂੰ ਝੋਨੇ ਦੇ ਬਦਲ ਵਜੋਂ ਮੱਕੀ ਦੀ ਫ਼ਸਲ ਬੀਜਣ ਦੀ ਅਪੀਲ ਕੀਤੀ ਹੈ। ਝੋਨੇ ਹੇਠਲੇ ਰਕਬੇ ਨੂੰ ਘਟਾ ਕੇ ਮੱਕੀ ਹੇਠ ਲਿਆਉਣ ਲਈ ਸਰਕਾਰ ਵੱਲੋਂ ਇਕ ਪਾਇਲਟ ਪ੍ਰੋਜੈਕਟ ਲਿਆਂਦਾ ਗਿਆ ਹੈ। ਇਸ ਪਾਇਲਟ ਪ੍ਰੋਜੈਕਟ ਤਹਿਤ ਪੰਜਾਬ ਦੇ 6 ਜ਼ਿਲ੍ਹਿਆਂ ਸੰਗਰੂਰ, ਬਠਿੰਡਾ, ਪਠਾਨਕੋਟ, ਗੁਰਦਾਸਪੁਰ, ਜਲੰਧਰ ਅਤੇ ਕਪੂਰਥਲਾ ਵਿੱਚ 10000 ਹੈਕਟੇਅਰ ਰਕਬੇ ਵਿੱਚ ਕਿਸਾਨਾਂ ਨੂੰ ਝੋਨੇ ਤੋਂ ਬਦਲ ਕੇ ਮੱਕੀ ਦੀ ਕਾਸ਼ਤ ਕਰਵਾਉਣ ਦਾ ਟੀਚਾ ਹੈ। ਇਸ ਬਦਲੇ ਕਿਸਾਨਾਂ ਨੂੰ 17500/- ਪ੍ਰਤੀ ਹੈਕਟੇਅਰ ਪ੍ਰੋਤਸ਼ਾਹਨ ਰਾਸ਼ੀ ਦਿੱਤੀ ਜਾਵੇਗੀ ਅਤੇ ਮੱਕੀ ਦੀ 2400 ਰੁਪਏ ਐਮ.ਐਸ.ਪੀ. 'ਤੇ ਖਰੀਦ ਯਕੀਨੀ ਬਣਾਈ ਜਾਵੇਗੀ। ਜਾਣਕਾਰੀ ਅਨੁਸਾਰ ਕੇਂਦਰ ਸਰਕਾਰ ਵੱਲੋਂ ਪੈਟਰੋਲ ਵਿੱਚ 20 ਫੀਸਦੀ ਐਥਾਨੋਲ ਮਿਲਾਉਣ ਨੂੰ ਹਰੀ ਝੰਡੀ ਦੇਣ ਨਾਲ ਐਥਾਨੋਲ ਦੀ ਡਿਮਾਂਡ ਵੱਧ ਗਈ ਹੈ। ਐਥਾਨੋਲ ਮੱਕੀ ਦੀ ਫ਼ਸਲ ਵਿੱਚੋਂ ਪ੍ਰਾਪਤ ਕੀਤਾ ਜਾ ਸਕਦਾ ਹੈ ਜਿਸ ਕਾਰਨ ਮੱਕੀ ਦੀ ਵੀ ਮੰਗ ਵਿੱਚ ਭਾਰੀ ਵਾਧਾ ਦਰਜ ਕੀਤਾ ਗਿਆ ਹੈ। ਇਸ ਮੰਗ ਨੂੰ ਪੂਰਾ ਕਰਨ ਲਈ ਵੱਧ ਤੋਂ ਵੱਧ ਕਿਸਾਨਾਂ ਨੂੰ ਮੱਕੀ ਦੀ ਫ਼ਸਲ ਦੀ ਪੈਦਾਵਾਰ ਕਰਨ ਵੱਲ ਉਤਸ਼ਾਹਿਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਮੱਕੀ ਦੀ ਫ਼ਸਲ ਬੀਜਣ ਨਾਲ ਜਿੱਥੇ ਸੂਬੇ ਵਿੱਚ ਖੇਤੀ ਵਿਭਿੰਨਤਾ ਆਵੇਗੀ, ਉਥੇ ਹੀ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਅਤੇ ਕਿਸਾਨਾਂ ਦੀ ਆਰਥਿਕ ਉੱਨਤੀ ਦਾ ਰਾਹ ਵੀ ਪੱਧਰਾ ਹੋਵੇਗਾ। ਪੰਜਾਬ ਸਰਕਾਰ ਵੱਲੋਂ ਪਾਇਲਟ ਪ੍ਰੋਜੈਕਟ ਤਹਿਤ ਜ਼ਿਲ੍ਹਾ ਸੰਗਰੂਰ ਅਤੇ ਗੁਰਦਾਸਪੁਰ ਵਿੱਚ 2000-2000 ਹੈਕਟੇਅਰ, ਪਠਾਨਕੋਟ, ਜਲੰਧਰ, ਬਠਿੰਡਾ ਅਤੇ ਕਪੂਰਥਲਾ ਵਿੱਚ 1500-1500 ਹੈਕਟੇਅਰ ਝੋਨੇ ਵਾਲੀ ਖੇਤਾਂ ਵਿਚ ਮੱਕੀ ਦੀ ਖੇਤੀ ਕਰਾਉਣ ਦਾ ਟੀਚਾ ਹੈ। ਸਿਰਫ ਉਹਨਾਂ ਖੇਤਾਂ ਵਿੱਚ ਹੀ ਮੱਕੀ ਬਿਜਵਾਈ ਜਾਵੇਗੀ ਜਿੱਥੇ ਪਹਿਲਾਂ ਝੋਨਾ ਬੀਜਿਆ ਜਾਂਦਾ ਰਿਹਾ ਹੈ। ਟੀਚੇ ਨੂੰ ਪ੍ਰਾਪਤ ਕਰਨ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਮੱਕੀ ਬੀਜਣ ਵਾਲੇ ਕਿਸਾਨਾਂ ਦੀ ਰਜਿਸਟ੍ਰੇਸ਼ਨ, ਖੇਤ ਮੁੱਦਿਆਂ ਅਤੇ ਤਕਨੀਕੀ ਸਲਾਹ ਵਿੱਚ ਮਦਦ ਲਈ ਹਰ ਪਿੰਡ ਵਿੱਚ ਸਿਖਲਾਈ ਪ੍ਰਾਪਤ ਕਿਸਾਨ ਮਿੱਤਰ (ਕਿਸਾਨ ਦੋਸਤ) ਨਿਯੁਕਤ ਕੀਤੇ ਗਏ ਹਨ, ਜੋ ਕਿਸਾਨਾਂ ਹਰ ਤਰ੍ਹਾਂ ਦੀ ਸਹਾਇਤਾ ਲਈ ਮੌਜੂਦ ਰਹਿਣਗੇ। ਮੱਕੀ ਦੀ ਨਵੀਨਤਮ ਮਸ਼ੀਨਰੀ 'ਤੇ ਸਬਸਿਡੀ ਉਪਲੱਬਧ ਕਰਵਾਈ ਜਾ ਰਹੀ ਹੈ। ਪੰਜਾਬ ਦੇ ਬਾਕੀ ਦੇ ਖੇਤਰ ਅਤੇ ਜ਼ਿਲ੍ਹਿਆਂ ਨੂੰ ਸੀ.ਡੀ.ਪੀ./ਆਰ.ਕੇ.ਵੀ.ਵਾਈ ਸਕੀਮ ਤਹਿਤ 35000 ਹੈਕਟੇਅਰ ਪ੍ਰਦਰਸ਼ਨੀਆਂ ਤੇ 10,000 ਪ੍ਰਤੀ ਹੈਕਟੇਅਰ ਦੀ ਦਰ ਨਾਲ ਕਿਸਾਨਾਂ ਨੂੰ ਮੱਕੀ ਦਾ ਬੀਜ ਅਤੇ ਹੋਰ ਇਨਪੁਟਸ ਜਿਵੇਂ ਕਿ ਖਾਦਾਂ, ਦਵਾਈਆਂ ਆਦਿ ਸਹਾਇਤਾ ਦੇ ਤੌਰ 'ਤੇ ਦਿੱਤੇ ਜਾਣਗੇ। ਸੰਗਰੂਰ ਦੇ ਡਿਪਟੀ ਕਮਿਸ਼ਨਰ ਸ਼੍ਰੀ ਸੰਦੀਪ ਰਿਸ਼ੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਬਸਿਡੀ "ਪਹਿਲਾਂ ਆਓ, ਪਹਿਲਾਂ ਪਾਓ" ਦੇ ਆਧਾਰ ਤੇ ਕਿਸਾਨਾਂ ਨੂੰ ਦਿੱਤੀ ਜਾਵੇਗੀ। ਇਹ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਖੇਤੀ ਵਿੱਚ ਨਵੀਂ ਉਮੀਦ ਜਗਾਉਣ ਦਾ ਮੌਕਾ ਹੈ। ਉਹਨਾਂ ਕਿਹਾ ਕਿ ਇਹ ਪਹਿਲੀ ਵਾਰ ਹੈ ਕਿ ਕੋਈ ਸਰਕਾਰ ਅਜਿਹੀ ਪ੍ਰੋਤਸਾਹਨ ਰਾਸ਼ੀ ਦੇ ਰਹੀ ਹੈ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਖੇਤੀਬਾੜੀ ਵਿਭਾਗ ਨਾਲ ਮਿਲ ਕੇ ਮੱਕੀ ਦੀ ਖੇਤੀ ਨੂੰ ਨਵੀਂ ਉਚਾਈਆਂ 'ਤੇ ਲੈ ਜਾਣ ਵਿੱਚ ਸਹਿਯੋਗ ਕਰਨ। ਉਹਨਾਂ ਕਿਹਾ ਕਿ ਕਿਸਾਨ ਵੀਰ ਵਧੇਰੇ ਜਾਣਕਾਰੀ ਲਈ ਖੇਤੀਬਾੜੀ ਵਿਕਾਸ ਅਧਿਕਾਰੀ, ਬਲਾਕ ਖੇਤੀਬਾੜੀ ਅਫਸਰ ਅਤੇ ਆਪਣੇ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ ਨਾਲ ਵੀ ਸੰਪਰਕ ਕਰ ਸਕਦੇ ਹਨ। ਜ਼ਿਲ੍ਹਾ ਸੰਗਰੂਰ ਦੇ ਮੁੱਖ ਖੇਤੀਬਾੜੀ ਅਫ਼ਸਰ ਸ੍ਰ ਧਰਮਿੰਦਰਜੀਤ ਸਿੰਘ ਨੇ ਕਿਹਾ ਕਿ ਜ਼ਿਲ੍ਹਾ ਸੰਗਰੂਰ ਵਿੱਚ 9 ਜੂਨ ਤੋਂ ਝੋਨੇ ਦੀ ਬਿਜਾਈ ਸ਼ੁਰੂ ਹੋਣੀ ਹੈ। ਮੱਕੀ ਦੀ ਬਿਜਾਈ ਜੂਨ ਮਹੀਨੇ ਦੀ ਅਖੀਰ ਤੱਕ ਕੀਤੀ ਜਾ ਸਕਦੀ ਹੈ। ਜਿਸ ਲਈ ਉਹਨਾਂ ਕਿਸਾਨਾਂ ਨੂੰ ਅਪੀਲ ਕਿ ਉਹ ਝੋਨੇ ਦੀ ਬਿਜਾਏ ਮੱਕੀ ਬੀਜਣ ਨੂੰ ਪਹਿਲ ਦੇਣ। ਜ਼ਿਲ੍ਹਾ ਸੰਗਰੂਰ ਦੇ ਕਿਸਾਨਾਂ ਨੂੰ ਮੱਕੀ ਦੀ ਫ਼ਸਲ ਵੇਚਣ ਵਿੱਚ ਕੋਈ ਵੀ ਦਿੱਕਤ ਪੇਸ਼ ਨਹੀਂ ਆਵੇਗੀ, ਕਿਉਂਕਿ ਪੰਜਾਬ ਵਿੱਚ ਵੀ ਕਈ ਜਗ੍ਹਾ ਐਥਾਨੋਲ ਦੀਆਂ ਫੈਕਟਰੀਆਂ ਲੱਗ ਚੁੱਕੀਆਂ ਹਨ।



# ਆਮ ਆਦਮੀ ਪਾਰਟੀ ਦੇ ਮਹਿਲਾ ਆਗੂ ਸਰਬਜੀਤ ਕੌਰ ਦੇ ਜਨਮਦਿਨ ਮੌਕੇ ਕੈਬਿਨਟ ਮੰਤਰੀ ਸ੍ਰ ਈਟੀਓ ਦੀ ਪਤਨੀ ਨੇ ਕੀਤੀ ਸ਼ਿਰਕਤ

## ਹਰੇਕ ਵਰਕਰ ਆਗੂ ਸਾਡਾ ਪ੍ਰੀਵਾਰਕ ਮੈਂਬਰ ਮੈਡਮ ਸੁਹਿੰਦਰ ਕੌਰ



**ਜੰਡਿਆਲਾ ਗੁਰੂ, 4 ਮਈ (ਕੁਲਵੰਤ ਸਿੰਘ ਵਿਰਦੀ)-** ਬੀਤੇ ਦਿਨ ਕੈਬਿਨਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਦੇ ਦਫਤਰ ਜੰਡਿਆਲਾ ਗੁਰੂ ਵਿਖੇ ਕੈਬਨਿਟ ਮੰਤਰੀ ਸ੍ਰ ਈ.ਟੀ.ਓ ਦੀ ਧਰਮਪਤਨੀ ਮੈਡਮ ਸੁਹਿੰਦਰ ਕੌਰ ਵੱਲੋਂ ਆਮ ਪਾਰਟੀ ਦੀ ਮਹਿਲਾ ਆਗੂ ਸਰਬਜੀਤ ਕੌਰ ਦੇ ਜਨਮਦਿਨ ਦੀ ਖੁਸ਼ੀ ਸਾਂਝੀ ਕਰਦਿਆ ਹੋਇਆ ਕੇਕ ਕੱਟਣ ਦੀ ਰਸਮ ਵਿੱਚ ਸਿਰਕਤ ਕੀਤੀ ਅਤੇ ਇਸ ਮੌਕੇ ਉਨਾਂ ਨੇ ਕਿਹਾ ਕਿ ਪਾਰਟੀ ਦਾ ਹਰੇਕ ਵਰਕਰ ਆਗੂ ਸਾਡਾ ਪ੍ਰੀਵਾਰਕ ਮੈਂਬਰ ਹੈ ਅਤੇ ਸਾਡਾ ਇਹ ਫਰਜ ਬਣਦਾ ਹੈ ਕਿ ਇਨਾਂ ਦੇ ਮਾਣ ਸਨਮਾਨ ਨੂੰ ਉਚਾ ਚੁੱਕਣ ਲਈ ਅਸੀਂ ਇਨਾਂ ਦੀਆਂ ਇਹ ਨਿੱਕੀਆਂ ਨਿਕੀਆਂ ਖੁਸੀਆਂ ਨੂੰ ਰਲਮਿਲ ਕਿ ਮਨਾਈਏ ਇਸ ਮੌਕੇ ਮੈਡਮ ਸੁਹਿੰਦਰ ਕੌਰ ਨੇ ਸਰਬਜੀਤ ਕੌਰ ਤੇ ਉਨਾਂ ਦੇ ਪਤੀ ਮਨਿੰਦਰ ਸਿੰਘ ਮਨੀ ਨੂੰ ਗਿਫਟ ਦੇ ਕਿ ਨਿਵਾਜਿਆ ਅਤੇ ਮੁਬਾਰਕਬਾਦ ਦਿੱਤੀ !

# 6 ਜੂਨ ਨੂੰ ਗਿਆਨੀ ਗੜਗੱਜ ਦੇ ਸੰਦੇਸ਼ ਦੇਣ ਨਾਲ ਤਖ਼ਤ ਸਾਹਿਬ ਤੇ ਮਰਯਾਦਾ ਹੋ ਸਕਦੀ ਹੈ ਭੰਗ-ਸੰਤ ਸਮਾਜ

## ਸੰਭਾਵੀ ਟਕਰਾਅ ਦੀ ਜ਼ੁੰਮੇਵਾਰੀ ਹੋਏਗੀ ਸ਼੍ਰੋਮਣੀ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਿਰ-ਨਿਹੰਗ ਸਿੰਘ ਜਥੇਬੰਦੀਆਂ

**ਚੌਕ ਮਹਿਤਾ 4 ਜੂਨ, (ਬਾਬਾ ਸੁਖਵੰਤ ਸਿੰਘ ਚੰਨਣਕੇ)-** ਸੰਤ ਸਮਾਜ ਅਤੇ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਦੇ 06 ਜੂਨ ਨੂੰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸੰਦੇਸ਼ ਦੇਣ ਤੋਂ ਹਰ ਹੀਲੇ ਰੋਕਣ ਦੇ ਬਿਆਨ ਦੀ ਪੂਰਨ ਰੂਪ ਵਿਚ ਹਮਾਇਤ ਕਰਦਿਆਂ ਕਿਹਾ ਹੈ ਕਿ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਬਾਬਾ ਟੇਕ ਸਿੰਘ ਧਨੌਲਾ ਨੂੰ ਪੰਥ ਨੇ ਪ੍ਰਵਾਨ ਨਹੀਂ ਕੀਤਾ ਹੈ ਏਨਾ ਨੂੰ ਜਬਰੀ ਪੰਥ ਉਪਰ ਥੋਪਿਆ ਗਿਆ ਹੈ ਏਨਾ ਦੀ ਨਿਯੁਕਤੀ ਸਮੇਂ ਮਰਯਾਦਾ ਦੀ ਘੋਰ ਉਲੰਘਣਾ ਹੋਈ ਹੈ। ਇਿਹਨਾਂ ਦੋਨਾਂ ਦੀਆ ਪੰਥ ਵਿੱਚ ਦੁਵਿਧਾ ਪਾਉਣ ਵਾਲਿਆ ਕਾਰਵਾਈਆ ਕਾਰਨ ਇਨ੍ਹਾਂ ਨੂੰ ਤਖਤ ਸ਼੍ਰੀ ਪਟਨਾ ਸਾਹਿਬ ਵੱਲੋਂ ਤਨਖਾਈਏ ਕਰਾਰ ਦਿੱਤਾ ਹੋਇਆ ਹੈ। ਇਸ ਲਈ ਹੁਣ ਏਨਾ ਨੂੰ ਤਖ਼ਤ ਸਹਿਬਾਂਨ ਦੇ ਜਥੇਦਾਰ ਅਖਵਾਉਣ ਦਾ ਕੋਈ ਹੱਕ ਨਹੀਂ ਹੈ। ਸੰਤ ਸਮਾਜ ਨੇ ਇਹਨਾਂ ਹਾਲਾਤਾਂ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਅਪੀਲ ਕੀਤੀ ਹੈ ਕਿ ਸ਼ਿਰੋਮਣੀ ਕਮੇਟੀ ਦੀ ਇਹ ਜੁੰਮੇਵਾਰੀ ਬਣਦੀ ਹੈ ਕਿ ਉਹ ਗਿਆਨੀ ਗੜਗੱਜ ਨੂੰ 06 ਜੂਨ ਦੀ ਵਰੇਗੰਢ ਮੌਕੇ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਸੰਦੇਸ਼ ਦੇਣ ਅਤੇ ਸ਼ਹੀਦ ਪਰਿਵਾਰਾਂ ਦਾ ਸਨਮਾਨ ਕਰਨ ਤੋਂ ਰੋਕੇ ਤਾਂ ਜੋ ਓਥੇ ਕਿਸੇ ਕਿਸਮ ਦਾ ਕੋਈ ਵੀ ਟਕਰਾਅ ਨਾ ਹੋਵੇ ਅਤੇ ਸਿੱਖ ਪੰਥ ਵਿੱਚ ਇਕਸੁਰਤਾ ਅਤੇ ਤਖ਼ਤ ਸਾਹਿਬ ਉਪਰ ਮਰਯਾਦਾ ਬਣੀ ਰਹੇ। ਉਹਨਾਂ ਕਿਹਾ ਕਿ ਜੇਕਰ ਸ਼੍ਰੀ ਅਕਾਲ ਤਖਤ ਸਾਹਿਬ ਵਿਖੇ ਕੋਈ ਵੀ ਟਕਰਾਅ ਹੁੰਦਾ ਤਾਂ ਇਸ ਦੀ ਸਾਰੀ ਜਿੰਮੇਵਾਰੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਹੋਵੇਗੀ। ਉਪਰੋਕਤ ਬਿਆਨ ਸੰਤ ਸਮਾਜ ਅਤੇ ਨਿਹੰਗ ਸਿੰਘ ਜਥੇਬੰਦੀਆਂ ਵਲੋਂ ਸੰਤ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲੇ, ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਦਸ਼ਮੇਸ਼ ਤਰਨਾ ਦਲ, ਜਥੇਦਾਰ ਬਲਵਿੰਦਰ ਸਿੰਘ ਤਰਨਾ ਦਲ ਕੈਲੇ, ਜਥੇਦਾਰ ਪੰਜਾਬ ਸਿੰਘ ਪੰਜ ਹੱਥਾ, ਜਥੇਦਾਰ ਬਾਬਾ ਅਜੀਤ ਸਿੰਘ ਤਰਨਾ ਦਲ ਮਹਿਤਾ ਚੌਂਕ, ਸੰਤ ਬਾਬਾ ਹਰੀ ਸਿੰਘ ਰੰਧਾਵੇ ਵਾਲੇ, ਸੰਤ ਲਖਬੀਰ ਸਿੰਘ ਰਤਵਾੜੇ ਵਾਲੇ, ਸੰਤ ਬਲਜਿੰਦਰ ਸਿੰਘ ਰਾੜਾ ਸਾਹਿਬ, ਸੰਤ ਗੁਰਜੀਤ ਸਿੰਘ ਨਾਨਕਸਰ, ਸੰਤ ਅਮਰਜੀਤ ਸਿੰਘ ਹਰਖੋਵਾਲ, ਸੰਤ ਜੋਰਾ ਸਿੰਘ ਬਧਨੀ ਕਲਾਂ, ਮਹੰਤ ਕਾਹਨ ਸਿੰਘ ਸੇਵਾ ਪੰਥੀ, ਮਹੰਤ ਰਣਜੀਤ ਸਿੰਘ ਸੇਵਾ ਪੰਥੀ, ਸੰਤ ਹਰਜਿੰਦਰ ਸਿੰਘ ਜਿੰਦੂ ਨਾਨਕਸਰ, ਸੰਤ ਬੁੱਧ ਸਿੰਘ ਨਿੱਕੇ ਘੁੰਮਣ, ਸੰਤ ਮਹਿੰਦਰ ਸਿੰਘ ਜਨੇਰ ਵਾਲਿਆ ਵਲੋਂ ਸਾਂਝੇ ਰੂਪ ਵਿੱਚ ਜਾਰੀ ਕੀਤਾ ਗਿਆ।

# ਐਨਪੀਐਸ ਮੁਲਾਜ਼ਮਾਂ ਵੱਲੋਂ 12 ਨੂੰ ਲੁਧਿਆਣਾ 'ਚ ਝੰਡਾ ਮਾਰਚ

**ਤਲਵਾੜਾ/ਹੁਸ਼ਿਆਰਪੁਰ, 4 ਜੂਨ (ਆਵਾਜ਼ਿ ਕੌਮ ਬਿਊਰੋ)-** ਇੱਥੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੀ ਸਥਾਨਕ ਇਕਾਈ ਦੀ ਮੀਟਿੰਗ ਪ੍ਰਧਾਨ ਮਨਮੋਹਨ ਸਿੰਘ ਦੀ ਅਗਵਾਈ ਹੇਠ ਹੋਈ। ਮੀਟਿੰਗ 'ਚ ਸੂਬਾ ਕਨਵੀਨਰ ਜਸਵੀਰ ਤਲਵਾੜਾ, ਵਿੱਤ ਸਕੱਤਰ ਵਰਿੰਦਰ ਵਿੱਕੀ ਅਤੇ ਆਈ ਟੀ ਇੰਚਾਰਜ ਸੱਤ ਪ੍ਰਕਾਸ਼ ਚੰਗੜਵਾਂ ਵੀ ਸ਼ਾਮਲ ਹੋਏ। ਇਸ ਮੌਕੇ ਬੋਲਦਿਆਂ ਜਸਵੀਰ ਤਲਵਾੜਾ ਨੇ ਦਸਿਆ ਕਿ ਪੰਜਾਬ ਸਰਕਾਰ ਤਿੰਨ ਸਾਲ ਪਹਿਲਾਂ ਪੁਰਾਣੀ ਪੈਨਸ਼ਨ ਨੂੰ ਬਹਾਲ ਕਰਨ ਦੇ ਵਾਅਦੇ ਨਾਲ ਸੱਤਾ 'ਚ ਆਈ ਸੀ। ਭਾਵੇਂ ਕਿ 'ਆਪ' ਨੇ ਗੁਜਰਾਤ ਅਤੇ ਹਿਮਾਚਲ ਪ੍ਰਦੇਸ਼ ਦੀਆਂ ਅਸੈਂਬਲੀ ਚੋਣਾਂ 'ਚ ਲਾਹਾ ਖੱਟਣ ਦੇ ਪੱਜ ਪੰਜਾਬ ਵਿਚ ਪੁਰਾਣੀ ਪੈਨਸ਼ਨ ਬਹਾਲੀ ਦਾ ਅਧੂਰਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ। ਪਰੰਤੂ ਉਹ ਨੋਟੀਫਿਕੇਸ਼ਨ ਲਾਗੂ ਕਰਨ 'ਚ ਭਗਵੰਤ ਮਾਨ ਸਰਕਾਰ ਪੂਰੀ ਤਰ੍ਹਾਂ ਨਾਕਾਮ ਰਹੀ ਹੈ। ਜੱਥੇਬੰਦੀ ਨੂੰ ਮੀਟਿੰਗ ਦਾ ਵਾਰ ਵਾਰ ਸਮਾਂ ਦੇ ਕੇ ਇਹ ਸਰਕਾਰ ਮੀਟਿੰਗ ਕਰਨ ਤੋਂ ਵੀ ਭੱਜ ਰਹੀ ਹੈ। ਸਰਕਾਰ ਦੇ ਲਾਅਰਿਆਂ ਤੋਂ ਐਨਪੀਐਸ ਮੁਲਾਜ਼ਮ ਦੁਖੀ ਹਨ। ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਅਤੇ ਸੀਪੀਐਫ ਐਂਪਲਾਈਜ਼ ਯੂਨੀਅਨ, ਪੰਜਾਬ ਨੇ ਸਰਕਾਰ ਦੀ ਵਾਅਦਾ ਖ਼ਿਲਾਫ਼ੀ ਵਿਰੁਧ ਨਿਰਣਾਇਕ ਅਤੇ ਸਾਂਝਾ ਸੰਘਰਸ਼ ਕਰਨ ਦਾ ਫੈਸਲਾ ਕੀਤਾ ਹੈ। ਇਸ ਦਾ ਆਗਾਜ਼ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਤੋਂ ਕੀਤਾ ਜਾ ਰਿਹਾ ਹੈ। ਦੋਵੇਂ ਜਥੇਬੰਦੀਆਂ ਵੱਲੋਂ 12 ਜੂਨ ਨੂੰ ਲੁਧਿਆਣਾ 'ਚ ਝੰਡਾ ਮਾਰਚ ਕੀਤਾ ਜਾਵੇਗਾ। ਇਸ ਦੌਰਾਨ 'ਆਪ' ਸਰਕਾਰ ਦੇ ਝੂਠੇ ਵਾਅਦਿਆਂ ਦੀ ਪੋਲ ਲੋਕ ਕਚਹਿਰੀ ਵਿਚ ਖੋਲ੍ਹੀ ਜਾਵੇਗੀ। 12 ਤਾਰੀਕ ਦੇ ਝੰਡਾ ਮਾਰਚ 'ਚ ਹਜ਼ਾਰਾਂ ਦੀ ਗਿਣਤੀ 'ਚ ਐਨਪੀਐਸ ਮੁਲਾਜ਼ਮਾਂ ਤੋਂ ਇਲਾਵਾ ਹੋਰ ਭਰਾਥਰੀ ਜਥੇਬੰਦੀਆਂ ਦੇ ਵੱਡੀ ਗਿਣਤੀ ਮੈਂਬਰ ਸ਼ਾਮਲ ਹੋਣਗੇ। ਹੋਰਨਾਂ ਤੋਂ ਇਲਾਵਾ ਇਸ ਮੌਕੇ ਨਿਰਮਲ ਸਿੰਘ ਬੱਧਣ, ਰਾਜੀਵ ਕੁਮਾਰ, ਸ਼ਸ਼ੀਕਾਂਤ, ਨਰੇਸ਼ ਮਿੱਡਾ, ਰਜਿੰਦਰ ਸਿੰਘ, ਸੁਰਿੰਦਰ ਸਿੰਘ, ਬਲਵਿੰਦਰ ਬਿੱਟੂ ਹਲੇੜ੍ਹ, ਜਸਵਿੰਦਰ ਸਿੰਗਲਾ, ਯਾਦਵਿੰਦਰ ਸਿੰਘ, ਸੁਨੀਲ ਕੁਮਾਰ, ਹਿਤੇਸ਼ ਕੁਮਾਰ ਆਦਿ ਹਾਜ਼ਰ ਸਨ।

## ਦਮਦਮੀ ਟਕਸਾਲ ਵਿਖੇ ਸ਼ਹੀਦੀ ਹਫਤੇ ਦੇ ਚੌਥੇ ਦਿਨ ਸਜੇ ਭਾਰੀ ਧਾਰਮਿਕ ਦੀਵਾਨ

# ਸ਼ਹੀਦ ਕੌਮ ਦਾ ਅਣਮੁੱਲਾ ਸਰਮਾਇਆ, ਸ਼ਹੀਦਾਂ ਦੀ ਯਾਦ ਮਨਾਉਣਾ ਸਾਡਾ ਮੁਢਲਾ ਫ਼ਰਜ਼ : ਬਾਬਾ ਹਰਨਾਮ ਸਿੰਘ







ਆਵਾਜ਼ਿ ਕੌਮ AWAZE QAUM International Newspaper & WEB TV









**ਚੌਕ ਮਹਿਤਾ, 4 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਮੁਖੀ ਤੇ ਸੰਤ ਸਮਾਜ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ ਜੂਨ 1984 ਤੀਸਰਾ ਘਲੂਘਾਰਾ ਦੇ ਸਮੂਹ ਸ਼ਹੀਦਾਂ ਦੀ 41ਵੀ ਵਰ੍ਹੇਗੰਢ ਨੂੰ ਸਮਰਪਿਤ ਮਨਾਏ ਜਾ ਰਹੇ ਸ਼ਹੀਦੀ ਹਫਤੇ ਦੇ ਚੌਥੇ ਦਿਨ ਦੇ ਦੀਵਾਨ ਅੱਜ ਟਕਸਾਲ ਦੇ ਹੈਡ ਕੁਆਰਟਰ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸਜਾਏ ਗਏ। ਜਿਸ ਦੌਰਾਨ ਦਮਦਮੀ ਟਕਸਾਲ ਦੇ ਵਿਦਿਆਰਥੀਆਂ ਨੇ ਤੰਤੀ ਸਾਜਾਂ ਨਾਲ ਕੀਰਤਨ ਦੀ ਸੇਵਾ ਆਰੰਭ ਕੀਤੀ ਗਈ ਉਪਰੰਤ ਭਾਈ ਲਵਪਰੀਤ ਸਿੰਘ ਰਾਗੀ,ਭਾਈ ਗੁਰਲਾਲ ਸਿੰਘ ਰਾਗੀ ਜਥੇ ਅਤੇ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਦੇ ਜਥੇ ਨੇ ਗੁਰਬਾਣੀ ਦਾ ਇਲਾਹੀ ਕੀਰਤਨ ਸਰਵਣ ਕਰਵਾਇਆ। ਇਸ ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸ਼੍ਰੀ ਸੂਰਜ ਪ੍ਰਤਾਪ ਗ੍ਰੰਥ ਵਿਚੋ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਬਿਰਤਾਂਤ ਸਬੰਧੀ ਲੜੀਵਾਰ ਇਤਹਾਸ ਦੀ ਕਥਾ ਸਰਵਣ ਕਰਵਾ ਕੇ ਵੱਡੀ ਗਿਣਤੀ ਵਿਚ ਜੁੜ ਬੈਠੀਆ ਸੰਗਤਾਂ ਨੂੰ ਨਿਹਾਲ ਕੀਤਾ। ਗਿਆਨੀ ਖਾਲਸਾ ਨੇ ਦੇਸ਼-ਵਿਦੇਸ਼ 'ਚ ਵੱਸਦੀਆਂ ਸਮੱਚੀਆਂ ਸਿੱਖ ਸੰਗਤਾਂ ਨੂੰ ਇਸ ਘੱਲੂਘਾਰੇ ਦਿਵਸ ਮੌਕੇ ਪੂਰੀ ਨਿਮਰਤਾ ਤੇ ਜ਼ਾਬਤੇ 'ਚ ਰਹਿਣ ਦੀ ਅਪੀਲ ਕਰਦਿਆ ਕਿਹਾ ਕਿ ਸ਼ਹੀਦ ਸਾਡੀ ਕੌਮ ਦਾ ਅਣਮੁੱਲਾ ਸਰਮਾਇਆ ਹਨ ਅਤੇ ਸ਼ਹੀਦਾਂ ਦੀ ਯਾਦ ਨੂੰ ਮਨਾਉਣਾ ਸਾਡਾ ਮੁਢਲਾ ਫ਼ਰਜ਼ ਹੈ, ਇਸ ਦੇ ਨਾਲ ਹੀ ਅਮਨ ਸ਼ਾਂਤੀ ਵਾਲਾ ਮਾਹੌਲ ਬਣਾਏ ਰੱਖਣਾ ਵੀ ਸਾਡੀ ਪਹਿਲ਼ੀ ਜਿੰਮੇਵਾਰੀ ਹੈ ਤਾਂ ਜੋ ਇਨ੍ਹਾਂ ਸ਼ਹੀਦੀ ਦਿਹਾੜਿਆਂ ਦੀ ਮਹਾਨਤਾ ਨੂੰ ਇੰਨ-ਬਿੰਨ ਕਾਇਮ ਰੱਖਿਆ ਜਾ ਸਕੇ। ਪੋਥੀ ਸਾਹਿਬ ਦੇ ਜਾਪੁ ਦੀ ਸੇਵਾ ਭਾਈ ਸਤਨਾਮ ਸਿੰਘ ਦਮਦਮੀ ਟਕਸਾਲ ਵਾਲਿਆਂ ਕੀਤੀ। ਅੱਜ ਦੇ ਦੀਵਾਨ 'ਚ ਸੰਤ ਬਾਬਾ ਨਵਤੇਜ ਸਿੰਘ ਚੇਲੇਆਣਾ, ਸੰਤ ਬਾਬਾ ਗੁਰਦੇਵ ਸਿੰਘ ਜੀ ਤਰਸਿੱਕਾ, ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ, ਭਾਈ ਅਜੈਬ ਸਿੰਘ ਆਭਿਆਸੀ,ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ ਸਾਹਿਬ,ਸੰਤ ਬਾਬਾ ਸੁਰਜਨ ਸਿੰਘ ਬੁਤਾਲੇ ਵਾਲੇ, ਜਥੇਦਾਰ ਬਾਬਾ ਗੁਰਜੰਟ ਸਿੰਘ ਘੋੜਿਆਂ ਵਾਲੇ, ਦਲਬੀਰ ਸਿੰਘ ਯੂ ਐਸ ਏ, ਭਾਈ ਅਮਰਜੀਤ ਸਿੰਘ ਚਹੇੜੂ, ਗਿਆਨੀ ਰਛਪਾਲ ਸਿੰਘ ਬਾਬਾ ਬਕਾਲਾ ਸਾਹਿਬ, ਬਾਬਾ ਬਲਵਿੰਦਰ ਸਿੰਘ ਜਲੰਧਰ ਵਾਲੇ, ਜਸਮੀਤ ਸਿੰਘ ਮੁੰਬਈ,ਜਸਪਾਲ ਸਿੰਘ ਮੁੰਬਈ,ਜਸਮੀਤ ਸਿੰਘ ਮੁੰਬਈ,ਹਰਵਿੰਦਰ ਸਿੰਘ ਮੁੰਬਈ,ਜਥੇਦਾਰ ਬਾਬਾ ਨਿਰਵੈਰ ਸਿੰਘ ਅੰਮ੍ਰਿਤਸਰ,ਭਾਈ ਹਰਜੀਤ ਸਿੰਘ ਨਾਮਧਾਰੀ,ਗਊਆ ਵਾਲੇ, ਸੰਤ ਬਾਬਾ ਗੁਰਮੀਤ ਸਿੰਘ ਬੱਦੋਵਾਲ, ਸੰਤ ਬਾਬਾ ਮਲਕੀਅਤ ਸਿੰਘ ਜੱਬੋਵਾਲ, ਭਾਈ ਤੇਜਬੀਰ ਸਿੰਘ ਭਲਾਈਪੁਰ,ਸੰਤ ਬਾਬਾ ਬੀਰ ਸਿੰਘ ਭੰਗਾਲੀ, ਸੰਤ ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ, ਕਥਾਵਾਚਕ ਗਿਆਨੀ ਪ੍ਰਗਟ ਸਿੰਘ ਭੀਲੋਵਾਲ, ਹੈਡ ਗਰੰਥੀ ਭਾਈ ਗੁਰਦੀਪ ਸਿੰਘ ਦਮਦਮੀ ਟਕਸਾਲ,ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ, ਭਾਈ ਪ੍ਰਭਜੋਤ ਸਿੰਘ ਦਮਦਮੀ ਟਕਸਾਲ,ਚੇਅਰਮੈਨ ਲਖਵਿੰਦਰ ਸਿੰਘ ਖਾਲਸਾ, ਸ਼ਮਸ਼ੇਰ ਸਿੰਘ ਜੇਠੂਵਾਲ,ਸਰਪੰਚ ਲਖਵਿੰਦਰ ਸਿੰਘ ਜਲਾਲ ਉਸਮਾ,ਗਿ.ਪ੍ਰਗਟ ਸਿੰਘ ਭੀਲੋਵਾਲ, ਜਥੇ.ਅਜੀਤ ਸਿੰਘ, ਜਥੇ.ਸੁਖਦੇਵ ਸਿੰਘ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ, ਜਥੇ.ਬੋਹੜ ਸਿੰਘ ਦਮਦਮੀ ਟਕਸਾਲ,ਭਾਈ ਗੁਰਸੇਵਕ ਸਿੰਘ ਦਮਦਮੀ ਟਕਸਾਲ, ਗਿਆਨੀ ਸਾਹਿਬ ਸਿੰਘ ਦਮਦਮੀ ਟਕਸਾਲ,ਪਰੋਫੈਸਰ ਜੋਬਨਜੀਤ ਸਿੰਘ ਦਮਦਮੀ ਟਕਸਾਲ, ਭਾਈ ਭਾਗ ਸਿੰਘ ਦਮਦਮੀ ਟਕਸਾਲਹਰਸ਼ਦੀਪ ਸਿੰਘ ਰੰਧਾਵਾ, ਡਾ.ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਸਰਪੰਚ ਕਸ਼ਮੀਰ ਸਿੰਘ ਕਾਲ਼ਾ, ਤਜਿੰਦਰਪਾਲ ਸਿੰਘ ਲਾਡੀ, ਅੰਤਰਬੀਰ ਸਿੰਘ ਲੱਧਾ ਮੁੰਡਾ,ਪ੍ਰਧਾਨ ਸੁਖਵਿੰਦਰ ਸਿੰਘ ਮਹਿਤਾ, ਰਮਨਬੀਰ ਲੱਧਾਮੁੰਡਾ, ਪ੍ਰਧਾਨ ਸੁਖਵਿੰਦਰ ਸਿੰਘ ਮਹਿਤਾ, ਸ਼ਮਸ਼ੇਰ ਸਿੰਘ ਸ਼ੇਰਾ ਨੰਗਲੀ, ਗੁਲਜਿੰਦਰ ਸਿੰਘ ਲਾਡੀ ਜਥੇਦਾਰ ਹਰ ਗੋਪਾਲ ਸਿੰਘ,ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਵਿਦੇਸ਼ੀ ਸਿੱਖ "ਇਮੀਗ੍ਰੇਸ਼ਨ ਐਂਡ ਫੌਰਨਰਜ਼ ਐਕਟ" ਨੂੰ ਕਿਵੇਂ ਵੇਖਦੇ ਹਨ

# ਭਾਰਤ ਦੀ ਸੁਰੱਖਿਆ ਦੇ ਨਾਂ ਤੇ ਸ਼ਿਕੰਜਾ - ਵਿਦੇਸ਼ੀ ਸਿੱਖ, ਪੰਜਾਬੀ ਪਰਿਵਾਰ ਤੇ ਨਵਾਂ ਕਾਨੂੰਨ

**ਲੰਡਨ, 4 ਜੂਨ (ਸਰਬਜੀਤ ਸਿੰਘ ਬਨੂੜ)**-ਸੁਰੱਖਿਆ, ਇਕ ਐਸਾ ਸ਼ਬਦ ਬਣ ਗਿਆ ਹੈ ਜੋ ਸੱਚਾਈ ਦੀ ਜ਼ਬਾਨ ਰੋਕ ਸਕੇ, ਇਨਸਾਫ਼ ਦੀ ਟੰਗੀਆਂ ਕਟ ਸਕੇ ਅਤੇ ਇਤਿਹਾਸ ਦੇ ਹੱਕੀ ਹਵਾਲਿਆਂ ਨੂੰ ਦੇਸ਼ ਵਿਰੋਧੀ ਕਰਕੇ ਸਜ਼ਾ ਦੇ ਸਕੇ। 2025 ਵਿੱਚ ਭਾਰਤ ਸਰਕਾਰ ਵੱਲੋਂ ਲਿਆਂਦੇ ਗਏ ਨਵੇਂ "ਇਮੀਗ੍ਰੇਸ਼ਨ ਐਂਡ ਫੌਰਨਰਜ਼ ਐਕਟ" ਨੂੰ ਦੇਖਦੇ ਹੋਏ ਇਹ ਸ਼ੱਕ ਨਹੀਂ ਕਿ ਇਹ ਕਾਨੂੰਨ ਕਾਗਜ਼ਾਂ ਵਿੱਚ ਵਿਦੇਸ਼ੀ ਨਾਗਰਿਕਾਂ ਦੀ ਲਾਗਤ ਤੇ ਰਜਿਸਟ੍ਰੇਸ਼ਨ ਦੀ ਗੱਲ ਕਰਦਾ ਹੈ, ਪਰ ਅਸਲ ਨਿਸ਼ਾਨਾ ਉਹ ਵਿਦੇਸ਼ੀ ਸਿੱਖ ਹਨ ਜੋ ਅੱਜ ਵੀ ਖ਼ਾਲਿਸਤਾਨ, ਮਨੁੱਖੀ ਅਧਿਕਾਰ ਅਤੇ ਇਤਿਹਾਸਕ ਨਿਆਂ ਦੀ ਗੱਲ ਕਰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਵੇਂ ਕਿ ਜੂਨ 84 ਤੋਂ ਬਾਅਦ ਹਜ਼ਾਰਾਂ ਪੰਜਾਬੀ ਪਰਿਵਾਰ ਵਿਦੇਸ਼ਾਂ ਵਲ ਮੋੜੇ ਗਏ, ਉਨਾਂ ਨੇ ਕੇਵਲ ਰੋਜ਼ੀ-ਰੋਟੀ ਨਹੀਂ, ਸੱਚ ਦੀ ਵੀ ਰਾਖੀ ਕੀਤੀ। ਕਨੇਡਾ, ਇੰਗਲੈਂਡ, ਜਰਮਨੀ, ਅਮਰੀਕਾ ਹਰ ਕੋਨੇ ਵਿੱਚ ਉਨਾਂ ਨੇ 84 ਦੀ ਗੂੰਜ ਸੰਭਾਲੀ, ਵਿਦੇਸ਼ਾਂ ਵਿੱਚ ਭਾਰਤ ਵਿੱਚ ਹੋਏ ਜੂਨ ਤੇ ਨਵੰਬਰ ਸਿੱਖ ਕਤਲੇਆਮ ਨੂੰ ਵਿਦੇਸ਼ੀ ਸਰਕਾਰਾਂ ਤੱਕ ਪਹੁੰਚਾ ਕੇ ਉਸ ਕਤਲੇਆਮ ਉੱਤੇ ਸਰਕਾਰੀ ਮੋਹਰ ਲਗਵਾਈ ਤੇ ਰੈਫਰੈਂਡਮ ਕਰਵਾਏ, ਸ਼ਹੀਦਾਂ ਦੀ ਯਾਦ ਤੇ ਇਨਸਾਫ਼ ਦੀ ਮੰਗ ਚਲਾਈ ਪਰ ਹੁਣ ਜਦੋਂ ਉਹ ਅਵਾਜ਼ ਪੱਕੀ ਹੋਈ, ਪੀੜ੍ਹੀ-ਦਰ-ਪੀੜ੍ਹੀ ਪਹੁੰਚੀ, ਭਾਰਤੀ ਰਾਜ ਨੇ ਇੱਕ ਨਵਾਂ ਕਦਮ ਚੁੱਕਿਆ ਸਭ ਵਿਦੇਸ਼ੀ ਜੋ ਭਾਰਤ ਵਿੱਚ 180 ਦਿਨ ਤੋਂ ਵੱਧ ਰਹਿਣਗੇ , ਉਨਾਂ ਨੂੰ ਰਜਿਸਟਰ ਹੋਣਾ ਪਵੇਗਾ, ਉਨਾਂ ਦੀ ਸਰਗਰਮੀ ਰਿਕਾਰਡ ਹੋਏਗੀ, ਉਨਾਂ ਉੱਤੇ ਜ਼ਰੂਰਤ ਪਏ ਤਾਂ ਕਾਰਵਾਈ ਹੋ ਸਕਦੀ ਹੈ।

ਇਕ ਸਵਾਲ ਕੀ ਇਹ "ਇਮੀਗ੍ਰੇਸ਼ਨ ਐਂਡ ਫੌਰਨਰਜ਼ ਐਕਟ" ਸਿਰਫ਼ ਅੰਕੜੇ ਇਕੱਠੇ ਕਰਨ ਦੀ ਕਾਰਵਾਈ ਹੈ ਜਾਂ "ਕਿਸੇ ਹਮਦਰਦ ਬਾਗੀ ਅਵਾਜ਼ ਨੂੰ ਪੈਰ ਨਹੀਂ ਫੈਲਣ ਦੇਣੀ" ਦੀ ਤਜਵੀਜ਼ੀ ਰਣਨੀਤੀ ?

ਮਹਿਰਾ ਦਾ ਕਹਿਣਾ ਹੈ ਕਿ ਵਿਦੇਸ਼ੀ ਸਿੱਖ, ਵਿਦੇਸ਼ੀ ਹਮਦਰਦੀ, ਪਰ ਭਾਰਤ 'ਚ ਵਿਅਕਤੀਗਤ ਸਜ਼ਾਵਾਂ ਦੀ ਪ੍ਰਕਿਰਿਆ ਸੰਭਵ ਹੈ ਜਿਵੇਂ ਬ੍ਰਿਟੇਨ ਵਿੱਚ ਭਾਰਤ ਵਿਰੋਧੀ ਵੋਟ ਪਾ ਰਿਹਾ ਇੱਕ ਨੌਜਵਾਨ ਜਦੋਂ ਆਪਣੇ ਮਾਤਾ-ਪਿਤਾ ਨੂੰ ਦੇਖਣ ਪੰਜਾਬ ਭਾਰਤ ਜਾਵੇਗਾ ਤਾਂ ਇਮੀਗ੍ਰੇਸ਼ਨ ਕਾਨੂੰਨ ਤਹਿਤ ਉਸਦਾ ਰਜਿਸਟ੍ਰੇਸ਼ਨ ਲਾਜ਼ਮੀ ਅਤੇ ਜੇਕਰ ਉਸ ਉਤੇ ਕੋਈ "ਨੈਸ਼ਨਲ ਸੁਰੱਖਿਆ ਖ਼ਤਰਾ" ਵਾਲਾ ਝੂਠਾ ਲੱਛਣ ਲਾਇਆ ਗਿਆ ਤਾਂ ਵੀ ਉਸਦੀ ਪਰਤਣ ਤੋਂ ਲੈ ਕੇ ਪਰਿਵਾਰ ਤੇ ਵੀਜ਼ਾ ਰੱਦ ਹੋਣ ਤੱਕ ਦੀ ਪ੍ਰਕਿਰਿਆ ਸ਼ੁਰੂ ਹੋ ਸਕਦੀ ਹੈ। ਦੱਸਣਯੋਗ ਹੈ ਕਿ ਹੁਣ ਪੰਜਾਬ ਦੇ ਪਰਿਵਾਰ ਜਿਨ੍ਹਾਂ ਦੇ ਬੱਚੇ ਵਿਦੇਸ਼ ਵਿੱਚ ਮਨੁੱਖੀ ਹੱਕਾਂ ਲਈ ਲਿਖਦੇ ਬੋਲਦੇ ਹਨ ਉਹ ਵੀ ਅਣਦਿੱਖੇ ਨਿਸ਼ਾਨੇ 'ਤੇ ਆ ਸਕਦੇ ਹਨ।

**ਵਿਰੋਧੀ ਧਾਰਾਵਾਂ ਤੇ ਸੰਘੀ ਸੰਵਿਧਾਨ ਦੀ ਕਮੀ**

ਪੰਜਾਬ ਦੀ ਧਰਤੀ ਉੱਤੇ ਜਦੋਂ ਵਿਰੋਧੀ ਆਵਾਜ਼ ਚੁੱਕੀ ਜਾਂਦੀ ਹੈ ਜਿਵੇਂ ਕਿਸਾਨੀ ਅੰਦੋਲਨ, ਪੰਥਕ ਜਥੇਬੰਦੀਆਂ ਵੱਲੋ ਸੁਤੰਤਰਤਾ ਦੀ ਮੰਗ ਤਾਂ ਓਥੇ ਇਹ ਨਵਾਂ ਕਾਨੂੰਨ ਦੁਨੀਆ ਦੀ ਨਜ਼ਰ ਵਿੱਚ ਇੱਕ "ਕਾਨੂੰਨੀ ਜਵਾਬ" ਦਿੰਦਾ ਹੈ, ਪਰ ਅੰਦਰੋ ਅੰਦਰ ਸਾਂਝੀ ਆਜ਼ਾਦੀ ਦੇ ਸਿੱਕੇ ਨੂੰ ਰੌਂਦਦਾ ਹੈ ਕਿਉਂਕਿ ਜਿਸ ਸਮੇਂ ਇਕ ਵਿਦੇਸ਼ੀ ਸਿੱਖ ਉੱਤੇ ਦਬਾਅ ਬਣਦਾ ਹੈ, ਉਸੇ ਵੇਲੇ ਵੋਟਾਂ ਵਾਲੀ ਪੰਜਾਬੀ ਧਾਰਾ ਵੀ ਅੰਦਰੋਂ ਖ਼ਾਮੋਸ਼ ਕਰ ਦਿੱਤੀ ਜਾਂਦੀ ਹੈ। ਕਾਨੂੰਨ ਦੀ ਚੋਪਤੀਆਂ ਅਤੇ ਲੋਕਤੰਤਰ ਦੀ ਅਜ਼ਮਾਇਸ਼ ਦੇ ਚਲਦਿਆਂ ਇਹ ਕਾਨੂੰਨ ਅੱਜ ਸਿੱਖਾਂ ਤੇ ਹੈ, ਕੱਲ੍ਹ ਕਿਸੇ ਹੋਰ ਅਵਾਜ਼ ਤੇ ਹੋਵੇਗਾ। ਇਹ ਜਿਹੜੀ "ਸੁਰੱਖਿਆ" ਦੀ ਓਟ ਹੈ, ਇਹ ਆਪਣੀ ਇਤਿਹਾਸਕ ਅਸੁਰੱਖਿਆ ਨੂੰ ਦੱਸਦੀ ਹੈ ਉਹ ਇਤਿਹਾਸ ਜਿਸ 'ਚ ਅਸਲ ਜ਼ੁਲਮੀਆਂ ਨੂੰ ਕਦੇ ਸਜ਼ਾ ਨਹੀਂ ਮਿਲੀ, ਪਰ ਆਵਾਜ਼ ਉਠਾਉਣ ਵਾਲੇ ਅੱਜ ਵੀ ਲਾਂਛਨ ਅਤੇ ਪਾਬੰਦੀਆਂ ਭੋਗ ਰਹੇ ਹਨ। ਇਹ ਸਿਰਫ਼ ਇਮੀਗ੍ਰੇਸ਼ਨ ਦੀ ਗੱਲ ਨਹੀਂ ਇਹ ਜਿਹਦੀ ਰੂਹ ਇਨਸਾਫ਼ ਤੇ ਜ਼ਮੀਰ ਤੇ ਟਿਕੀ ਹੋਈ ਹੈ, ਉਸ ਨੂੰ ਕਾਨੂੰਨ ਦੀ ਗੰਭੀਰਤਾ ਵਿੱਚ ਕੈਦ ਕਰਨ ਦੀ ਕੋਸ਼ਿਸ਼ ਹੈ।

ਖ਼ਾਲਿਸਤਾਨੀ ਹਮਦਰਦ ਕਹਿ ਕੇ ਜਿਹਨਾਂ ਦੀ ਹਮਦਰਦੀ ਮਨੁੱਖਤਾ, ਇਤਿਹਾਸ ਤੇ ਸੱਚ ਨਾਲ ਹੈ ਉਨ੍ਹਾਂ ਨੂੰ ਕਾਨੂੰਨ ਦੀ ਰਾਹੀਂ ਵਿਦੇਸ਼ੀ, ਵਿਦਰੋਹੀ ਤੇ ਆਖ਼ਿਰਕਾਰੀ ਨਿਗਰਾਨੀ ਦਾ ਹੱਕਦਾਰ ਬਣਾਇਆ ਜਾ ਰਿਹਾ ਹੈ।

**ਸਵਾਲ ਇਹ ਨਹੀਂ ਕਿ ਕਾਨੂੰਨ ਲਾਗੂ ਹੋ ਰਿਹਾ ਹੈ ਜਾਂ ਨਹੀਂ।**

ਸਵਾਲ ਇਹ ਹੈ ਕਿ ਕੀ ਅਸੀਂ ਇਤਿਹਾਸ ਨੂੰ ਕਾਨੂੰਨੀ ਬਹਾਨਿਆਂ ਰਾਹੀਂ ਫਿਰ ਰੋਹੀ ਦੇਣ ਜਾ ਰਹੇ ਹਾਂ ? ਦੱਸਣਯੋਗ ਹੈ ਪਿਛਲੇ ਕੁਝ ਸਾਲਾਂ ਦੌਰਾਨ ਸਮੇਂ-ਸਮੇਂ 'ਤੇ ਕਈ ਵਿਦੇਸ਼ੀ ਸਿੱਖ, ਜੋ ਆਪਣੇ ਬਿਰਧ ਮਾਤਾ-ਪਿਤਾ ਜਾਂ ਪਰਿਵਾਰ ਨੂੰ ਮਿਲਣ ਪੰਜਾਬ ਆਏ ਸਨ, ਉਨ੍ਹਾਂ ਨੂੰ ਭਾਰਤ ਦੇ ਹਵਾਈ ਅੱਡਿਆਂ 'ਤੇ ਹੀ ਰੋਕ ਲਿਆ ਗਿਆ, ਕਿਸੇ ਨੂੰ ਪੁੱਛਗਿੱਛ ਬਾਅਦ ਜ਼ਮਾਨਤ 'ਤੇ ਛੱਡਿਆ ਗਿਆ, ਤਾਂ ਕਈਆਂ ਨੂੰ ਬਿਨਾਂ ਕਿਸੇ ਮਜਬੂਤ ਕਾਰਨ ਦੇ ਮੁੜ ਉਨ੍ਹਾਂ ਦੇ ਮੁਲਕਾਂ ਵੱਲ ਵਾਪਸ ਭੇਜ ਦਿੱਤਾ ਗਿਆ ਜਿਸ ਵਿੱਚ ਬਰਤਾਨੀਆ ਦੇ ਪਹਿਲੇ ਸਿੱਖ ਮੈਂਬਰ ਪਾਰਲੀਮੈਂਟ ਸ ਤਨਮਨਜੀਤ ਸਿੰਘ ਢੇਸੀ ਇਕ ਸਨ ਤੇ ਸਾਬਕਾ ਮੇਅਰ ਸ ਜੋਗਿੰਦਰ ਸਿੰਘ ਬੱਲ ਨਾਲ ਹਵਾਈ ਅੱਡਿਆਂ ਕਈ ਕਈ ਘੰਟੇ ਖੱਜਲ ਖੁਆਰ ਕੀਤਾ ਗਿਆ ਇਹ ਘਟਨਾਵਾਂ ਸਿਰਫ਼ ਕਾਨੂੰਨੀ ਪ੍ਰਕਿਰਿਆ ਨਹੀਂ, ਇੱਕ ਰਣਨੀਤਿਕ ਸੰਦੇਸ਼ ਹਨ ਕਿ ਜਿਹੜੇ ਵੀ ਵਿਦੇਸ਼ੀ ਸਿੱਖ ਇਨਸਾਫ਼, ਇਤਿਹਾਸ ਜਾਂ ਆਤਮ-ਨਿਰਭਰ ਪਹਚਾਨ ਦੀ ਗੱਲ ਕਰਦੇ ਹਨ, ਉਨ੍ਹਾਂ ਲਈ ਭਾਰਤ ਵਿੱਚ ਪਦਾਰਪਣ ਕਰਨਾ ਵੀ ਸੁਰੱਖਿਅਤ ਨਹੀਂ ਰਿਹਾ।

## ਬਚਪਨ

ਉਲਝੇ ਸੁਲਝੇ ਨੇ ਜਦ ਬਚਪਨ ਨੂੰ ਤਾਕੀ ਵਿੱਚੋਂ ਝਾਤ ਮਾਰੀ
ਖਿੜ ਉੱਠੀ ਰੂਹ ਵੇਖ ਹੱਸਦੇ ਖੇਡਦਿਆਂ ਜੋ ਉਮਰ ਗੁਜ਼ਾਰੀ।

ਨਿੱਕੀਆਂ ਨਿੱਕੀਆਂ ਖੇਡਾਂ ਤੇ ਨਿੱਕੇ ਨਿੱਕੇ ਸੀ ਰੰਗ ਤਮਾਸ਼ੇ
ਭੋਲਾ ਬਚਪਨ ਦੌੜਦਾ ਭੱਜਦਾ ਰੌਣਕ ਲਾਉਂਦਾ ਚਾਰੇ ਪਾਸੇ।।

ਨਾ ਕੋਈ ਫਿਕਰ ਹੁੰਦਾ ਸੀ ਨਾ ਹੀ ਕੋਈ ਹੁੰਦਾ ਸੀ ਫਾਕਾ
ਰੂਹ ਸਾਫ ਸੀ ਨਾ ਦਿਲ ਨੂੰ ਕਿਤੇ ਲੱਗ ਜਾਣ ਦਾ ਝਾਕਾ ।

ਅੱਜ ਕਲ ਵਾਂਗ ਨਾ ਮੱਥੇ ਸੀ ਚੜ੍ਹੀ ਤਿਉੜੀ ਰਹਿੰਦੀ
ਜਿੰਦ ਆਜ਼ਾਦ ਪਰਿੰਦਾ ਬਣ ਸੀ ਕਦੇ ਉੱਡਦੀ ਕਦੇ ਬਹਿੰਦੀ।।

ਨਾ ਕਰਮਾਂ ਦਾ ਲੇਖਾ ਸੀ ਖੋਲਦੇ ਨਾ ਧਰਮਾਂ ਦੀ ਬਾਤਾਂ ਬੋਲਦੇ
ਖੱਟੀ ਸਾਂਝਾ ਦੀ ਪਾਕ ਸੀ ਕਰਦੇ ਨਫਾ ਵੇਖ ਨਾ ਘੱਟ ਤੋਲਦੇ ।

ਹਰ ਪਾਸੇ ਰੱਬ ਹੀ ਦਿੱਸਦਾ ਨਾ ਪੋਤੜੇ ਕਿਸੇ ਦੇ ਫੋਲਦੇ
ਜਿਸਮਾਂ ਦੀ ਨਾ ਤਾਂਘ ਹੁੰਦੀ ਸੀ ਨਾ ਇੱਜ਼ਤਾਂ ਸੀ ਰੋਲਦੇ।।

ਵੇਖ ਤਾਕੀ ਵਿੱਚੋ ਵੇਖਦਿਆਂ ਦਿਲ ਨੂੰ ਡੋਲ੍ਹ ਸੀ ਪੈਂਦੇ
ਹੁਣ ਸੋਝੀ ਪਈ ਕਿਉਂ ਉੱਡਣਾ ਪੰਛੀ ਬਚਪਨ ਨੂੰ ਸੀ ਕਹਿੰਦੇ।

**-ਸੁਰਿੰਦਰਪਾਲ ਸਿੰਘ, ਸ੍ਰੀ ਅੰਮ੍ਰਿਤਸਰ ਸਾਹਿਬ**

### ਅਬੂ ਧਾਬੀ ਘਟਨਾ 'ਤੇ ਬ੍ਰਹਮਪੁਰਾ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਅਪੀਲ

# ਸਿੱਖ ਕੱਕਾਰਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਤੁਰੰਤ ਕਾਰਵਾਈ ਦੀ ਮੰਗ

- ਸਿੱਖਾਂ ਦੀ ਧਾਰਮਿਕ ਪਛਾਣ 'ਤੇ ਹਮਲੇ ਬਰਦਾਸ਼ਤ ਨਹੀਂ ਕੀਤੇ ਜਾਣੇ ਚਾਹੀਦੇ : ਬ੍ਰਹਮਪੁਰਾ
- ਸ੍ਰ. ਬ੍ਰਹਮਪੁਰਾ ਨੇ ਜ਼ੋਰ ਦਿੱਤਾ ਕਿ ਦਸਤਾਰ ਅਤੇ ਪੰਜ ਕੱਕਾਰ ਸਿੱਖ ਦੀ ਆਨ ਤੇ ਸ਼ਾਨ ਹਨ। ਵਿਦੇਸ਼ਾਂ ਵਿੱਚ ਅਜਿਹੀਆਂ ਘਟਨਾਵਾਂ ਦਾ ਮੁੜ ਵਾਪਰਨਾ ....



**ਤਰਨ ਤਾਰਨ, 4 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ, ਹਲਕਾ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ ਅਤੇ ਪੰਜਾਬ ਰੂਰਲ ਡਿਵੈਲਪਮੈਂਟ ਸੁਸਾਇਟੀ ਦੇ ਚੇਅਰਮੈਨ, ਰਵਿੰਦਰ ਸਿੰਘ ਬ੍ਰਹਮਪੁਰਾ ਨੇ ਅੱਜ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਇੱਕ ਰਸਮੀ ਪੱਤਰ ਲਿਖ ਕੇ ਅਬੂ ਧਾਬੀ (ਯੂ.ਏ.ਈ.) ਵਿਖੇ ਇੱਕ ਅੰਮ੍ਰਿਤਧਾਰੀ ਸਿੱਖ, ਸ੍ਰ. ਦਲਵਿੰਦਰ ਸਿੰਘ, ਨਾਲ ਹੋਏ ਦੁਰਵਿਵਹਾਰ ਅਤੇ ਸਿੱਖ ਕੱਕਾਰਾਂ ਦੀ ਘੋਰ ਬੇਅਦਬੀ ਦੀ ਘਟਨਾ ਦਾ ਸਖ਼ਤ ਨੋਟਿਸ ਲੈਣ ਅਤੇ ਇਸ ਮਾਮਲੇ ਵਿੱਚ ਤੁਰੰਤ ਦਖ਼ਲ ਦੇਣ ਦੀ ਪੁਰਜ਼ੋਰ ਅਪੀਲ ਕੀਤੀ ਹੈ। ਇਸ ਸਬੰਧੀ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਸ੍ਰ. ਬ੍ਰਹਮਪੁਰਾ ਨੇ ਕਿਹਾ, "ਅਬੂ ਧਾਬੀ ਵਿੱਚ ਸ੍ਰ. ਦਲਵਿੰਦਰ ਸਿੰਘ ਨਾਲ ਵਾਪਰੀ ਘਟਨਾ, ਜਿਸ ਵਿੱਚ ਉਨ੍ਹਾਂ ਨੂੰ ਸ੍ਰੀ ਸਾਹਿਬ ਕਾਰਨ ਗ੍ਰਿਫ਼ਤਾਰ ਕਰਕੇ, ਦਸਤਾਰ ਅਤੇ ਕੱਕਾਰ ਉਤਰਵਾ ਕੇ ਅਣਮਨੁੱਖੀ ਸਲੂਕ ਕੀਤਾ ਗਿਆ, ਅਤਿ ਨਿੰਦਣਯੋਗ ਹੈ। ਇਸਨੇ ਸਿੱਖ ਹਿਰਦਿਆਂ ਨੂੰ ਡੂੰਘੀ ਠੇਸ ਪਹੁੰਚਾਈ ਹੈ ਅਤੇ ਇਹ ਸਿੱਖਾਂ ਦੀ ਧਾਰਮਿਕ ਆਜ਼ਾਦੀ 'ਤੇ ਸਿੱਧਾ ਹਮਲਾ ਹੈ। ਉਨ੍ਹਾਂ ਦੱਸਿਆ ਕਿ ਪੀੜਤ ਸਿੱਖ ਨੂੰ ਲਗਭਗ 20 ਦਿਨ ਅਣਮਨੁੱਖੀ ਹਾਲਾਤਾਂ ਵਿੱਚ ਨਜ਼ਰਬੰਦ ਰੱਖਿਆ ਗਿਆ, ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਗਿਆ ਅਤੇ ਬਿਨਾਂ ਦਸਤਾਰ ਦੇ ਭਾਰਤ ਵਾਪਸ ਭੇਜਿਆ ਗਿਆ, ਜੋ ਅਸਹਿ ਅਪਮਾਨ ਹੈ। ਅਜਿਹਾ ਕਿਉਂ ਹੋਇਆ, ਇਸਦੀ ਤਹਿ ਤੱਕ ਜਾਣਾ ਅਤੇ ਕਾਰਨਾਂ ਨੂੰ ਜਾਨਣਾ ਬੇਹੱਦ ਜ਼ਰੂਰੀ ਹੈ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ। ਸ੍ਰ. ਬ੍ਰਹਮਪੁਰਾ ਨੇ ਜ਼ੋਰ ਦਿੱਤਾ ਕਿ ਦਸਤਾਰ ਅਤੇ ਪੰਜ ਕੱਕਾਰ ਸਿੱਖ ਦੀ ਆਨ ਤੇ ਸ਼ਾਨ ਹਨ। ਵਿਦੇਸ਼ਾਂ ਵਿੱਚ ਅਜਿਹੀਆਂ ਘਟਨਾਵਾਂ ਦਾ ਮੁੜ ਵਾਪਰਨਾ ਅਤਿ ਚਿੰਤਾਜਨਕ ਹੈ ਅਤੇ ਸਿੱਖ ਕੱਕਾਰਾਂ ਦੀ ਮਹੱਤਤਾ ਤੇ ਸਤਿਕਾਰ ਨੂੰ ਵਿਸ਼ਵ ਭਰ ਵਿੱਚ ਯਕੀਨੀ ਬਣਾਉਣ ਲਈ ਪੰਥਕ ਪੱਧਰ 'ਤੇ ਠੋਸ ਕਦਮ ਚੁੱਕਣ ਦੀ ਫੌਰੀ ਲੋੜ ਹੈ। ਆਪਣੇ ਪੱਤਰ ਵਿੱਚ ਸ੍ਰ. ਬ੍ਰਹਮਪੁਰਾ ਨੇ ਸਿੰਘ ਸਾਹਿਬ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਜੀ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਇਸ ਘਟਨਾ ਦੀ ਸਖ਼ਤ ਨਿਖੇਧੀ ਕਰਦਿਆਂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਹੋਰ ਪ੍ਰਮੁੱਖ ਸਿੱਖ ਸੰਸਥਾਵਾਂ ਨੂੰ ਇਹ ਮਾਮਲਾ ਭਾਰਤ ਤੇ ਯੂ.ਏ.ਈ. ਸਰਕਾਰਾਂ ਕੋਲ ਉਠਾ ਕੇ ਭਵਿੱਖੀ ਰੋਕਥਾਮ ਲਈ ਠੋਸ ਕਦਮ ਚੁੱਕਣ ਦਾ ਆਦੇਸ਼ ਦੇਵੇ। ਉਨ੍ਹਾਂ ਭਾਰਤ ਸਰਕਾਰ ਤੋਂ ਵਿਦੇਸ਼ਾਂ ਵਿੱਚ ਸਿੱਖਾਂ ਦੇ ਧਾਰਮਿਕ ਹੱਕਾਂ ਤੇ ਕੱਕਾਰਾਂ ਦੀ ਸੁਰੱਖਿਆ ਲਈ ਸਥਾਈ ਕੂਟਨੀਤਕ ਨੀਤੀ ਬਣਾਉਣ ਦੀ ਮੰਗ ਕੀਤੀ ਹੈ। ਨਾਲ ਹੀ, ਪੰਥਕ ਜਥੇਬੰਦੀਆਂ ਨੂੰ ਕੱਕਾਰਾਂ ਦੀ ਮਹੱਤਤਾ ਤੇ ਸਤਿਕਾਰ ਨੂੰ ਵਿਸ਼ਵ ਪੱਧਰ 'ਤੇ ਦ੍ਰਿੜ ਕਰਵਾਉਣ ਲਈ ਯੋਜਨਾਬੱਧ ਕਾਰਜ ਕਰਨ ਅਤੇ ਪੀੜਤ ਸ੍ਰ. ਦਲਵਿੰਦਰ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਨੂੰ ਪੰਥ ਵੱਲੋਂ ਹਰ ਸੰਭਵ ਸਹਾਇਤਾ ਦੇਣ ਦੀ ਵੀ ਬੇਨਤੀ ਕੀਤੀ। ਸ੍ਰ. ਬ੍ਰਹਮਪੁਰਾ ਨੇ ਆਸ ਪ੍ਰਗਟਾਈ ਕਿ ਸਿੱਖ ਪੰਥ ਦੀ ਸਰਵਉੱਚ ਸੰਸਥਾ, ਸ੍ਰੀ ਅਕਾਲ ਤਖ਼ਤ ਸਾਹਿਬ, ਇਸ ਗੰਭੀਰ ਮਸਲੇ 'ਤੇ ਤੁਰੰਤ ਕਾਰਵਾਈ ਕਰਕੇ ਪੰਥ ਦੀ ਅਗਵਾਈ ਕਰੇਗਾ ਤਾਂ ਜੋ ਵਿਸ਼ਵ ਭਰ ਵਿੱਚ ਸਿੱਖਾਂ ਦੇ ਧਾਰਮਿਕ ਚਿੰਨ੍ਹਾਂ ਦਾ ਸਤਿਕਾਰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇਸ ਮੁੱਦੇ 'ਤੇ ਆਵਾਜ਼ ਬੁਲੰਦ ਕਰਦਾ ਰਹੇਗਾ।

## ਬਾਬਾ ਸਾਹਿਬ ਜੀ ਦੇ ਸਟੈਚੂਆਂ ਨੂੰ ਨੁਕਸਾਨ ਪਹੁੰਚਾਉਣ ਵਾਲੇ ਸ਼ਰਾਰਤੀ ਅਨਸਰਾਂ ਨੂੰ ਚੁਰਾਹੇ ਵਿੱਚ ਖੜੇ ਕਰਕੇ ਗੋਲੀ ਮਾਰ ਦੇਣੀ ਚਾਹੀਦੀ ਹੈ : ਬੀਰਪਾਲ, ਸ਼ਤੀਸ, ਬੰਟੀ



**ਹੁਸ਼ਿਆਰਪੁਰ, 4 ਜੂਨ (ਆਵਾਜ਼ਿ ਕੌਮ ਬਿਊਰੋ)**- ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੀ ਇੱਕ ਹੰਗਾਮੀ ਮੀਟਿੰਗ ਫੋਰਸ ਦੇ ਸਬ ਦਫਤਰ ਪੁਰਾਣੀ ਬਸੀ ਨੇੜੇ ਸੂਦ ਫਾਰਮ ਵਿਖੇ ਫੋਰਸ ਦੇ ਜਾਬਾਜ਼ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ ਦੀ ਪ੍ਰਧਾਨਗੀ ਹੇਠ ਮੀਟਿੰਗ ਵਿੱਚ ਫੋਰਸ ਦੇ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਸ਼ਤੀਸ ਕੁਮਾਰ ਸ਼ੇਰਗੜ੍ਹ ਅਤੇ ਬਲਾਕ ਹਰਿਆਣਾ ਭੂੰਗਾ ਦੇ ਪ੍ਰਧਾਨ ਅਨਿਲ ਕੁਮਾਰ ਬੰਟੀ ਨੇ ਵਿਸ਼ੇਸ ਤੌਰ ਤੇ ਸਿਰਕਤ ਕੀਤੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਫੋਰਸ ਦੇ ਆਗੂਆਂ ਨੇ ਕਿਹਾ ਫਿਲੌਰ ਦੇ ਲਾਗੇ ਪਿੰਡ ਨੰਗਲ ਵਿਖੇ ਸਥਾਪਿਤ ਭਾਰਤੀ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਸਟੈਂਚੂ ਨੂੰ ਦੂਜੀ ਵਾਰ ਨਿਸ਼ਾਨਾ ਬਣਾ ਕੇ ਉਸ 'ਤੇ ਕਾਲੇ ਰੰਗ ਦੀ ਸਪਰੇਅ ਮਾਰਨ ਦੀ ਘਟਨਾ ਨੇ ਐਸਸੀ ਸਮਾਜ ਦੇ ਹਿਰਦਿਆਂ ਨੂੰ ਵਲੂੰਧਰ ਕੇ ਰੱਖ ਦਿੱਤਾ ਹੈ। ਉਹਨਾ ਕਿਹਾ ਕਿ ਇਸ ਘਟਨਾ ਨਾਲ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਐਸਸੀ ਸਮਾਜ ਦੇ ਮਸੀਹਾ ਡਾ. ਅੰਬੇਡਕਰ ਜੀ ਦਾ ਨਿਰਾਦਰ ਹੋਇਆ ਹੈ। ਉਹਨਾਂ ਵਿੱਚ ਕਿਹਾ ਕਿ ਬਾਬਾ ਸਾਹਿਬ ਭੀਮ ਰਾਉ ਅੰਬੇਡਕਰ ਜੀ ਦੇ ਸਟੈਚੂਆਂ ਨੂੰ ਨੁਕਸਾਨ ਪਹੁੰਚਾਉਣ ਵਾਲੇ ਸ਼ਰਾਰਤੀ ਅੰਨਸਰਾਂ ਨੂੰ ਚੁਰਾਹੇ ਵਿੱਚ ਖੜਿਆਂ ਕਰਕੇ ਗੋਲੀ ਮਾਰ ਦੇਣੀ ਚਾਹੀਦੀ ਹੈ ਤਾਂ ਕਿ ਅੱਗੇ ਤੋ ਇਹੋ ਜਿਹੀ ਘਨਾਉਣੀ ਹਰਕਤ ਕਰਨ ਵਾਲੇ ਸੌ ਵਾਰੀ ਸੋਚਣ ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਨਦੀਪ,ਕਮਲਜੀਤ ਡਾਡਾ , ਸਤੀਸ਼ ਕੁਮਾਰ ਬਸੀ ਬਾਹਦ, ਡਾਕਟਰ ਨਿਤਿਨ ਸੈਣੀ,ਡਾ. ਸੋਨੂੰ,ਰਾਜਾ, ਪਵਨ ਕੁਮਾਰ,ਕਮਲੇਸ਼, ਵਿਜੇ ਕੁਮਾਰ,ਵਿਸ਼ਾਲ, ਨੋਨੀ,ਆਕਾਸ਼,ਲੱਕੀ ਆਦਿ ਹਾਜ਼ਰ ਸਨ !

## ਪੰਥ ਪ੍ਰਸਿੱਧ ਕਥਾਵਾਚਕ ਗਿਆਨੀ ਪਿੰਦਰਪਾਲ ਸਿੰਘ ਦਾ ਸਰਪੰਚ ਸੁਖਜਿੰਦਰ ਸਿੰਘ ਦੇ ਗ੍ਰਹਿ ਆਸਟ੍ਰੇਲੀਆ ਵਿਖੇ ਸਨਮਾਨ

**ਆਸਟਰੇਲੀਆ, 4 ਜੂਨ (ਆਵਾਜ਼ਿ ਕੌਮ ਬਿਊਰੋ)**-ਸਿੱਖ ਪੰਥ ਦੇ ਮਹਾਨ ਕਥਾਵਾਚਕ ਵਿਦਵਾਨ ਗਿਆਨੀ ਪਿੰਦਰਪਾਲ ਸਿੰਘ ਜੀ ਇੰਨੀ ਦਿਨੀ ਆਸਟਰੇਲੀਆ ਦੇ ਦੌਰੇ ਤੇ ਧਰਮ ਪ੍ਰਚਾਰ ਤੇ ਆਏ ਹੋਏ ਹਨ ਜਿਨਾਂ ਦੇ ਵੱਖ ਵੱਖ ਗੁਰੂ ਘਰਾਂ ਵਿੱਚ ਗੁਰਮਤ ਸਮਾਗਮ ਹੋ ਰਹੇ ਹਨ ਇਸੇ ਲੜੀ ਤਹਿਤ ਭਾਈ ਸਾਹਿਬ ਜੀ ਜੀਲੋਂਗ ਵਿਖੇ ਸਰਪੰਚ ਸੁਖਜਿੰਦਰ ਸਿੰਘ ਜੀ ਦੇ ਗ੍ਰਹਿ ਪਹੁੰਚੇ ਜਿੱਥੇ ਪਹੁੰਚਣ ਤੇ ਉਹਨਾਂ ਦਾ ਭਰਵਾਂ ਸਵਾਗਤ ਕੀਤਾ ਗਿਆ !ਇਸ ਮੌਕੇ ਖਾਲਸਾ ਕਾਲਜ ਜੀਲੋਂਗ ਦੇ ਪ੍ਰਬੰਧਕਾਂ ਵੱਲੋਂ ਵੀ ਗਿਆਨੀ ਜੀ ਦਾ ਸਨਮਾਨ ਕੀਤਾ ਗਿਆ! ਇਸ ਮੌਕੇ ਸਰਪੰਚ ਸੁਖਜਿੰਦਰ ਸਿੰਘ ਨੇ ਕਿਹਾ ਕਿ ਸਿੱਖ ਪੰਥ ਦੇ ਵਿਦਵਾਨ ਕਥਾਵਾਚਕ ਕੌਮ ਦੀ ਰੀੜ ਦੀ ਹੱਡੀ ਹਨ ਸਾਨੂੰ ਇਹਨਾਂ ਦਾ ਇਸੇ ਤਰ੍ਹਾਂ ਵੱਧ ਚੜ ਕੇ ਮਾਨ ਸਨਮਾਨ ਕਰਨਾ ਚਾਹੀਦਾ ਹੈ। ਇਸ ਮੌਕੇ ਭਾਈ ਸਾਹਿਬ ਦੇ ਨਾਲ ਸਿੱਖ ਪੰਥ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਅਤੇ ਸੁਪਰੀਮ ਸਿੱਖ ਸੇਵਾ ਸੋਸਾਇਟੀ ਮਿਊਜ਼ੀਲੈਂਡ ਦੇ ਮੁੱਖ ਸੇਵਾਦਾਰ ਦਲਜੀਤ ਸਿੰਘ ਨਿਊਜ਼ੀਲੈਂਡ ਵੀ ਹਾਜਰ ਸਨ ! ਸਨਮਾਨ ਕਰਨ ਮੌਕੇ ਸੰਗਤਾਂ ਵਿੱਚ ਬਹੁਤ ਉਤਸ਼ਾਹ ਪਾਇਆ ਗਿਆ ਗਿਆਨੀ ਪਿੰਦਰਪਾਲ ਸਿੰਘ ਜੀ ਨੇ ਜੀਲੋਂਗ ਦੀਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ।




## ਪਿੰਡ ਬੁੱਲੋਵਾਲ ਨਿਵਾਸੀਸਟਾਰ ਕੱਪਲ ਬਲੱਡ ਡੋਨਰ ਵੱਲੋਂ 33ਵੀਂ ਵਾਰ ਇਕੱਠਿਆਂ ਖ਼ੂਨਦਾਨ



**ਹੁਸ਼ਿਆਰਪੁਰ, 4 ਜੂਨ (ਆਵਾਜ਼ਿ ਕੌਮ ਬਿਊਰੋ)**- ਹੁਸ਼ਿਆਰਪੁਰ ਜਿਲ੍ਹੇ ਵਿੱਚ ਦੇ ਪਿੰਡ ਬੁੱਲੋਵਾਲ ਨਿਵਾਸੀ ਸਟਾਰ ਕੱਪਲ ਬਲੱਡ ਡੋਨਰ ਬਹਾਦਰ ਸਿੰਘ ਸਿੱਧੂ ਅਤੇ ਜਤਿੰਦਰ ਕੌਰ ਸਿੱਧੂ ਨੇ ਅੱਜ ਬਲੱਡ ਬੈਂਕ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਪਹੁੰਚ ਕੇ 33ਵੀਂ ਵਾਰ ਇਕੱਠਿਆਂ ਖਨਦਾਨ ਕਰਕੇ ਇੱਕ ਮਿਸਾਲ ਪੇਸ਼ ਕੀਤੀ। ਇਹ ਜੋੜਾ ਹਰ ਚਾਰ ਮਹੀਨੇ ਬਾਅਦ ਲਗਾਤਾਰ ਖਨਦਾਨ ਕਰਦਾ ਹੈ। ਨਿੱਜੀ ਤੌਰ ਤੇ ਬਹਾਦਰ ਸਿੰਘ ਸਿੱਧੂ ਨੇ ਅੱਜ 68ਵੀ ਅਤੇ ਜਤਿੰਦਰ ਕੌਰ ਸਿੱਧੂ ਨੇ 33ਵੀ ਵਾਰ ਖ਼ੂਨਦਾਨ ਕੀਤਾ ਹੈ। ਜਿਕਰਯੋਗ ਹੈ ਕਿ ਦੋਨੋਂ ਪਤੀ-ਪਤਨੀ ਸਟੇਟ ਅਵਾਰਡੀ ਹਨ ਅਤੇ ਸਮਾਜ ਭਲਾਈ ਦੇ ਕਾਰਜਾਂ ਵਿੱਚ ਵੱਧ-ਚੜ ਕੇ ਹਿੱਸਾ ਲੈਂਦੇ ਹਨ। ਇਸ ਸਮੇਂ ਸੀਨੀਅਰ ਲੈਬ ਟੈਕਨੀਸ਼ੀਅਨ ਹਰਜੀਤ ਸਿੰਘ, ਲੈਬ ਟੈਕਨੀਸ਼ੀਅਨ ਸੰਦੀਪ ਸਿੰਘ ਅਤੇ ਮੈਡਮ ਕਮਲਪ੍ਰੀਤ ਕੌਰ ਨੇ ਸਿੱਧੂ ਜੋੜੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨੌਜਵਾਨ ਵਰਗ ਨੂੰ ਵੀ ਸਿੱਧੂ ਜੋੜੇ ਤੋ ਪ੍ਰੇਰਣਾ ਲੈਂਦੇ ਹੋਏ ਖ਼ੂਨਦਾਨ ਮੁਹਿੰਮ ਵਿੱਚ ਵੱਧ-ਚੜ ਕੇ ਹਿੱਸਾ ਲੈਣਾ ਚਾਹੀਦਾ ਹੈ।